ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 28 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੧੫ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮੀਤ ਬਾਊਂਸਰ ਦੇ ਕਤਲ ਦਾ ਬਦਲਾ ਲੈਣ ਦੀ ਤਿਆਰੀ 'ਚ ਖ਼ਤਰਨਾਕ ਗੈਂਗਸਟਰ ਗ੍ਰਿਫ਼ਤਾਰ

**ਪਟਿਆਲਾ, 27 ਮਈ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ



ਪੁਲਸ ਨੇ ਰਾਜਪੁਰਾ ਤੋਂ ਲਾਰੈਂਸ ਬਿਸ਼ਨੋਈ ਗੈਂਗ ਦੇ 2 ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਕੀਤੇ ਗਏ ਗੈਂਗਸਟਰਾਂ ਦੀ ਪਛਾਣ ਹਰਜਿੰਦਰ ਸਿੰਘ ਉਰਫ ਲਾਡੀ ਅਤੇ ਸੁਬੀਰ ਸਿੰਘ ਉਰਫ ਸੂਬੀ ਦੇ ਰੂਪ ਵਿਚ ਹੋਈ ਹੈ। ਪੁਲਸ ਮੁਤਾਬਕ ਗੈਂਗਸਟਰਾਂ ਦੀ ਗ੍ਰਿਫ਼ਤਾਰੀ ਨਾਲ ਦੋ ਵਾਰਦਾਤਾਂ ਨੂੰ ਰੋਕਿਆ ਗਿਆ ਹੈ। ਲਾਡੀ 2017 ਵਿਚ ਪੰਚਕੂਲਾ ਵਿਚ ਮੀਤ ਬਾਊਂਸਰ ਦੇ ਕਤਲ ਵਿਚ ਸ਼ਾਮਲ ਸ਼ੂਟਰਾਂ ਵਿਚੋਂ ਇੱਕ ਸੀ ਅਤੇ ਸਤੰਬਰ 2020 ਤੋਂ ਜ਼ਮਾਨਤ 'ਤੇ ਚੱਲ ਰਿਹਾ ਸੀ। ਗ੍ਰਿਫਤਾਰ ਕੀਤੇ ਗਏ ਕਾਰਕੁਨਾਂ ਨੂੰ ਵਿਦੇਸ਼ੀ ਮੂਲ ਦੇ ਗੈਂਗਸਟਰ ਗੋਲਡੀ ਢਿੱਲੋਂ ਵੱਲੋਂ ਆਪਰੇਟ ਕੀਤਾ ਜਾ ਰਿਹਾ ਸੀ ਜੋ ਕਿ ਫਰਾਰ ਅੱਤਵਾਦੀ ਗੋਲਡੀ ਬਰਾੜ ਦਾ ਸਾਥੀ ਹੈ, ਗੋਲਡੀ ਢਿੱਲੋਂ ਜਨਵਰੀ 2024 ਵਿਚ ਚੰਡੀਗੜ੍ਹ ਦੇ ਸੈਕਟਰ 5 ਵਿਚ ਹੋਈ ਗੋਲੀਬਾਰੀ ਦੀ ਵਾਰਦਾਤ ਵਿਚ ਸ਼ਾਮਲ ਸੀ। ਦੱਸਿਆ ਜਾ ਰਿਹਾ ਹੈ ਕਿ ਇਨ੍ਹਾਂ ਦੋਵਾਂ ਗੈਂਗਸਟਰਾਂ ਨੂੰ ਵਿਰੋਧੀ ਗੈਂਗ ਵਲੋਂ ਬੀਤੇ ਦਿਨੀਂ ਖਰੜ ਵਿਖੇ ਉਨ੍ਹਾਂ ਦੇ ਗੈਂਗ ਮੈਂਬਰ ਕੀਤੇ ਕਤਲ ਦੇ ਬਦਲੇ ਵਜੋਂ ਦੋ ਟਾਰਗੇਟ ਕਿਲਿੰਗ ਕਰਨ ਲਈ ਦਿੱਤੇ ਗਏ ਸਨ। ਗੈਂਗਸਟਰਾਂ ਕੋਲੋਂ 3 ਪਿਸਤੌਲਾਂ ਸਮੇਤ 15 ਜਿੰਦਾ ਕਾਰਤੂਸ ਅਤੇ ਇਕ ਕਾਰ ਬਰਾਮਦ ਕੀਤੀ ਗਈ ਹੈ।

## ਅਮਿਤ ਸ਼ਾਹ ਜੀ, ਪੰਜਾਬੀਆਂ ਨੂੰ ਧਮਕੀ ਨਾ ਦਿਓ ਨਹੀਂ ਤਾਂ

# ਪੰਜਾਬ 'ਚ ਵੜਨ ਨਹੀਂ ਦੇਣਗੇ ਪੰਜਾਬੀ-ਕੇਜਰੀਵਾਲ

**ਲੁਧਿਆਣਾ, 27 ਮਈ (ਆਵਾਜ਼ਿ ਕੌਮ ਬਿਊਰੋ)**-ਅਮਿਤ ਸ਼ਾਹ ਵੱਲੋਂ ਬੀਤੇ ਕੱਲ ਲੁਧਿਆਣਾ ਵਿੱਚ ਚੋਣ ਰੈਲੀ ਦੌਰਾਨ ਦਿੱਤੇ ਗਏ ਭਾਸ਼ਣ ਤੋਂ ਬਾਅਦ ਸਿਆਸੀ ਹਲਕਿਆਂ ਵਿੱਚ ਚਰਚਾ ਸ਼ੁਰੂ ਹੋ ਗਈ ਹੈ। ਇਸ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਸੀ ਕਿ ਪੰਜਾਬ ਵਿੱਚ 'ਆਪ' ਸਰਕਾਰ ਲੰਮੀ ਚੱਲਣ ਵਾਲੀ ਨਹੀਂ। ਇਸ ਤੋਂ ਬਾਅਦ



ਅਰਵਿੰਦ ਕੇਜਰੀਵਾਲ ਨੇ ਅਮਿਤ ਸ਼ਾਹ ਦੇ ਬਿਆਨ ਉੱਤੇ ਤਿੱਖੀ ਪ੍ਰਤੀਕਿਰਿਆ ਜ਼ਾਹਰ ਕੀਤੀ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਅਮਿਤ ਸ਼ਾਹ ਨੇ ਕੱਲ ਕਿਹਾ ਕਿ ਉਹ 4 ਜੂਨ ਤੋਂ ਬਾਅਦ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਡੇਗ ਦੇਣਗੇ, ਭਗਵੰਤ ਮਾਨ ਇਸ ਮਗਰੋਂ ਮੁੱਖ ਮੰਤਰੀ ਨਹੀਂ ਰਹਿਣਗੇ। ਕੇਜਰੀਵਾਲ ਨੇ ਕਿਹਾ, "ਮੈਂ ਉਨ੍ਹਾਂ ਨੂੰ ਕਹਿਣਾ ਚਾਹੁੰਦਾ ਹਾਂ ਪੰਜਾਬੀ ਦਿਲ ਦੇ ਬਹੁਤ ਵੱਡੇ ਹੁੰਦੇ ਹਨ, ਪਿਆਰ ਨਾਲ ਮੰਗ ਲੈਂਦੇ ਤੁਹਾਨੂੰ 1-2 ਸੀਟਾਂ ਦੇ ਦਿੰਦੇ, ਧਮਕੀ ਨਾ ਦਿਓ ਜ਼ਿਕਰ ਕਰ ਦਈਏ ਕਿ ਬੀਤੇ ਦਿਨੀਂ ਅਮਿਤ ਸ਼ਾਹ ਨੇ ਲੁਧਿਆਣਾ ਵਿੱਚ ਰਵਨੀਤ ਸਿੰਘ ਬਿੱਟੂ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਸੀ। ਜਿੱਥੇ ਉਨ੍ਹਾਂ ਕਿਹਾ ਕਿ 4 ਤਾਰੀਖ਼ ਨੂੰ 400 ਤੋਂ ਜ਼ਿਆਦਾ ਸੀਟਾਂ ਨਾਲ ਭਾਜਪਾ ਦੀ ਸਰਕਾਰ ਬਣਨ ਵਾਲੀ ਹੈ। ਬਿੱਟੂ ਮੇਰਾ 5 ਸਾਲਾਂ ਤੋਂ ਦੋਸਤ ਬਣਿਆ ਹੈ। ਜਦੋਂ ਇਹ ਕਾਂਗਰਸ 'ਚ ਸਨ, ਉਦੋਂ ਵੀ ਮੈਂ ਜਨਤਕ ਤੌਰ 'ਤੇ ਕਿਹਾ ਸੀ ਕਿ ਰਵਨੀਤ ਮੇਰਾ ਦੋਸਤ ਹੈ। ਜਿਨ੍ਹਾਂ ਨੇ ਵੀ ਇਨ੍ਹਾਂ ਦੇ ਦਾਦੇ ਦਾ ਕਤਲ ਕੀਤਾ ਹੈ, ਉਨ੍ਹਾਂ ਨੂੰ ਅਸੀਂ ਮੁਆਫ਼ ਨਹੀਂ ਕਰ ਸਕਦੇ। ਸ਼ਾਹ ਨੇ ਕਿਹਾ,"ਮੈਂ ਅਪੀਲ ਕਰਨ ਆਇਆ ਹਾਂ ਕਿ ਲੁਧਿਆਣਾ ਤੋਂ ਸੰਸਦ ਭੇਜੋ, ਇਸ ਨੂੰ ਵੱਡਾ ਬਣਾਉਣ ਦਾ ਕੰਮ ਮੈਂ ਕਰਾਂਗਾ। ਇਕ ਜੂਨ ਨੂੰ ਕੇਜਰੀਵਾਲ ਨੂੰ ਜੇਲ੍ਹ ਜਾਣਾ ਹੈ ਅਤੇ 6 ਜੂਨ ਨੂੰ ਰਾਹੁਲ ਬਾਬਾ ਛੁੱਟੀ 'ਤੇ ਬੈਂਕਾਕ ਜਾ ਰਹੇ ਹਨ।

## ਪੰਥਕ ਸਫ਼ਿਆਂ 'ਚ ਪਛੜੀ ਅਕਾਲੀ ਦਲ ! ਮਨਜੀਤ ਸਿੰਘ ਨੇ ਅਕਾਲੀ ਦਲ ਛੱਡ ਅੰਮ੍ਰਿਤਪਾਲ ਦੀ ਹਮਾਇਤ ਦਾ ਕੀਤਾ ਐਲਾਨ

**ਚੰਡੀਗੜ੍ਹ, 27 ਮਈ (ਆਵਾਜ਼ਿ ਕੌਮ ਬਿਊਰੋ)**-ਪੰਥਕ ਪਾਰਟੀ ਦਾ ਦਾਅਵਾ ਕਰਨ ਵਾਲੀ ਸ਼੍ਰੋਮਣੀ ਅਕਾਲੀ ਦਲ ਨੂੰ ਲਗਾਤਾਰ



ਝਟਕੇ ਲੱਗ ਰਹੇ ਹਨ। ਪਾਰਟੀ ਨੂੰ ਨਵਾਂ ਝਟਕਾ ਸ਼੍ਰੋਮਣੀ ਗੁਰਦੁਆਰ ਪ੍ਰਬੰਧਕ ਕਮੇਟੀ ਦੇ ਮੈਂਬਰ ਮਨਜੀਤ ਸਿੰਘ ਨੇ ਦਿੱਤਾ ਹੈ। ਮਨਜੀਤ ਸਿੰਘ ਨੇ ਪਾਰਟੀ ਛੱਡਣ ਸਾਰ ਕਿਹਾ ਕਿ ਉਹ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਅੰਮ੍ਰਿਤਪਾਲ ਸਿੰਘ ਦਾ ਸਾਥ ਦੇਣਗੇ। ਮਨਜੀਤ ਸਿੰਘ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਮੇਰਾ ਬਾਦਲ ਪਰਿਵਾਰ ਤੋਂ ਅਸਤੀਫ਼ਾ। ਭਾਈ ਅਮ੍ਰਿਤਪਾਲ ਸਿੰਘ, ਭਾਈ ਸਰਬਜੀਤ ਸਿੰਘ ਅਤੇ ਭਾਈ ਜਸਕਰਨ ਸਿੰਘ ਕਾਹਨਸਿੰਘਵਾਲਾ ਦੀ ਹਿਮਾਇਤ ਦਾ ਐਲਾਨ, ਹਾਲਾਂਕਿ ਉਨ੍ਹਾਂ ਸਪਸ਼ਟ ਕੀਤਾ ਹੈ ਕਿ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬਣੇ ਰਹਿਣਗੇ ਪਰ ਅਦਾਲੀ ਦਲ ਤੋਂ ਅਸਤੀਫ਼ਾ ਦੇ ਰਹੇ ਹਨ। ਮਨਜੀਤ ਸਿੰਘ ਨੇ ਵੀਡੀਓ ਸਾਂਝੀ ਕਰਦਿਆਂ ਕਿਹਾ, ਸ਼੍ਰੋਮਣੀ ਅਕਾਲੀ ਦਲ ਸ਼ਹੀਦਾਂ ਦੀ ਪਾਰਟੀ ਹੈ, ਪਰ ਹੁਣ ਅਕਾਲੀ ਦਲ ਖਾਲੀ ਦਲ ਬਣ ਕੇ ਰਹਿ ਗਿਆ ਹੈ, ਅਕਾਲੀ ਦਲ ਵਿੱਚੋਂ ਅਸਲੀ ਰੂਹ ਖ਼ਤਮ ਹੋ ਗਈ ਹੈ ਹੁਣ ਤਾਂ ਸਿਰਫ਼ ਦਿਖਾਵਾ ਰਹਿ ਗਿਆ, ਹੁਣ ਝੋਲੀ ਝੁੱਕ ਲੋਕਾਂ ਨੇ ਪਰਿਵਾਰ ਦੇ ਦੁਆਲੇ ਘੇਰਾ ਘੱਤ ਕੇ ਬੈਠ ਗਏ। ਜਿਹੜਾ ਵੀ ਸੱਚ ਬੋਲਦਾ ਉਸ ਨੂੰ ਪਾਰਟੀ ਤੋਂ ਬਾਹਰ ਦਾ ਰਾਹ ਦਿਖਾਇਆ ਜਾਂਦਾ ਹੈ। ਵਿਧਾਨ ਸਭਾ ਚੋਣਾਂ ਹਾਰਨ ਤੋਂ ਬਾਅਦ ਮੈਂ ਤੇ ਪੰਥਕ ਸੋਚ ਰੱਖਣ ਵਾਲੇ ਲੀਡਰਾਂ ਨੇ ਕਿਹਾ ਸੀ ਕਿ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿੱਪ ਬਦਲਣੀ ਚਾਹੀਦੀ ਹੈ, ਉਸ ਤੋਂ ਬਾਅਦ ਉਹ ਪੰਥਕ ਸੋਚ ਰੱਖਣ ਵਾਲੇ ਲੀਡਰਾਂ ਨਾਲ ਖਾਰ ਖਾਣ ਲੱਗ ਗਏ। ਸ਼੍ਰੋਮਣੀ ਅਕਾਲੀ ਦਲ ਨੂੰ ਅੱਜ ਨਾਂ ਤਾਂ ਕਿਸੇ ਪੰਥਕ ਚਿਹਰੇ ਦੀ ਲੋੜ ਰਹਿ ਗਈ ਤੇ ਨਹੀਂ ਹੀ ਕਿਸੇ ਸ਼ਹੀਦੀ ਵਾਲੇ ਪਰਿਵਾਰ ਦੀ ਲੋੜ ਰਹਿ ਗਈ, ਹੁਣ ਅਕਾਲੀ ਦਲ ਪੰਥਕ ਸਿਧਾਤਾਂ ਤੋਂ ਥਿੜਕ ਗਈ ਹੈ। ਅੱਜ ਸ਼੍ਰੋਮਣੀ ਅਕਾਲੀ ਦਲ ਦਾ ਮਾਪਦੰਡ ਪੈਸਿਆਂ ਨਾਲ ਤੋਲਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਨਾ ਤਾਂ ਸ਼੍ਰੋਮਣੀ ਅਕਾਲੀ ਦਲ ਮਾੜੀ ਹੈ ਤੇ ਨਾ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮਾੜੀ ਹੈ ਪਰ ਵੱਡੇ ਪਰਿਵਾਰ ਨੇ ਇਸ ਨੂੰ ਹਾਈਜੈਕ ਕਰ ਲਿਆ ਹੈ।

## ਕੈਨੇਡਾ 'ਚ ਮੁਸ਼ਿਕਲ 'ਚ ਫਸੇ ਭਾਰਤੀ ਵਿਦਿਆਰਥੀ, ਟਰੂਡੋ ਦੇ ਖਿਲਾਫ਼ ਸੜਕਾਂ 'ਤੇ ਉਤਰੇ




**ਟੋਰਾਂਟੋ, 27 ਮਈ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਦੇ ਕਈ ਸੂਬੇ ਇਸ ਵੇਲੇ ਦੋ-ਪੱਖੀ ਵਿਰੋਧ ਪ੍ਰਦਰਸ਼ਨਾਂ ਨਾਲ ਜੂਝ ਰਹੇ ਹਨ। ਕੈਨੇਡਾ ਵਿੱਚ ਰਹਿ ਰਹੇ ਵਿਦੇਸ਼ੀ ਅਤੇ ਖੇਤਰੀ ਨਾਗਰਿਕ ਦੋਵੇਂ ਹੀ ਸਰਕਾਰ ਦਾ ਵਿਰੋਧ ਕਰ ਰਹੇ ਹਨ। ਖੇਤਰੀ ਲੋਕਾਂ ਦਾ ਕਹਿਣਾ ਹੈ ਕਿ ਸਰਕਾਰੀ ਢਿੱਲ ਕਾਰਨ ਜਿੱਥੇ ਵਿਦੇਸ਼ੀ ਨਾਗਰਿਕ ਨੌਕਰੀਆਂ ਤੋਂ ਲੈ ਕੇ ਹਰ ਚੀਜ਼ ਆਪਣੇ ਹੱਥਾਂ ਵਿੱਚ ਲੈ ਰਹੇ ਹਨ, ਉੱਥੇ ਹੀ ਵਿਦੇਸ਼ੀ ਨਾਗਰਿਕ ਕੈਨੇਡਾ ਸਰਕਾਰ ਵੱਲੋਂ ਨਿਯਮਾਂ ਵਿੱਚ ਤਬਦੀਲੀ ਕਰਨ ਤੋਂ ਨਾਰਾਜ਼ ਹਨ। ਇਸ ਦਾ ਸਭ ਤੋਂ ਵੱਧ ਅਸਰ ਭਾਰਤੀ ਵਿਦਿਆਰਥੀਆਂ 'ਤੇ ਪਿਆ ਹੈ, ਜਿਸ ਤੋਂ ਬਾਅਦ ਹੁਣ ਭਾਰਤੀ ਵਿਦਿਆਰਥੀਆਂ ਨੇ ਸੜਕਾਂ 'ਤੇ ਉਤਰ ਕੇ ਪ੍ਰਦਰਸ਼ਨ ਕਰਨਾ ਸ਼ੁਰੂ ਕਰ ਦਿੱਤਾ ਹੈ। ਕੈਨੇਡਾ ਦੇ ਪ੍ਰਿੰਸ ਐਡਵਰਡ ਆਈਲੈਂਡਜ਼ (ਪੀ.ਈ.ਆਈ.) ਸੂਬੇ ਨੇ ਖੇਤਰੀ ਲੋਕਾਂ ਦੇ ਸਖ਼ਤ ਵਿਰੋਧ ਕਾਰਨ ਆਪਣੇ ਇਮੀਗ੍ਰੇਸ਼ਨ ਪਰਮਿਟਾਂ ਵਿੱਚ ਕਟੌਤੀ ਕਰਨੀ ਸ਼ੁਰੂ ਕਰ ਦਿੱਤੀ ਹੈ। ਵੱਡੀ ਗਿਣਤੀ ਵਿਚ ਵਿਦੇਸ਼ੀ ਨਾਗਰਿਕਾਂ ਨਾਲ ਜੂਝ ਰਹੇ ਸੂਬੇ ਨੇ ਆਪਣੇ ਨਿਯਮਾਂ ਵਿਚ ਕੁਝ ਬਦਲਾਅ ਕੀਤੇ ਹਨ। ਇਸ ਦਾ ਸਭ ਤੋਂ ਮਾੜਾ ਅਸਰ ਭਾਰਤੀ ਵਿਦਿਆਰਥੀਆਂ 'ਤੇ ਪਿਆ ਹੈ, ਜਿਸ ਤੋਂ ਬਾਅਦ ਸੈਂਕੜੇ ਭਾਰਤੀ ਵਿਦਿਆਰਥੀਆਂ ਨੂੰ ਦੇਸ਼ ਨਿਕਾਲੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੈਨੇਡਾ ਦੇ ਸਭ ਤੋਂ ਛੋਟੇ ਸੂਬੇ PEI ਦੇ ਲੋਕਾਂ ਨੇ ਕਿਹਾ ਕਿ ਉਹ ਹੋਰ ਪ੍ਰਵਾਸੀ ਨਹੀਂ ਚਾਹੁੰਦੇ ਹਨ। ਇੰਡੀਆ ਟੂਡੇ ਦੀ ਰਿਪੋਰਟ ਅਨੁਸਾਰ, ਪ੍ਰਿੰਸ ਐਡਵਰਡ ਆਈਲੈਂਡਜ਼ ਵਿੱਚ ਰਿਹਾਇਸ਼, ਸਿਹਤ ਸਹੂਲਤਾਂ ਅਤੇ ਨੌਕਰੀਆਂ ਮੁੱਖ ਮੁੱਦੇ ਹਨ, ਜਿਸ ਕਾਰਨ ਸੂਬੇ ਨੇ ਇਮੀਗ੍ਰੇਸ਼ਨ ਨਿਯਮਾਂ ਵਿੱਚ ਤਬਦੀਲੀ ਕੀਤੀ ਹੈ ਅਤੇ ਸੰਖਿਆ ਵਿੱਚ 25 ਪ੍ਰਤੀਸ਼ਤ ਦੀ ਕਮੀ ਕੀਤੀ ਹੈ। ਸਥਾਨਕ ਲੋਕਾਂ ਨੂੰ ਲੱਗਦਾ ਹੈ ਕਿ ਪਰਵਾਸੀ ਉਨ੍ਹਾਂ ਦੇ ਮੌਕੇ ਖੋਹ ਰਹੇ ਹਨ। ਇਹ ਵਿਰੋਧ ਵਿਦਿਆਰਥੀ ਵੀਜ਼ੇ 'ਤੇ ਆਏ ਨੌਜਵਾਨਾਂ ਦਾ ਜ਼ਿਆਦਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਕੈਨੇਡਾ ਵਿੱਚ ਸਥਾਈ ਨਿਵਾਸ ਅਤੇ ਨਾਗਰਿਕਤਾ ਲਈ ਵਿਦਿਆਰਥੀ ਵੀਜ਼ੇ ਦੀ ਦੁਰਵਰਤੋਂ ਕੀਤੀ ਜਾਂਦੀ ਹੈ। ਇੱਕ ਸਥਾਨਕ ਵਿਅਕਤੀ ਨੇ ਕਿਹਾ ਕਿ ਵਿਦੇਸ਼ੀਆਂ ਨੇ ਸਾਨੂੰ ਬਾਹਰ ਕੱਢ ਦਿੱਤਾ ਹੈ। ਪ੍ਰਿੰਸ ਐਡਵਰਡ ਆਈਲੈਂਡਜ਼ ਵਿੱਚ ਜੋ ਹੋ ਰਿਹਾ ਹੈ, ਉਹ ਹੁਣ ਦੂਜੇ ਸੂਬਿਆਂ ਵਿੱਚ ਵੀ ਦੇਖਿਆ ਜਾ ਰਿਹਾ ਹੈ। ਕਿਹਾ ਜਾਂਦਾ ਹੈ ਕਿ 2006 ਤੋਂ ਬਾਅਦ ਪ੍ਰਿੰਸ ਐਡਵਰਡ ਆਈਲੈਂਡਜ਼ ਵਿੱਚ ਪ੍ਰਵਾਸੀਆਂ ਦੀ ਗਿਣਤੀ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ।

## ਕੈਰੋਂ ਨੂੰ ਕੱਢਦਿਆਂ ਹੀ 'ਤਿੜਕੀ' ਤੱਕੜੀ ! ਟਕਸਾਲੀਆਂ ਨੇ ਬਾਦਲ ਦੇ ਫ਼ੈਸਲੇ ਨੂੰ ਦੱਸਿਆ ਗਲਤ, ਜਾਣੋ ਹੋਰ ਕੀ ਕਿਹਾ ?







**ਚੰਡੀਗੜ੍ਹ, 27 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਵੱਲੋਂ ਆਦੇਸ਼ ਪ੍ਰਤਾਪ ਸਿੰਘ ਕੈਰੋਂ ਨੂੰ ਪਾਰਟੀ ਵਿੱਚੋਂ ਕੱਢਣ ਦੇ ਫੈਸਲੇ ਨੂੰ ਲੈ ਕੇ ਪਾਰਟੀ ਵਿੱਚ ਫੁੱਟ ਪੈਂਦੀ ਨਜ਼ਰ ਆ ਰਹੀ ਹੈ। ਪਾਰਟੀ ਦੇ ਸਰਪ੍ਰਸਤ ਸੁਖਦੇਵ ਸਿੰਘ ਢੀਂਡਸਾ ਅਤੇ ਬੀਬੀ ਜਗੀਰ ਕੌਰ ਨੇ ਆਦੇਸ਼ ਪ੍ਰਤਾਪ ਸਿੰਘ ਕੈਰੋਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ ਹੈ। ਦੋਵਾਂ ਆਗੂਆਂ ਨੇ ਕੈਰੋਂ ਨੂੰ ਕੱਢਣ ਦੇ ਫੈਸਲੇ ਨੂੰ ਗਲਤ ਕਰਾਰ ਦਿੱਤਾ ਹੈ। ਜ਼ਿਕਰ ਕਰ ਦਈਏ ਕਿ ਸ਼੍ਰੋਮਣੀ ਅਕਾਲੀ ਦਲ ਨੇ ਇਹ ਕਾਰਵਾਈ



ਖਡੂਰ ਸਾਹਿਬ ਹਲਕੇ ਦੇ ਉਮੀਦਵਾਰ ਵਿਰਸਾ ਸਿੰਘ ਵਲਟੋਹਾ ਦੀ ਸ਼ਿਕਾਇਤ ਤੋਂ ਬਾਅਦ ਕੀਤੀ ਹੈ। ਦੋਸ਼ ਲਾਇਆ ਗਿਆ ਕਿ ਕੈਰੋਂ ਨੇ ਵਰਕਰਾਂ 'ਤੇ ਅਕਾਲੀ ਦਲ ਅਤੇ ਵਲਟੋਹਾ ਦੇ ਹੱਕ ਵਿੱਚ ਵੋਟ ਨਾ ਪਾਉਣ ਲਈ ਦਬਾਅ ਪਾਇਆ। ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੇ ਫੈਸਲਾ ਲੈਂਦੇ ਹੋਏ ਆਦੇਸ਼ ਪ੍ਰਤਾਪ ਸਿੰਘ ਨੂੰ ਪਾਰਟੀ 'ਚੋਂ ਕੱਢਣ ਦਾ ਫੈਸਲਾ ਕੀਤਾ ਹੈ। ਪਾਰਟੀ ਦੇ ਸਰਪ੍ਰਸਤ ਸੁਖਦੇਵ ਸਿੰਘ ਢੀਂਡਸਾ ਨੇ ਸੁਖਬੀਰ ਬਾਦਲ ਦੇ ਇਸ ਫੈਸਲੇ ਨੂੰ ਗਲਤ ਕਰਾਰ ਦਿੱਤਾ ਹੈ। ਸੁਖਦੇਵ ਢੀਂਡਸਾ ਨੇ ਕਿਹਾ ਕਿ ਚੋਣਾਂ ਨੇੜੇ ਹਨ। ਇਹ ਫੈਸਲਾ ਗ.ਲਤ ਸਮੇਂ 'ਤੇ ਲਿਆ ਗਿਆ ਹੈ। ਇਸ ਦੇ ਨਾਲ ਹੀ ਢੀਂਡਸਾ ਨੇ ਸੋਸ਼ਲ ਮੀਡੀਆ 'ਤੇ ਵਾਇਰਲ ਹੋਏ ਮਲੂਕਾ ਦੇ ਇੰਟਰਵਿਊ 'ਤੇ ਵੀ ਸਵਾਲ ਚੁੱਕੇ, ਜਿਸ 'ਚ ਸਿਕੰਦਰ ਸਿੰਘ ਮਲੂਕਾ ਪ੍ਰਧਾਨ ਮੰਤਰੀ ਦੀ ਤਾਰੀਫ ਕਰਦੇ ਨਜ਼ਰ ਆ ਰਹੇ ਹਨ। ਇਸ ਦੇ ਨਾਲ ਹੀ ਮਲੂਕਾ ਇਨ੍ਹਾਂ ਚੋਣਾਂ ਵਿੱਚ ਪਾਰਟੀ ਦੇ ਹੱਕ ਵਿੱਚ ਪ੍ਰਚਾਰ ਕਰਨ ਤੋਂ ਵੀ ਦੂਰ ਰਹੇ ਹਨ। ਇਸ ਦੇ ਨਾਲ ਹੀ ਸੀਨੀਅਰ ਅਕਾਲੀ ਆਗੂ ਬੀਬੀ ਜਗੀਰ ਕੌਰ ਨੇ ਵੀ ਸੁਖਬੀਰ ਬਾਦਲ ਦੇ ਇਸ ਫੈਸਲੇ ਨੂੰ ਗ.ਲਤ ਕਰਾਰ ਦਿੱਤਾ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਆਦੇਸ਼ ਪ੍ਰਤਾਪ ਕੈਰੋਂ ਦੇ ਪਾਰਟੀ ਉਮੀਦਵਾਰ ਵਿਰਸਾ ਸਿੰਘ ਵਲਟੋਹਾ ਨਾਲ ਮਤਭੇਦ ਹੋ ਸਕਦੇ ਹਨ ਪਰ ਉਹ ਪਾਰਟੀ ਦੇ ਹੱਕ ਵਿੱਚ ਹਨ। ਚੋਣਾਂ ਦੇ ਵਿਚਕਾਰ ਅਜਿਹਾ ਫੈਸਲਾ ਲੈਣਾ ਠੀਕ ਨਹੀਂ ਹੈ।

## ਫਰਜ਼ੀ ਅੰਤਰਰਾਸ਼ਟਰੀ ਕਾਲਾਂ ਤੋਂ ਮਿਲੇਗੀ ਰਾਹਤ, ਸਰਕਾਰ ਨੇ ਟੈਲੀਕਾਮ ਕੰਪਨੀਆਂ ਨੂੰ ਦਿੱਤਾ ਇਹ ਹੁਕਮ

**ਨਵੀਂ ਦਿੱਲੀ, 27 ਮਈ (ਆਵਾਜ਼ਿ ਕੌਮ ਬਿਊਰੋ)**-ਜੇਕਰ ਤੁਸੀਂ ਇੰਟਰਨੈਸ਼ਨਲ




ਸਪੂਫਡ ਕਾਲਾਂ ਤੋਂ ਪਰੇਸ਼ਾਨ ਹੋ ਤਾਂ ਤੁਹਾਡੇ ਲਈ ਰਾਹਤ ਦੀ ਖਬਰ ਹੈ। ਦਰਅਸਲ, ਸਰਕਾਰ ਨੇ ਟੈਲੀਕਾਮ ਕੰਪਨੀਆਂ ਨੂੰ ਨਿਰਦੇਸ਼ ਦਿੱਤਾ ਹੈ ਕਿ ਉਹ ਭਾਰਤੀ ਮੋਬਾਈਲ ਨੰਬਰਾਂ ਨੂੰ ਪ੍ਰਦਰਸ਼ਿਤ ਕਰਨ ਵਾਲੀਆਂ ਸਾਰੀਆਂ ਆਉਣ ਵਾਲੀਆਂ ਅੰਤਰਰਾਸ਼ਟਰੀ ਫਰਜ਼ੀ ਕਾਲਾਂ ਨੂੰ ਬਲਾਕ ਕਰਨ। ਐਤਵਾਰ (26 ਮਈ) ਨੂੰ ਜਾਰੀ ਇੱਕ ਬਿਆਨ ਵਿੱਚ ਦੂਰਸੰਚਾਰ ਵਿਭਾਗ ਨੇ ਕਿਹਾ ਕਿ ਇਹ ਰਿਪੋਰਟ ਮਿਲੀ ਹੈ ਕਿ ਧੋਖੇਬਾਜ਼ ਭਾਰਤੀ ਨਾਗਰਿਕਾਂ ਨੂੰ ਭਾਰਤੀ ਮੋਬਾਈਲ ਨੰਬਰ ਦਿਖਾ ਕੇ ਅੰਤਰਰਾਸ਼ਟਰੀ ਫਰਜ਼ੀ ਕਾਲਾਂ ਕਰ ਰਹੇ ਹਨ ਅਤੇ ਸਾਈਬਰ ਅਪਰਾਧ ਅਤੇ ਵਿੱਤੀ ਧੋਖਾਧੜੀ ਕਰ ਰਹੇ ਹਨ। ਬਿਆਨ ਦੇ ਅਨੁਸਾਰ, ਅਜਿਹੀਆਂ ਕਾਲਾਂ ਭਾਰਤ ਦੇ ਅੰਦਰੋਂ ਸ਼ੁਰੂ ਹੁੰਦੀਆਂ ਹਨ ਪਰ ਕਾਲਿੰਗ ਲਾਈਨ ਆਈਡੈਂਟਿਟੀ (ਸੀਐਲਆਈ) ਨਾਲ ਛੇੜਛਾੜ ਕਰਕੇ ਅਤੇ ਫਰਜ਼ੀ ਡਿਜੀਟਲ ਗ੍ਰਿਫਤਾਰੀਆਂ, ਫੇਡਐਕਸ ਘੁਟਾਲੇ, ਨਸ਼ੀਲੇ ਪਦਾਰਥਾਂ ਜਾਂ ਕੋਰੀਅਰ ਸੇਵਾਵਾਂ ਦੀ ਨਕਲ ਕਰਕੇ ਵਿਦੇਸ਼ਾਂ ਤੋਂ ਸਾਈਬਰ ਅਪਰਾਧੀਆਂ ਦੁਆਰਾ ਕੀਤੀਆਂ ਜਾ ਰਹੀਆਂ ਹਨ ਨਸ਼ੀਲੇ ਪਦਾਰਥਾਂ ਦਾ ਵਪਾਰ, ਸਰਕਾਰੀ ਅਤੇ ਪੁਲਿਸ ਅਧਿਕਾਰੀਆਂ ਦੀ ਨਕਲ ਕਰਨਾ, DOT ਜਾਂ TRAI ਅਧਿਕਾਰੀਆਂ ਦੀ ਨਕਲ ਕਰਕੇ ਮੋਬਾਈਲ ਨੰਬਰਾਂ ਨੂੰ ਬਲਾਕ ਕਰਨਾ ਆਦਿ ਵਰਗੇ ਤਾਜ਼ਾ ਮਾਮਲੇ। ਬਿਆਨ ਦੇ ਅਨੁਸਾਰ, DOT ਅਤੇ ਦੂਰਸੰਚਾਰ ਸੇਵਾ ਪ੍ਰਦਾਤਾਵਾਂ (TSPs) ਨੇ ਅਜਿਹੀਆਂ ਅੰਤਰਰਾਸ਼ਟਰੀ ਫਰਜ਼ੀ ਕਾਲਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਕਿਸੇ ਵੀ ਭਾਰਤੀ ਦੂਰਸੰਚਾਰ ਗਾਹਕ ਤੱਕ ਪਹੁੰਚਣ ਤੋਂ ਰੋਕਣ ਲਈ ਇੱਕ ਪ੍ਰਣਾਲੀ ਵਿਕਸਿਤ ਕੀਤੀ ਹੈ। ਹੁਣ ਅਜਿਹੀਆਂ ਆਉਣ ਵਾਲੀਆਂ ਅੰਤਰਰਾਸ਼ਟਰੀ ਫਰਜ਼ੀ ਕਾਲਾਂ ਨੂੰ ਰੋਕਣ ਲਈ ਟੀਐਸਪੀ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ। ਦੂਰਸੰਚਾਰ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ, ਭਾਰਤੀ ਲੈਂਡਲਾਈਨ ਨੰਬਰਾਂ 'ਤੇ ਆਉਣ ਵਾਲੀਆਂ ਅੰਤਰਰਾਸ਼ਟਰੀ ਫਰਜ਼ੀ ਕਾਲਾਂ ਨੂੰ ਪਹਿਲਾਂ ਹੀ ਟੀਐਸਪੀ ਦੁਆਰਾ ਬਲੌਕ ਕੀਤਾ ਜਾ ਰਿਹਾ ਹੈ। ਦੂਰਸੰਚਾਰ ਵਿਭਾਗ (DoT) ਨੇ ਇੱਕ ਬਿਆਨ ਵਿੱਚ ਕਿਹਾ ਕਿ ਇਹ ਰਿਪੋਰਟ ਮਿਲੀ ਹੈ ਕਿ ਧੋਖੇਬਾਜ਼ ਭਾਰਤੀ ਨਾਗਰਿਕਾਂ ਨੂੰ ਭਾਰਤੀ ਮੋਬਾਈਲ ਨੰਬਰ ਦਿਖਾ ਕੇ ਅੰਤਰਰਾਸ਼ਟਰੀ ਫਰਜ਼ੀ ਕਾਲਾਂ ਕਰ ਰਹੇ ਹਨ।

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

BOOK YOUR SEATS NOW

Nankana Sahib Yatra Committe U.K.

ਆਵਾਜ਼ਿ ਕੌਮ AWAZE QAUM International Newspaper & WEB TV



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਬਾਬਾ ਸੁਖਵਿੰਦਰ ਸਿੰਘ ਸੁੱਖਾ ਜੀ ਕਾਰਸੇਵਾ ਸੰਪਰਦਾਇ ਭੂਰੀ ਵਾਲੇ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਸ਼ੇਖਵਾਂ ਵਾਲੇ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਧੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਡਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਸੁਖਵਿੰਦਰ ਸਿੰਘ ਜੀ ਮਲਕਪੁਰ ਵਾਲੇ
ਸੰਤ ਬਾਬਾ ਸਰਵਣ ਸਿੰਘ ਜੀ ਮਲਕਪੁਰ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਝਾੜ ਸਾਹਿਬ ਕੈਰੋਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਸੰਤ ਬਾਬਾ ਮੰਜ ਦਾਸ ਜੀ ਮਾੜੀ ਕੰਬੋਕੀ ਵਾਲੇ
ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੀ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ
ਸੰਤ ਬਾਬਾ ਦਰਸ਼ਨ ਸਿੰਘ ਮਾਲ੍ਹੋਕਾ ਵੱਤਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਗਿਆਨੀ ਹਰਪ੍ਰੀਤ ਸਿੰਘ ਜੀ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਕਸ਼ਮੀਰ ਸਿੰਘ ਜੀ ਕਾਰ ਸੇਵਾ ਭੂਰੀ ਵਾਲੇ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਮਹੰਤ ਬਾਬਾ ਕਾਹਨ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਸੰਤ ਬਾਬਾ ਅਵਤਾਰ ਸਿੰਘ ਜੀ ਧੂਲਕੋਟ ਵਾਲੇ
ਭਾਈ ਅਮੋਲਕ ਸਿੰਘ ਜੀ ਅਖਾੜਾ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਬਾਬਾ ਅਮਰੀਕ ਸਿੰਘ ਜੀ ਕਾਰਸੇਵਾ ਪਟਿਆਲੇ ਵਾਲੇ
ਬਾਬਾ ਜੋਗਾ ਸਿੰਘ ਜੀ ਕਰਨਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਬਾਬਾ ਬਲਦੇਵ ਸਿੰਘ ਜੀ ਜੋਗੇ ਵਾਲੇ
ਬਾਬਾ ਮਨਮੋਹਨ ਸਿੰਘ ਜੀ ਬਾਰਨ ਵਾਲੇ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਸੰਤ ਬਾਬਾ ਸ਼ਿੰਦਰ ਸਿੰਘ ਜੀ ਗੁ. ਫਤਿਹਗੜ੍ਹ ਸਭਰਾਵਾਂ ਵਾਲੇ
ਬਾਬਾ ਰਣਜੀਤ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡੇਧਾਰ ਹੋਇ ਜਨਮ ਸੁਹੇਲਾ॥

# ਅੰਮ੍ਰਿਤ ਸੰਚਾਰ

8 ਜੂਨ 2024, ਸ਼ਨਿੱਚਰਵਾਰ 12:00
ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ

ਅੰਮ੍ਰਿਤ ਅਭਿਲਾਖੀ 11:00 ਵਜੇ
ਪੁਹੰਚਣ ਕਿਰਪਾਲਤਾ ਕਰਨ ਜੀ

**ਪੰਜ ਪਿਆਰੇ ਸਾਹਿਬਾਨ ਯੂ. ਕੇ. ਤੋਂ ਪਹੁੰਚ ਰਹੇ ਹਨ**

**ਗੁਰਦੁਆਰਾ ਸਾਹਿਬ ਵੱਲੋਂ ਕੱਕਾਰ ਭੇਟਾਂ ਰਹਿਤ ਮਿਲਣਗੇ**

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਅੰਮ੍ਰਿਤ ਦੇ ਅਭਿਲਾਖੀ ਸਮੇਂ ਸਿਰ ਪੁਹੁੰਚ ਕੇ ਅੰਮ੍ਰਿਤਧਾਰੀ ਹੋ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☚ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☚
ਸ਼ੇਅਰ ਜ਼ਰੂਰੀ ਕਰਨਾ ਜੀ ☚ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।


**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778



ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ
ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤੂ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਰਾਮ ਥੰਮਣ ਸਾਹਿਬ ਮਨੇਸ਼ ਸ਼ਾਮ 6 ਤੋਂ 8 ਵਜੇ ਤੱਕ
ਮੈਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਜਾਰੀ ਕਰਤਾ:
ਖਾਲਸਾ ਅਕੈਡਮੀ
ਖਾਲਸਾ
I.C.S.E. Board
Pre-Nur to 8th
ਖਾਲਸਾ ਹੋਸਟਲ
Fully A.C.
ਖਾਲਸਾ
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA KHALSA
WAHEGURU JI HI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

**ਗੁਰਦੁਆਰਾ ਸਾਹਿਬ ਦਾ ਪਤਾ : Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV


**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

**ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ**

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ


ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।
ਬਾਬਾ ਬੰਦਾ ਸਿੰਘ ਬਹਾਦਰ ਜੀ
ਬੇਗਮਪੁਰਾ ਖਾਲਸਾ ਰਾਜ ਦੇ ਸੰਸਥਾਪਕ
ਪੇਰੀਆਰ ਜੀ
ਬਾਬਾ ਸਾਹਿਬ ਡਾ. ਅੰਬੇਡਕਰ ਜੀ
ਸਾਹਿਬ ਕਾਂਸ਼ੀ ਰਾਮ ਜੀ
ਮਹਾਰਾਜਾ ਰਣਜੀਤ ਸਿੰਘ ਜੀ
ਜੇਕਰ ਮੈਨੂੰ ਤੁਸੀਂ ਵੋਟਰਾਂ ਨੇ ਹੁਸ਼ਿਆਰਪੁਰ ਤੋਂ ਚੋਣ ਜਿਤਾ ਕੇ ਸਾਂਸਦ ਬਣਾਇਆ ਤਾਂ ਪੰਜਾਬ ਵਿੱਚ ਬਾਘਾ, ਹੁਸੈਨੀਵਾਲਾ, ਅਟਾਰੀਵਾਲਾ ਅਤੇ ਕਰਤਾਰਪੁਰ ਲਾਂਘਾ ਖੋਲ੍ਹਣ ਅਤੇ ਸੜਕੀ ਮਾਰਗ ਦੁਆਰਾ ਕਾਰੋਬਾਰ ਸ਼ੁਰੂ ਕਰਵਾਉਣ ਦੀ ਹਰੇਕ ਸੰਭਵ ਕੋਸ਼ਿਸ਼ ਕਰਾਂਗਾ। ਇਹ ਸਰਹੱਦੀ ਸੜਕੀ ਲਾਂਘੇ ਜੇ ਖੁੱਲ੍ਹ ਗਏ ਤਾ ਕਿਸਾਨ ਟਰੱਕਾਂ ਦੇ ਜ਼ਰੀਏ ਪੰਜਾਬ ਤੋਂ ਪਾਕਿਸਤਾਨ, ਈਰਾਨ ਦੁਆਰਾ ਮੱਧ ਪੂਰਬ ਏਸ਼ੀਆ ਅਤੇ ਯੂਰਪ ਤੀਕਰ ਅਨਾਜ ਅਤੇ ਸਬਜ਼ੀਆਂ ਆਦਿਕ ਦੀ ਤਿਜਾਰਤ ਕਰ ਸਕਣਗੇ, ਜਿਸਦੇ ਫਲਸਰੂਪ ਕਿਸਾਨਾਂ, ਛੋਟੇ ਵੱਡੇ ਵਿਉਪਾਰੀਆਂ ਅਤੇ ਹੋਰ ਕਾਮਗਾਰਾਂ ਅਤੇ ਕਾਰੋਬਾਰੀ ਜਮਾਤਾਂ ਨੂੰ ਸਿੱਧਾ ਫਾਇਦਾ ਹੋਵੇਗਾ।
ਭਾਈ ਅੰਮ੍ਰਿਤਪਾਲ ਸਿੰਘ ਦੀ ਤਲਾਸ਼ ਦੇ ਪੱਜ ਉਹਲੇ ਸ਼ਾਸ਼ਕਾਂ ਦੀ ਸ਼ਹਿ ਤੇ ਪੁਲਿਸ ਨੇ ਹਜ਼ਾਰਾਂ ਹੀ ਨਿਰਦੋਸ਼ ਨੌਜੁਆਨਾਂ ਉੱਤੇ ਫਰਜ਼ੀ ਮੁਕੱਦਮੇ ਦਰਜ ਕੀਤੇ ਹਨ। ਜੇਕਰ ਤੁਸੀਂ ਮੈਨੂੰ ਜਿਤਾ ਕੇ ਸਾਂਸਦ ਬਣਾਇਆ ਤਾਂ ਮੈਂ ਸਾਰੇ ਹੀ ਫਰਜ਼ੀ ਮੁਕੱਦਮੇ ਖਤਮ ਕਰਵਾਉਣ ਵਾਲਾ ਕੰਮ ਕਰਾਂਗਾ।
ਅੱਜ ਪੰਜਾਬ ਵਿੱਚ ਬ੍ਰਾਹਮਣਵਾਦੀ ਸ਼ਕਤੀਆਂ ਹਾਵੀ ਹੋ ਚੁੱਕੀਆਂ ਹਨ। ਇਹ ਬ੍ਰਾਹਮਣਵਾਦੀ ਸ਼ਕਤੀਆਂ ਅਦਿੱਖ ਗੁਪਤ ਰੂਪ ਵਿੱਚ ਪੰਜਾਬੀਆਂ ਨੂੰ ਆਪਸ ਵਿੱਚ ਲੜਾਉਣ ਭਿੜਾਉਣ ਦੀ ਸ਼ਾਜਿਸ਼ ਕਰਦੀਆਂ ਹਨ। ਮੈਂ ਪੰਜਾਬੀ ਵੀਚਾਰਧਾਰਕ ਕੈਦੀਆਂ ਨੂੰ, ਬ੍ਰਾਹਮਣਵਾਦੀ-ਵੀਚਾਰਧਾਰੀ ਜੇਲਾਂ ਤੋਂ ਮੁਕਤ ਕਰਵਾਂਵਗਾ, ਪੰਜਾਬ ਨਾਲ ਮੇਰਾ ਇਹ ਵਾਅਦਾ ਹੈ। ਪੰਜਾਬੀ ਇੱਕ ਵਿਲੱਖਣ ਸੱਭਿਆਚਾਰ ਹੈ ਇਸ ਲਈ ਪੰਜਾਬੀਆਂ ਦੀਆਂ ਖੁਸ਼ੀਆਂ ਵੀ ਸਾਂਝੀਆਂ ਹਨ।
ਮੇਰੇ ਵਿਚਾਰ ਅਨੁਸਾਰ ਪ੍ਰਾਂਤਕ ਸਟੇਟ, ਸਵੈਸਾਸਤ ਖੁਦਮੁਖਤਾਰ ਪਿੰਡਾਂ ਦੀ ਇਕਾਈ ਹੋਣੀ ਚਾਹੀਦੀ ਹੈ ਅਤੇ ਇੰਡੀਆ ਸਵੈਸਾਸਤ ਖੁਦਮੁਖਤਾਰ ਪ੍ਰਾਂਤ-ਸਟੇਟਾਂ ਦੀ ਯੂਨੀਅਨ ਹੋਣੀ ਚਾਹੀਦੀ ਹੈ। ਇਸ ਦਸ਼ਾ ਤੋਂ ਬਿਨਾਂ ਲੋਕਾਂ ਉੱਤੇ ਟੁੱਟ ਰਹੇ ਪੁਲਿਸ, ਨੌਕਰਸ਼ਾਹੀ ਅਤੇ ਨਿਆਇਕ ਜ਼ੁਲਮਾਂ ਉੱਤੇ ਠੱਲ੍ਹ ਨਹੀਂ ਪੈ ਸਕਦੀ। ਪੇਂਡੂ ਕਿੱਤਾਕਾਰ ਜਮਾਤਾਂ ਦੇ ਦੁਆਰਾ ਆਪੇ ਨਾਮਜ਼ਦ ਸਿਆਣੇ ਬੰਦਿਆਂ ਦੀ ਸੰਸਥਾਂ ਦੀ ਹੀਂ ਪੰਚਾਇਤ ਬਣਨੀ ਚਾਹੀਦੀ ਹੈ, ਜਿਸ ਦੇ ਫਲਸਰੂਪ ਪੇਂਡੂ ਭਾਈਚਾਰਾ ਅਤੇ ਸਾਂਝ ਅਤੇ ਮੁਕਤ ਜੀਵਨ ਦੀ ਮੁੜ ਬਹਾਲੀ ਸੰਭਵ ਹੋ ਸਕਦੀ ਹੈ।
ਪੰਜਾਬ ਦੀ ਰਾਜਧਾਨੀ ਚੰਡੀਗੜ੍ਹ, ਵਰਤਮਾਨ ਵਿੱਚ ਕੇਂਦਰ ਸਰਕਾਰ ਅਧੀਨ ਯੂਨੀਅਨ ਟੈਰਟਰੀ ਬਣਾ ਦਿੱਤੀ ਗਈ ਹੈ, ਜਿੱਥੇ ਪੰਜਾਬੀਆਂ ਦੇ ਮੁਕਤ ਵਿਚਰਣ ਉੱਤੇ ਪਾਬੰਦੀਆਂ ਲਗਾ ਦਿੱਤੀਆਂ ਗਈਆਂ ਹਨ। ਮੈਂ ਪੰਜਾਬੀਆਂ ਦੀ ਖੁਦਮੁਖਤਿਆਰੀ ਦੀ ਰੱਖਿਆ ਹਿੱਤ ਕੰਮ ਕਰਾਂਗਾ।
ਗੁਰੂ ਗੋਬਿੰਦ ਸਿੰਘ ਜੀ ਦਾ ਨਿਸ਼ਾਨਾ 96 ਕਰੋੜੀ ਖਾਲਸਾ ਹੈ। ਗੁਰੂ ਗੋਬਿੰਦ ਸਿੰਘ ਜੀ ਦਾ ਨਿਸ਼ਾਨਾ ਹੀ ਸਾਡਾ ਨਿਸ਼ਾਨਾ ਹੈ। ਉਸ ਨਿਸ਼ਾਨੇ ਨੂੰ ਹਾਸਿਲ ਕਰਨ ਵਾਸਤੇ ਅਸੀਂ ਨਿਰਵਿਘਨ ਕੋਸ਼ਿਸ਼ਾਂ ਜਾਰੀ ਰੱਖਾਂਗੇ।
ਮੈਂ ਲੰਮੀ ਅਤੇ ਅਨਿਸ਼ਚਿਤ ਕਾਲ ਵਾਲੀ ਜੇਲ੍ਹ ਕੱਟ ਰਹੇ ਸਿੱਖ ਰਾਜਨੀਤਕ ਬੰਦੀਆਂ ਦੀ ਰਿਹਾਈ ਵਾਸਤੇ ਨਿਆਂਪਾਲਿਕਾ ਅਤੇ ਵਿਧਾਨਪਾਲਿਕਾ (ਸੰਸਦ) ਦੋਨਾਂ ਵਿੱਚ ਸੰਘਰਸ਼ ਕਰਾਂਗਾ।
ਚੋਣ ਨਿਸ਼ਾਨ
ਗੰਨਾ ਕਿਸਾਨ
ਲੋਕ ਸਭਾ ਹਲਕਾ 05 ਹੁਸ਼ਿਆਰਪੁਰ ਤੋਂ ਬਹੁਜਨ ਮਿਸ਼ਨਰੀ ਉਮੀਦਵਾਰ
ਜੀਵਨ ਸਿੰਘ ਤਮਿਲ
(ਐਡਵੋਕੇਟ ਸੁਪਰੀਮ ਕੋਰਟ, ਭਾਰਤ)
ਨੂੰ ਮਿਤੀ 1 ਜੂਨ, 2024 ਨੂੰ ਚੋਣ ਨਿਸ਼ਾਨ ਗੰਨਾ ਕਿਸਾਨ ਦੇ ਸਾਹਮਣੇ 8 ਨੰਬਰ ਦਾ ਬਟਨ ਦਬਾ ਕੇ ਕਾਮਯਾਬ ਬਣਾਓ ਜੀ।
ਵਲੋਂ-ਬਹੁਜਨ ਦ੍ਰਵਿੜ ਪਾਰਟੀ, ਯੂਨਿਟ ਹੁਸ਼ਿਆਰਪੁਰ (ਪੰਜਾਬ)
ਮੋਬਾਇਲ - 97800-88518, 97173-66805
ਆਵਾਜ਼ਿ ਕੌਮ AWAZE QAUM
International Newspaper & WEB TV



ਜੂਨ 1984 ਦੇ ਘੱਲੂਘਾਰੇ ਸਮੇਂ ਦੀ ਤਸਵੀਰ
ਆਵਾਜ਼ਿ ਕੌਮ
AWAZE QAUM
International Newspaper & WEB TV
"ਬੇਅੰਤ ਸ਼ਕਤੀਆਂ ਦੇ ਮਾਲਕ ਸਤਿਗੁਰੂ,
ਗਰੀਬ ਬੇਅੰਤ ਨੂੰ ਬਖਸ਼ੋ ਮੌਤ ਮਸਤੀ
ਤਖ਼ਤ ਅਕਾਲ ਦਾ ਜਿਸ ਨੇ ਤੋੜਿਆ ਹੈ
ਖਤਮ ਕਰ ਦੇਵਾਂ ਦੁਨੀਆ ਦੀ ਕੂੜ ਸ਼ਕਤੀ
ਸਿੱਖ ਹਿਰਦਿਆਂ ਨੂੰ ਜਿਸ ਨੇ ਵਿਰੁੰਨਿਆ ਹੈ
ਚੀਰ ਦਿਆਂਗੇ ਉਸ ਦੀ ਦੇਹ ਸਾਰੀ
ਮੈਨੂੰ ਭਰੋਸਾ ਹੈ ਤੇਰੀਆਂ ਰਹਿਮਤਾਂ ਤੇ,
ਇਤਿਹਾਸ ਦੁਹਰਾਇਆ ਹੈ ਸਿੱਖਾਂ ਨੇ ਕਈ ਵਾਰੀ"
ਅਮਰ ਸ਼ਹੀਦ
ਭਾਈ ਬੇਅੰਤ ਸਿੰਘ ਜੀ
ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ
ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ
ਸ. ਸਰਬਜੀਤ ਸਿੰਘ ਮਲੋਆ
ਸ. ਸਰਬਜੀਤ ਸਿੰਘ ਮਲੋਆ
ਆਓ ਸਾਰੇ ਆਪੋ-ਆਪਣਾ ਫਰਜ਼ ਸਮਝਦਿਆਂ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੀਏ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਈਏ।
ਸੰਪਰਕ : 95922-30916, 98140-13915




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# HAYES PLANT HIRE

## WE TRAIN YOU GAIN

NPORS ACCREDITED



Telescopic Handler



Excavator 360



Road Roller



Forward Tipping Dumper



Tractor



Dozer

Plant Training and Testing on All

CATEGORIES OF

**MACHINERY.**



Dump Truck

# HAYES PLANT HIRE

**ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ**

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004


Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

**CALL US TO BOOK YOUR CSCS LEVEL ONE COURSE.**

**07715128621**





## ਪੰਥਕ ਸੰਸਥਾਵਾਂ ਨੂੰ ਉਭਾਰਨ ਲਈ

# ਬਾਦਲ ਪਰਿਵਾਰ ਨੂੰ ਹਰਾਉਣਾ ਅਤਿਅੰਤ ਜਰੂਰੀ : ਜਥੇਦਾਰ ਦਾਦੂਵਾਲ

**ਚੰਡੀਗੜ੍ਹ, 27 ਮਈ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਸਮੇਂ ਅੰਦਰ ਸਿੱਖ ਪੰਥ ਦੀਆਂ ਸ਼੍ਰੋਮਣੀ ਸੰਸਥਾਵਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਪਰਿਵਾਰ ਦੀ ਸਰਪ੍ਰਸਤੀ ਵਿੱਚ ਹਾਸ਼ੀਏ ਤੇ ਚਲੇ ਗਿਆ ਹੈ ਦੁਨੀਆਂ ਵਿੱਚ ਵੱਸਦੇ ਪੰਥ ਦਰਦੀ ਸਿੱਖ ਇਸ ਲਈ ਅਤਿਅੰਤ ਚਿੰਤਾ ਵਿੱਚ ਹਨ ਕੇ ਪੰਥ ਦੀ ਨੁਮਾਇੰਦਗੀ ਕਰਨ ਵਾਲੀਆਂ ਸੰਸਥਾਵਾਂ ਦਾ ਇਹ ਹਸ਼ਰ ਕਰਨ ਲਈ ਬਾਦਲ ਪਰਿਵਾਰ ਸਿੱਧੇ ਤੌਰ ਤੇ ਜਿੰਮੇਵਾਰ ਹੈ

ਆਵਾਜ਼ਿ ਕੌਮ AWAZE QAUM
International Newspaper & WEB TV

ਹੁਣ ਇਨਾਂ ਸੰਸਥਾਵਾਂ ਦੀ ਮੁੜ ਸੁਰਜੀਤੀ ਲਈ ਬਾਦਲ ਪਰਿਵਾਰ ਨੂੰ ਇੱਕ ਵਾਰ ਇਨਾਂ ਸੰਸਥਾਵਾਂ ਦੀ ਸਰਪ੍ਰਸਤੀ ਤੋਂ ਲਾਂਭੇ ਕਰਨਾ ਅਤਿਅੰਤ ਜਰੂਰੀ ਹੈ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਬਠਿੰਡਾ ਵਿਖੇ ਪ੍ਰੈਸ ਕਾਨਫਰੰਸ ਕਰਕੇ ਕੀਤਾ ਜਥੇਦਾਰ ਦਾਦੂਵਾਲ ਨੇ ਕਿਹਾ ਕੇ 1997 ਵਿੱਚ ਪੰਥ ਦੀਆਂ ਸਾਰੀਆਂ ਸ਼ਕਤੀਆਂ ਨੇ ਇਕੱਤਰ ਹੋ ਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਈ ਤੇ ਪ੍ਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਬਣਿਆ ਪੰਥ ਦੇ ਮਨ ਵਿੱਚ ਆਸ ਤੇ ਉਮੀਦ ਸੀ ਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਰਕਾਰ 1984 ਸਮੇਂ ਹੋਏ ਜਖਮਾਂ ਤੇ ਮੱਲਮ ਲਗਾਏਗੀ ਅਤੇ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਸਮੇਤ ਹਜ਼ਾਰਾਂ ਸਿੱਖ ਨੌਜਵਾਨਾਂ ਦੇ ਕਾਤਲਾਂ ਨੂੰ ਜੇਲ ਦੀਆਂ ਕਾਲ ਕੋਠੜੀਆਂ ਤੱਕ ਪਹੁੰਚਾਵੇਗੀ ਜਿਸ ਨਾਲ ਕਤਲ ਹੋਏ ਹਜ਼ਾਰਾਂ ਬੇਕਸੂਰ ਸਿੱਖਾਂ ਨੂੰ ਇਨਸਾਫ਼ ਮਿਲ ਸਕੇਗਾ ਪਰ ਜਿਸ ਤਰੀਕੇ ਨਾਲ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਵਿੱਚ ਸਿੱਖ ਸੰਸਥਾਵਾਂ ਨਾਲ ਬੇਇਨਸਾਫੀ ਹੋਈ ਹੈ ਤੇ ਸਿੱਖਾਂ ਦੇ ਕਾਤਲਾਂ ਨੂੰ ਵੱਡੇ ਅਹੁਦੇ ਦੇ ਕੇ ਨਿਵਾਜਿਆ ਗਿਆ ਇਸ ਨਾਲ ਸਿੱਖਾਂ ਦੀਆਂ ਆਸਾਂ ਉਮੀਦਾਂ ਤੇ ਪਾਣੀ ਫਿਰ ਗਿਆ ਬਾਦਲ ਪਰਿਵਾਰ ਨੇ ਸਿੱਖ ਪੰਥ ਵਿਰੋਧੀਆਂ ਨਾਲ ਸਾਂਝ ਭਿਆਲੀ ਪਾ ਲਈ ਤੇ ਸਿੱਖ ਸੋਚ ਨੂੰ ਖਤਮ ਕਰਨ ਦਾ ਬੀੜਾ ਚੁੱਕ ਲਿਆ ਬਾਦਲਾਂ ਦੇ ਰਾਜ ਵਿੱਚ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਬਰਗਾੜੀ ਸਮੇਤ ਅਨੇਕਾਂ ਥਾਵਾਂ ਤੇ ਬੜੀ ਸੋਚੀ








ਸਮਝੀ ਸਾਜਿਸ਼ ਦੇ ਤਹਿਤ ਕੀਤੀ ਗਈ ਬੇਅਦਬੀ ਦੇ ਦੋਸ਼ੀਆਂ ਦੀ ਪੰਥ ਨੇ ਗ੍ਰਿਫਤਾਰੀ ਮੰਗੀ ਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਸਿੰਘਾਂ ਉੱਪਰ ਬਹਿਬਲ ਕਲਾਂ ਕੋਟਕਪੂਰਾ ਵਿੱਚ ਸਿੱਧੀਆਂ ਗੋਲੀਆਂ ਚਲਾ ਕੇ ਗੰਦੇ ਪਾਣੀ ਦੀਆਂ ਬੁਛਾੜਾਂ ਤੇ ਲਾਠੀਚਾਰਜ ਕਰਕੇ ਦੋ ਸਿੰਘਾਂ ਨੂੰ ਸ਼ਹੀਦ ਅਤੇ ਅਨੇਕਾਂ ਨੂੰ ਜਖਮੀ ਕਰ ਦਿੱਤਾ ਬੇਅਦਬੀ ਦੇ ਦੋਸ਼ੀ ਡੇਰਾ ਸਿਰਸਾ ਮੁਖੀ ਅਤੇ ਉਸਦੇ ਪੈਰੋਕਾਰਾਂ ਨੂੰ ਬਚਾਉਣ ਲਈ ਹਰੇਕ ਤਰਾਂ ਦੀ ਛੱਤਰ ਛਾਇਆ ਬਾਦਲਾਂ ਨੇ ਦਿੱਤੀ ਗੁਰੂ ਸਾਹਿਬ ਦਾ ਸਵਾਂਗ ਰਚਣ ਵਾਲੇ ਸੌਦਾ ਅਸਾਧ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮੇ ਨੂੰ ਪਿੱਠ ਦੇ ਕੇ ਉਸ ਤੋਂ ਵੋਟਾਂ ਮੰਗੀਆਂ ਤੇ ਬਾਅਦ ਵਿੱਚ ਸੌਦਾ ਅਸਾਧ ਨੂੰ ਮਾਫੀਨਾਮਾ ਵੀ ਦਿਵਾ ਦਿੱਤਾ ਗਿਆ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮੇ ਤੇ ਪਹਿਰਾ ਦੇ ਰਹੇ ਭਾਈ ਕਮਲਜੀਤ ਸਿੰਘ ਸੁਨਾਮ ਨੂੰ ਸ਼ਹੀਦ ਕਰ ਦਿੱਤਾ ਨੂਰਮਹਿਲੀਏ ਦਾ ਸ਼ਾਂਤਮਈ ਵਿਰੋਧ ਕਰਦੇ ਭਾਈ ਦਰਸ਼ਨ ਸਿੰਘ ਲੁਹਾਰਾ ਨੂੰ ਲੁਧਿਆਣਾ ਚ ਸ਼ਹੀਦ ਕਰ ਦਿੱਤਾ ਭਾਈ ਰਾਜੋਆਣਾ ਦੀ ਫਾਂਸੀ ਰੱਦ ਕਰਾਉਣ ਦੇ ਸੰਘਰਸ਼ ਵਿੱਚ ਯੋਗਦਾਨ ਪਾ ਰਹੇ ਭਾਈ ਜਸਪਾਲ ਸਿੰਘ ਚੌੜ ਸਿੱਧਵਾਂ ਨੂੰ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਤੇ ਕਿਸੇ ਵੀ ਦੋਸ਼ੀ ਨੂੰ ਬਾਦਲਾਂ ਨੇ ਸਜ਼ਾ ਨਹੀਂ ਦਿੱਤੀ ਉਲਟਾ ਦੋਸ਼ੀਆਂ ਦੀ ਪੁਸ਼ਤਪਨਾਹੀ ਕੀਤੀ ਗਈ ਸਿੱਖ ਪੰਥ ਦੇ ਦੋਸ਼ੀ ਸੌਦਾ ਅਸਾਧ ਨੂੰ ਛੱਤਰ ਛਾਇਆ ਦਿੰਦਿਆਂ ਬਾਦਲਾਂ ਵੱਲੋਂ ਸਿੱਖ ਪ੍ਰਚਾਰਕਾਂ ਨੂੰ ਫੜ ਕੇ ਜੇਲਾਂ ਵਿੱਚ ਡੱਕਿਆ ਗਿਆ ਧਾਰਮਿਕ ਦੀਵਾਨਾ ਅੰਮ੍ਰਿਤ ਸੰਚਾਰ ਤੇ ਵੀ ਪਾਬੰਦੀ ਲਾਈ ਗਈ ਬਾਦਲਾਂ ਦੇ ਰਾਜ ਵਿੱਚ ਲੈਂਡ ਮਾਫੀਆ ਸੈਂਡ ਮਾਫੀਆ ਡਰੱਗ ਮਾਫੀਆ ਕੇਬਲ ਮਾਫੀਆ ਟਰਾਂਸਪੋਰਟ ਮਾਫੀਆ ਪ੍ਰਫੁੱਲਿਤ ਕੀਤਾ ਬਾਦਲ ਪਰਿਵਾਰ ਦੇ ਗੁਨਾਹਾਂ ਦੀ ਦਾਸਤਾਨ ਬਹੁਤ ਲੰਬੀ ਹੈ ਪੰਥ ਦੀਆਂ ਸ਼੍ਰੋਮਣੀ ਸੰਸਥਾਵਾਂ ਨੂੰ ਬਚਾਉਣ ਲਈ ਇੱਕ ਵਾਰੀ ਬਾਦਲ ਪਰਿਵਾਰ ਨੂੰ ਹਰਾਉਣਾ ਬਹੁਤ ਜਰੂਰੀ ਹੈ ਤਾਂ ਕੇ ਉਹ ਸਿੱਖ ਸੰਸਥਾਵਾਂ ਦਾ ਖਹਿੜਾ ਛੱਡ ਦੇਵੇ ਤੇ ਪੰਥ ਦਰਦੀ ਇਹਨਾਂ ਪੰਥਕ ਸੰਸਥਾਵਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੋਮਣੀ ਅਕਾਲੀ ਦਲ ਨੂੰ ਮੁੜ ਬੁਲੰਦੀਆਂ ਵੱਲ ਲਿਜਾ ਸਕਣ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਲੋਕ ਸਭਾ ਹਲਕਾ ਬਠਿੰਡਾ ਤੋਂ ਬੀਬੀ ਹਰਸਿਮਰਤ ਕੌਰ ਬਾਦਲ ਨੂੰ ਹਰਾਉਣਾ ਬਹੁਤ ਜਰੂਰੀ ਹੈ ਇਸੇ ਤਰਾਂ ਉਨਾਂ ਕਿਹਾ ਕੇ ਹਲਕਾ ਫਰੀਦਕੋਟ ਤੋਂ ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਸਰਬਜੀਤ ਸਿੰਘ ਅਤੇ ਹਲਕਾ ਖਡੂਰ ਸਾਹਿਬ ਤੋਂ ਡਿਬਰੂਗੜ ਜੇਲ ਵਿੱਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਦਾ ਸਮਰਥਨ ਕਰਕੇ ਜਿਤਾ ਕੇ ਦੋਨਾਂ ਨੂੰ ਪਾਰਲੀਮੈਂਟ ਵਿੱਚ ਭੇਜਣਾ ਵੀ ਪੰਥ ਦੀ ਜਿੰਮੇਵਾਰੀ ਹੈ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN PURE AND NATURAL
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST
LUNCH
DINNER
**OUR SPECIALIZATION :** Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



## ਪੰਜਾਬੀ
### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# ਪਿੰਡ ਰੋਡੇ ਵਿਖੇ 2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਮਨਾਏ ਜਾ ਰਹੇ ਜਨਮ ਦਿਨ ਸਮਾਗਮ 'ਤੇ ਸੰਗਤਾਂ ਨੂੰ ਪਹੁੰਚਣ ਦੀ ਅਪੀਲ




ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ

**ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ**






ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ

## ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਜਦੋਂ ਮਰਜੀ ਮਨਾਓ, ਪਰ ਖਾਲਸਾ ਪੰਥ 2 ਜੂਨ 1947 ਦੀ ਸਹੀ ਜਨਮ ਤਰੀਕ ਜਰੂਰ ਯਾਦ ਰੱਖੇ

**-ਭਾਈ ਕਪਤਾਨ ਸਿੰਘ**
**ਪੰਥਕ ਆਗੂ ਯੂ ਕੇ**



ਭਾਈ ਕਪਤਾਨ ਸਿੰਘ ਵੱਲੋਂ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਬਾਬਾ-ਏ-ਕੌਮ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਵਾਲਿਆਂ ਦਾ ਜਨਮ ਜਦੋਂ ਵੀ ਮਰਜੀ ਮਨਾਇਆ ਜਾ ਸਕਦਾ ਹੈ ਪਰ ਸੰਤਾਂ ਦਾ ਜਨਮ 2 ਜੂਨ 1947 ਦਾ ਸਹੀ ਤਰੀਕ ਹੈ ਇਹ ਤਰੀਕ ਸਿੱਖ ਸੰਗਤ ਯਾਦ ਰੱਖੇ। ਇਸੇ ਕਰਕੇ ਇੰਟਰਨੈਸ਼ਨਲ ਪੰਥਕ ਦਲ ਦੇ ਸ੍ਰਪਰਸਤ, ਸ੍ਰੀ ਅਕਾਲ ਤੱਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਦੇ ਉਪਰਾਲੇ ਸਦਕਾ ਸੰਤਾਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ 2 ਜੂਨ 2024 ਨੂੰ ਮਨਾਇਆ ਜਾ ਰਿਹਾ ਹੈ ਜਿਸ ਵਿਚ ਪੂਰੇ ਦਿਨ ਦੇ ਸਮਾਗਮ ਵਿੱਚ ਸੰਤ ਮਹਾਪੁਰਖ ਜੰਥੇਬੰਦੀਆ ਤੇ ਪੰਥ ਦੀਆ ਮਾਇਆਨਾਜ ਹਸਤੀਆਂ ਪਹੁੰਚ ਰਹੀਆ ਹਨ, ਸਮੂਹ ਸੰਗਤਾਂ ਨੂੰ ਬੇਨਤੀ ਹੈ ਕੇ ਇਹਨਾ ਸਮਾਗਮਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆ ਖੁਸ਼ੀਆ ਪ੍ਰਾਪਤ ਕਰੋ ਜੀ ਤੇ ਸੰਤਾਂ ਦੇ ਜੀਵਨ ਤੋਂ ਸੇਧ ਲੈ ਕੇ ਪੰਥ, ਪੰਜਾਬ, ਪੰਜਾਬੀਅਤ ਦੀ ਸੇਵਾ ਵਿੱਚ ਸਹਿਯੋਗ ਕਰੋ ਜੀ।



--✶ ਗੁਰੂ ਪੰਥ ਦਾ ਸੇਵਾਦਾਰ ✶--

**ਭਾਈ ਕਪਤਾਨ ਸਿੰਘ**
**(ਇੰਗਲੈਂਡ)**
**ਜਨਰਲ ਸਕੱਤਰ ਅਤੇ ਮੁੱਖ ਬੁਲਾਰਾ**
**ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.**

ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ

# ਸੰਤ ਬਾਬਾ ਤੁਲਸੀ ਦਾਸ ਜੀ ਅਤੇ ਸੰਤ ਬਾਬਾ ਮਾਨ ਸਿੰਘ ਪਿਹੋਵੇ ਵਾਲਿਆਂ ਦੀ ਯਾਦ ਵਿੱਚ 'ਮਹਾਨ ਗੁਰਮਤਿ ਸਮਾਗਮ' ਆਯੋਜਿਤ






ਆਵਾਜ਼ਿ ਕੌਮ AWAZE QAUM International Newspaper & WEB TV







ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ,ਸੰਤ ਬਾਬਾ ਤੁਲਸੀ ਦਾਸ ਜੀ ਅਤੇ ਸੰਤ ਬਾਬਾ ਮਾਨ ਸਿੰਘ ਪਿਹੋਵੇ ਵਾਲਿਆਂ ਦੀ ਯਾਦ ਵਿੱਚ 'ਮਹਾਨ ਗੁਰਮਤਿ ਸਮਾਗਮ' ਬਾਬਾ ਸਵਰਨ ਸਿੰਘ ਸੈਦਖੇੜੀ ਵਾਲਿਆ ਵਲੋਂ ਪਿੰਡ ਸੈਦਖੇੜੀ ਰਾਜਪੁਰਾ ਪਟਿਆਲਾ ਵਿਖੇ 26 ਮਈ 2024 ਨੂੰ ਰਾਤਰੀ ਦਾ ਦੀਵਾਨ ਸਜਾਉਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ HSGMC,ਬਾਬਾ ਮਨੀ ਸਿੰਘ ਪਿਹੋਵੇ ਵਾਲੇ, ਬਾਬਾ ਭਗਵੰਤ ਸਿੰਘ ਢੀਂਡਸਾ ਵਾਲੇ ਅਤੇ ਹਾਜ਼ਰ ਸਿੱਖ ਸੰਗਤ।
(ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਿੰਡ ਖੱਬੇ ਰਾਜਪੂਤਾਂ ਵਿਖੇ

# ਦਮਦਮੀ ਟਕਸਾਲ ਵੱਲੋਂ ਸ਼ਹੀਦੀ ਸਮਾਗਮ ਕਰਵਾਏ ਗਏ



**ਚੌਕ ਮਹਿਤਾ, 26 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ 1984 ਨੂੰ ਵਾਪਰੇ ਤੀਸਰੇ ਘੱਲੇ ਘਰੇ ਦੇ ਸ਼ਹੀਦਾਂ ਨੂੰ ਸਮਰਪਿਤ ਸ਼ਹੀਦੀ ਸਮਾਗਮ ਪਿੰਡ ਖੱਬੇ ਰਾਜਪੂਤਾਂ ਵਿਖੇ ਕਰਵਾਇਆ ਗਿਆ। ਦਮਦਮੀ ਟਕਸਾਲ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਰਹਿਨੁਮਾਈ ਹੇਠ ਕਰਵਾਏ ਗਏ ਇਸ ਸ਼ਹੀਦੀ ਸਮਾਗਮ ਵਿੱਚ ਗੁਰੂ ਗੁਰੂ ਇਤਿਹਾਸ ਦੀ ਕਥਾ ਸਰਵਣ ਕਰਾਉਂਦਿਆਂ ਟਕਸਾਲ ਮੁਖੀ ਵੱਲੋਂ ਜਹਾਂਗੀਰ ਬਾਦਸ਼ਾਹ ਅਤੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਵੱਧ ਰਹੀ ਨੇੜਤਾ ਬਾਰੇ ਇਤਿਹਾਸ ਸੰਗਤਾਂ ਨੂੰ ਸਰਵਣ ਕਰਾਇਆ। ਅਖੀਰ ਵਿੱਚ ਉਹਨਾਂ ਨੇ ਸਮੂਹ ਸਿੱਖ ਜਗਤ ਨੂੰ ਸੁਚੇਤ ਕਰਦਿਆਂ ਕਿਹਾ ਕਿ ਸਾਨੂੰ ਇੱਕ ਪਲੇਟਫਾਰਮ ਤੇ ਇਕੱਠਿਆਂ ਹੋ ਜਾਣਾ ਚਾਹੀਦਾ ਹੈ ਅਤੇ ਆਪਸੀ ਵੈਰ ਵਿਰੋਧ ਛੱਡ ਕੇ ਬਾਣੀ ਬਾਣੀ ਬਾਣੇ ਦੇ ਧਾਰਨੀ ਓਕੇ ਹੋ ਕੇ ਗੁਰਮਤਿ ਅਨੁਸਾਰ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ।ਸ਼ਹੀਦੀ ਸਮਾਗਮ ਵਿੱਚ ਹੈਡ ਗ੍ਰੰਥੀ ਭਾਈ ਕੁਲਵੰਤ ਸਿੰਘ ਜਥੇਦਾਰ ਅਜੀਤ ਸਿੰਘ ਤਰਨਾ ਦਲ ਮਹਿਤਾ ਭਾਈ ਬੋਹੜ ਸਿੰਘ,ਭਾਈ ਸਤਨਾਮ ਸਿੰਘ ਭਾਈ ਜੋਬਨ ਪ੍ਰੀਤ ਸਿੰਘ, ਸਰਪੰਚ ਮਨਦੀਪ ਸਿੰਘ ਸੋਨਾ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਅਤੇ ਲਖਵਿੰਦਰ ਸਿੰਘ ਸੋਨਾ ਦੋਵੇਂ ਸਾਬਕਾ ਚੇਅਰਮੈਨ ਸਾਬਕਾ ਸਰਪੰਚ ਸੰਤੋਖ ਸਿੰਘ ਹਰਪਾਲ ਸਿੰਘ ਪ੍ਰਧਾਨ ਬਿਕਰਮਜੀਤ ਸਿੰਘ ਜੋਗਾ ਸਿੰਘ ਹਰਦੇਵ ਸਿੰਘ ਅਜੀਤ ਸਿੰਘ ਨਿਹੰਗ ਹਰਦੀਪ ਸਿੰਘ ਅਤੇ ਹੋਰ ਬਹੁਤ ਸਾਰੀਆਂ ਸੰਗਤਾਂ ਮੌਜੂਦ ਸਨ।

### ਮਨਪ੍ਰੀਤ ਬਾਖ਼ੂਬੀ ਨਿਭਾ ਰਿਹੈ ਨਹੁੰ-ਮਾਸ ਵਾਲੀ ਦੋਸਤੀ- ਗੁਰਮੀਤ ਖੁੱਡੀਆਂ

# ਹਰਸਿਮਰਤ ਨੂੰ ਪੁੱਛਿਆ 'ਕਿਉਂ ਨਹੀਂ ਲਾਇਆ ਫ਼ੂਡ ਪ੍ਰੋਸੈਸਿੰਗ ਪਲਾਂਟ'; ਪੰਜਾਬੀਆਂ ਨੂੰ 13-0 ਕਰਨ ਦੀ ਕੀਤੀ ਅਪੀਲ



**ਬਠਿੰਡਾ, 27 ਮਈ (ਗੁਰਜੰਟ ਸਿੰਘ ਨਥੇਹਾ)**- ਲੋਕ ਸਭਾ ਹਲਕਾ ਬਠਿੰਡਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਨੇ ਖੁਲਾਸਾ ਕੀਤਾ ਹੈ ਕਿ ਮਨਪ੍ਰੀਤ ਸਿੰਘ ਬਾਦਲ ਆਪਣੀ ਭਰਜਾਈ ਹਰਸਿਮਰਤ ਕੌਰ ਬਾਦਲ ਦੀ ਅੰਦਰੂਨੀ ਮੱਦਦ ਕਰ ਰਹੇ ਹਨ। ਉਨ੍ਹਾਂ ਤਰਕ ਪੇਸ਼ ਕੀਤਾ ਕਿ ਮਨਪ੍ਰੀਤ ਬਾਦਲ ਬਿਮਾਰੀ ਦਾ ਬਹਾਨਾ ਬਣਾ ਕੇ ਬਠਿੰਡਾ ਹਲਕੇ 'ਚ ਤਾਂ ਭਾਜਪਾ ਦੇ ਚੋਣ ਪ੍ਰਚਾਰ ਤੋਂ ਦੂਰੀ ਬਣਾ ਕੇ ਚੱਲ ਰਹੇ ਹਨ ਪਰ ਪਟਿਆਲਾ 'ਚ ਪ੍ਰਧਾਨ ਮੰਤਰੀ ਦੀ ਰੈਲੀ ਵਿੱਚ ਪਹੁੰਚ ਜਾਂਦੇ ਹਨ। ਇਥੇ ਚੋਣ ਜਲਸਿਆਂ ਚੋਣ ਦੌਰਾਨ ਸ੍ਰੀ ਖੁੱਡੀਆਂ ਨੇ ਕਿਹਾ ਕਿ ਮਨਪ੍ਰੀਤ ਬਾਦਲ ਵੱਲੋਂ ਅਕਾਲੀ-ਭਾਜਪਾ ਦੇ ਨਹੁੰ-ਮਾਸ ਦੇ ਰਿਸ਼ਤੇ ਨੂੰ ਪੁਗਾਉਣ ਦੀ ਇਹ ਸਹੀ ਤਸਵੀਰ ਹੈ। ਉਨ੍ਹਾਂ ਹਰਸਿਮਰਤ ਕੌਰ ਬਾਦਲ ਤੋਂ ਪੁੱਛਿਆ ਕਿ ਜਿਹੜੀ ਬੀਬੀ ਕੇਂਦਰ ਵਿਚ ਫ਼ੂਡ ਪ੍ਰੋਸੈਸਿੰਗ ਮੰਤਰੀ ਹੁੰਦਿਆਂ ਹੋਇਆਂ, ਮਾਲਵਾ ਖਿੱਤੇ 'ਚ ਫ਼ੂਡ ਪ੍ਰੋਸੈਸਿੰਗ ਦੀ ਇਕ ਵੀ ਸਨਅਤ ਸਥਾਪਿਤ ਨਹੀਂ ਕਰਵਾ ਸਕੀ, ਉਹ ਹੁਣ ਕਿਸਾਨਾਂ ਦੀ ਸਭ ਤੋਂ ਵੱਡੀ ਖ਼ੈਰ-ਖ਼ੁਆਹ ਹੋਣ ਦੇ ਦਮਗਜੇ ਮਾਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਚਿੱਟੇ ਦਿਨ ਵਰਗਾ ਸੱਚ ਹੈ ਕਿ ਕਿਸਾਨੀ ਦੀਆਂ ਜੜ੍ਹਾਂ ਖੋਖਲੀਆਂ ਕਰਨ ਵਾਲੇ ਵਿਵਾਦਤ ਖੇਤੀ ਕਾਨੂੰਨਾਂ ਦੀ ਬਾਦਲ ਪਰਿਵਾਰ ਦੇ ਇਕੱਲੇ-ਇਕੱਲੇ ਜੀਅ ਨੇ ਸ਼ਰ੍ਹੇਆਮ ਪੈਰਵੀ ਕੀਤੀ ਪਰ ਜਦੋਂ ਕਿਸਾਨਾਂ ਨੇ ਬਾਦਲ ਪਰਿਵਾਰ ਦੇ ਘਰ ਅੱਗੇ ਪਿੰਡ ਬਾਦਲ 'ਚ ਪੱਕਾ ਮੋਰਚਾ ਲਾ ਦਿੱਤਾ, ਤਾਂ ਕਿਤੇ ਜਾ ਕੇ ਮਜ਼ਬੂਰੀ ਵੱਸ ਕੇਂਦਰੀ ਮੰਤਰੀ ਪਦ ਤੋਂ ਅਸਤੀਫਾ ਦਿੱਤਾ ਸੀ। ਉਨ੍ਹਾਂ ਕਿਹਾ ਕਿ ਕਿਸਾਨ ਇਹ ਕਦੇ ਨਹੀਂ ਭੁੱਲਣਗੇ ਕਿ ਹਰਸਿਮਰਤ ਦੇ ਕੇਂਦਰੀ ਮੰਤਰੀ ਹੁੰਦਿਆਂ ਹੋਇਆਂ ਭਾਜਪਾ ਸਰਕਾਰ ਵੱਲੋਂ ਸੜਕਾਂ 'ਤੇ ਕਿੱਲ ਠੋਕ ਕੇ ਤੇ ਬੈਰੀਕੇਡਿੰਗ ਕਰਕੇ ਉਨ੍ਹਾਂ ਨੂੰ ਦਿੱਲੀ ਦੀਆਂ ਬਰੂਹਾਂ ਤੋਂ ਅੱਗੇ ਨਹੀਂ ਜਾਣ ਦਿੱਤਾ ਗਿਆ ਅਤੇ ਸਵਾ ਸਾਲ ਮੌਸਮਾਂ ਦੀ ਬਦ-ਮਿਜ਼ਾਜੀ ਦੀ ਮਾਰ ਝੱਲ ਕੇ ਸਵਾ ਸਾਲ ਕਿਸਾਨਾਂ ਨੂੰ ਸੜਕਾਂ 'ਤੇ ਰੁਲਣਾ ਪਿਆ ਸੀ। ਉਨ੍ਹਾਂ ਕਿਹਾ ਕਿ ਮਨਪ੍ਰੀਤ ਬਾਦਲ ਦੀ ਭਾਜਪਾ 'ਚ ਸ਼ਮੂਲੀਅਤ ਵੀ ਬਾਦਲ ਪਰਿਵਾਰ ਦੀ ਡੂੰਘੀ ਚਾਲ ਸੀ, ਜੋ ਹੁਣ ਉੱਭਰਵੇਂ ਰੂਪ ਵਿੱਚ ਸਾਹਮਣੇ ਆ ਗਈ ਹੈ।ਸ੍ਰੀ ਖੁੱਡੀਆਂ ਨੇ ਕਿਹਾ ਕਿ ਕਾਂਗਰਸੀਆਂ ਦੀ ਹਾਲਤ ਬਿਨਾਂ ਪਾਣੀ ਤੋਂ ਮੱਛੀ ਵਰਗੀ ਹੈ ਅਤੇ ਇਹ ਸੱਤਾ ਬਗ਼ੈਰ ਟਿਕ ਨਹੀਂ ਸਕਦੇ, ਇਸੇ ਲਈ ਸੱਤਰ ਪ੍ਰਤੀਸ਼ਤ ਪੰਜਾਬ ਦੇ ਕਾਂਗਰਸੀ ਆਗੂ ਭਾਜਪਾ ਵਿੱਚ ਐਂਟਰੀ ਮਾਰ ਗਏ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਦਾ ਬਹੁਤਾ ਬੇੜਾ ਤਾਂ ਆਪਣੇ ਪਾਪਾਂ ਦੇ ਭਾਰ ਨਾਲ ਖੁਦ ਹੀ ਡੁੱਬ ਚੁੱਕਾ ਹੈ ਅਤੇ ਬਾਕੀ ਰਹਿੰਦ-ਖੂੰਹਦ 4 ਜੂਨ ਨੂੰ ਚੋਣ ਨਤੀਜੇ ਆਉਣ ਮਗਰੋਂ ਸਮੇਟੀ ਜਾਵੇਗੀ।

ਅਖੀਰ ਵਿਚ ਸ੍ਰੀ ਖੁੱਡੀਆਂ ਨੇ ਆਖਿਆ ਕਿ ਦੁਨੀਆਂ ਭਰ 'ਚ ਖ਼ੂਬਸੂਰਤ ਜਮਹੂਰੀਅਤ ਕਰਕੇ ਜਾਣੇ ਜਾਂਦੇ ਭਾਰਤ ਦੀ ਜਮਹੂਰੀਅਤ ਅਤੇ ਸੰਵਿਧਾਨ ਨੂੰ ਹੁਣ ਫ਼ਿਰਕੂ ਤੇ ਫ਼ਾਸ਼ੀਵਾਦ ਫ਼ੈਲਾਅ ਰਹੇ ਤਾਨਾਸ਼ਾਹਾਂ ਤੋਂ ਖ਼ਤਰਾ ਹੈ। ਉਨ੍ਹਾਂ ਵੋਟਰਾਂ ਨੂੰ ਸਨਿਮਰ ਅਪੀਲ ਕੀਤੀ ਕਿ ਪੰਜਾਬ ਨੇ ਸਦਾ ਜ਼ਾਲਮਾਂ ਦਾ ਟਾਕਰਾ ਕੀਤਾ ਹੈ ਅਤੇ ਇਸ ਵਾਰ ਜ਼ੁਲਮ ਦਾ ਜਵਾਬ ਵੋਟ ਨਾਲ ਦੇਣ ਲਈ ਆਮ ਆਦਮੀ ਪਾਰਟੀ ਨੂੰ 13 ਦੀਆਂ 13 ਸੀਟਾਂ 'ਤੇ ਸ਼ਾਨਾਮੱਤੀ ਜਿੱਤ ਦੁਆ ਕੇ, ਰੰਗਲੇ ਪੰਜਾਬ ਦੀ ਇਬਾਰਤ ਸੁਨਹਿਰੀ ਹਰਫ਼ਾਂ ਵਿੱਚ ਲਿਖ਼ੀ ਜਾਵੇ।

ਸ੍ਰੀ ਖੁੱਡੀਆਂ ਨੇ ਅੱਜ ਵਿਧਾਨ ਸਭਾ ਹਲਕਾ ਬਠਿੰਡਾ (ਦਿਹਾਤੀ) ਦੇ ਨਰੂਆਣਾ, ਜੈ ਸਿੰਘ ਵਾਲਾ, ਫੁੱਲੋ ਮਿੱਠੀ, ਸੰਗਤ ਕਲਾਂ, ਕੋਟ ਗੁਰੂ, ਮੁਹਾਲਾਂ, ਬਾਂਡੀ, ਫਰੀਦਕੋਟ ਕੋਟਲੀ, ਕੋਟਲੀ ਸਾਬੋ, ਕਾਲ ਝਰਾਣੀ, ਰਾਏ ਕੇ ਕਲਾਂ, ਚੱਕ ਅੱਤਰ ਸਿੰਘ ਵਾਲਾ, ਨੰਦਗੜ੍ਹ, ਬਾਜਕ, ਬੰਬੀਹਾ, ਜੰਗੀਰਾਣਾ, ਝੂੰਬਾ, ਤਿਉਣਾ, ਬਾਹੋ ਯਾਤਰੀ, ਬਾਹੋ ਸਿਵੀਆਂ, ਘੁੱਦਾ ਆਦਿ ਪਿੰਡਾਂ ਵਿੱਚ ਲੋਕ ਮਿਲਣੀਆਂ ਕੀਤੀਆਂ।

# ਸਾਬਕਾ ਮੁੱਖ ਮੰਤਰੀ ਚੰਨੀ ਨੇ ਨੰਬਰਦਾਰਾਂ ਦੀਆਂ ਸਮੱਸਿਆਵਾਂ ਗੌਰ ਨਾਲ ਸੁਣੀਆਂ - ਜ਼ਿਲ੍ਹਾ ਪ੍ਰਧਾਨ ਅਸ਼ੋਕ ਸੰਧੂ

### ਮੁੱਖ ਮੰਤਰੀ ਸਮੇਂ ਨੰਬਰਦਾਰਾਂ ਦੀ ਸਰਬਰਾਹੀ ਦਾ ਸਮਾਂ 5 ਸਾਲ ਤੈਅ ਕੀਤਾ ਸੀ - ਚਰਨਜੀਤ ਸਿੰਘ ਚੰਨੀ



**ਨੂਰਮਹਿਲ/ਨਕੋਦਰ/ਮਹਿਤਪੁਰ (ਹਰਜਿੰਦਰ ਪਾਲ ਛਾਬੜਾ)**-ਲੋਕ ਸਭਾ ਹਲਕਾ ਜਲੰਧਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਮੁੱਖ ਮੰਤਰੀ ਪੰਜਾਬ ਸ੍ਰ. ਚਰਨਜੀਤ ਸਿੰਘ ਚੰਨੀ ਪੀ.ਐੱਚ.ਡੀ ਨਾਲ ਨੰਬਰਦਾਰ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਅਤੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਨੇ ਨੰਬਰਦਾਰਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਦੇ ਪੀ.ਆਰ.ਓ ਅਤੇ ਕਲੱਬ ਡਾਇਰੈਕਟਰ ਲਾਇਨ ਦਿਨਕਰ ਸੰਧੂ ਵੀ ਉਚੇਚੇ ਤੌਰ 'ਤੇ ਹਾਜ਼ਿਰ ਸਨ।ਜ਼ਿਲ੍ਹਾ ਪ੍ਰਧਾਨ ਨੇ ਸਾਬਕਾ ਮੁੱਖ ਮੰਤਰੀ ਨੂੰ ਦੱਸਿਆ ਕਿ ਨੰਬਰਦਾਰਾਂ ਦਾ ਮਾਣ ਭੱਤਾ ਜ਼ਿਲ੍ਹਾ ਜਲੰਧਰ ਵਿੱਚ ਨਿਯਮਤ ਰੂਪ ਵਿੱਚ ਨਹੀਂ ਮਿਲਦਾ, ਬਹੁਤ ਸਾਰੇ ਨੰਬਰਦਾਰ ਖੱਜਲ ਖੁਆਰ ਹੋ ਰਹੇ ਹਨ। ਆਦਮਪੁਰ ਤਹਿਸੀਲ ਵਿੱਚ ਤਾਂ ਇੱਕ ਸਾਲ ਤੋਂ ਵੀ ਵੱਧ ਸਮਾਂ ਹੋ ਗਿਆ ਹੈ ਮਾਣ ਭੱਤਾ ਨਹੀਂ ਮਿਲਿਆ। ਭਗਵੰਤ ਮਾਨ ਸਰਕਾਰ ਨੇ ਆਪਣੇ ਮੈਨੀਫੈਸਟੋ ਵਿੱਚ ਨੰਬਰਦਾਰ ਸਹਿਬਾਨਾਂ ਨੂੰ ਮਾਣ ਭੱਤਾ 2000 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ ਜਦਕਿ ਨੰਬਰਦਾਰ ਮਾਣ ਭੱਤਾ 5000 ਰੁਪਏ ਕਰਨ ਦੀ ਮੰਗ ਰਹੇ ਹਨ। ਨੰਬਰਦਾਰਾਂ ਨੂੰ 2000 ਰੁਪਏ ਮਿਲਣੇ ਤਾਂ ਦੂਰ ਦੀ ਗੱਲ 1500 ਰੁਪਏ ਵੀ ਲਿਲੜੀਆਂ ਕਢਵਾਕੇ ਮਿਲਦੇ ਹਨ। ਨੰਬਰਦਾਰ ਯੂਨੀਅਨ ਦੇ ਸਿਪਾਸਿਲਾਰ ਨੰਬਰਦਾਰੀ ਜੱਦੀ ਪੁਸ਼ਤੀ ਕਰਨ ਲਈ ਲੰਬੇ ਤੋਂ ਸੰਘਰਸ਼ ਵਿੱਢ ਰਹੇ ਹਨ ਪਰ ਮੌਜੂਦਾ ਸਰਕਾਰ ਨੰਬਰਦਾਰ ਸਾਹਿਬਾਨਾਂ ਨੂੰ ਅਤੇ ਉਹਨਾਂ ਦੀਆਂ ਮੰਗਾਂ ਨੂੰ ਟਿੱਚ ਸਮਝਦੀ ਹੈ। ਜੇਕਰ ਨੰਬਰਦਾਰ ਸੰਘਰਸ਼ ਵਿੱਢ ਦੇ ਹਨ ਤਾਂ ਉਹਨਾਂ 'ਤੇ ਮੁਕੱਦਮੇ ਦਰਜ ਕਰ ਦਿੱਤੇ ਜਾਂਦੇ ਹਨ, ਬੀਤੇ ਸਮੇਂ ਭਗਵੰਤ ਮਾਨ ਸਰਕਾਰ ਨੇ ਲਗਭਗ 300 ਨੰਬਰਦਾਰ ਸਾਹਿਬਾਨਾਂ 'ਤੇ ਮੁਕੱਦਮੇ ਦਰਜ ਕਰ ਕਰਕੇ ਇਹ ਪ੍ਰਮਾਣ ਦੇ ਦਿੱਤਾ ਕਿ ਉਹ ਨੰਬਰਦਾਰਾਂ ਦੇ ਕੱਟੜ ਵਿਰੋਧੀ ਹਨ।ਜ਼ਿਲ੍ਹਾ ਪ੍ਰਧਾਨ ਅਸ਼ੋਕ ਸੰਧੂ ਦੀ ਗੱਲਬਾਤ ਸੁਣਨ ਤੋਂ ਬਾਅਦ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਜਦੋਂ ਉਹ ਮੁੱਖ ਮੰਤਰੀ ਸਨ ਤਾਂ ਉਹਨਾਂ ਨੇ ਨੰਬਰਦਾਰਾਂ ਦੀ ਸਰਬਰਾਹੀ ਦਾ ਸਮਾਂ 5 ਸਾਲ ਤੈਅ ਕਰ ਦਿੱਤਾ ਸੀ ਜੇਕਰ ਉਹਨਾਂ ਦੀ ਸਰਕਾਰ ਮੁੜ ਬਣ ਜਾਂਦੀ ਤਾਂ ਨੰਬਰਦਾਰੀ ਜੱਦੀ ਪੁਸ਼ਤੀ ਦੀ ਕਰਨ ਪ੍ਰਬਲ ਮੰਗ ਵੀ ਪਹਿਲ ਦੇ ਆਧਾਰ 'ਤੇ ਹੱਲ ਕਰ ਦੇਣੀ ਸੀ ਕਿਉਂਕਿ ਨੰਬਰਦਾਰ ਪੰਜਾਬ ਦੀ ਇੱਕ ਵੱਡਮੁੱਲੀ ਹਸਤੀ ਹਨ। ਉਹਨਾਂ ਕਿਹਾ ਕਿ ਜੇਕਰ 35000 ਨੰਬਰਦਾਰ ਕਾਂਗਰਸ ਪਾਰਟੀ ਦੀ ਠੋਕ ਵਜਾ ਕੇ ਮਦਦ ਕਰਦੇ ਹਨ ਤਾਂ ਉਹ ਇਲੈਕਸ਼ਨ ਜਿੱਤ ਕੇ ਹਰ ਹੀਲੇ ਵਸੀਲੇ ਨੰਬਰਦਾਰ ਸਾਹਿਬਾਨਾਂ ਦੀਆਂ ਦਰਵੇਸ਼ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨਗੇ। ਜ਼ਿਲ੍ਹਾ ਜਲੰਧਰ ਦੇ ਹਰ ਨੰਬਰਦਾਰ ਦੀ ਗੱਲ ਨੂੰ ਉਹ ਖਿੜੇ ਮੱਥੇ ਪ੍ਰਵਾਨ ਕਰਨਗੇ। ਉਹਨਾਂ ਮੁਸਕਰਾਉਂਦੇ ਹੋਏ ਕਿਹਾ ਕਿ ਇੱਕ ਚੰਨੀ ਹੀ ਹੈ ਜੋ ਕਰਦਾ ਹੈ ਮਸਲੇ ਹੱਲ।

# 3 ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਨੂੰ ਅੰਡਰਸਟੇਟਮੈਂਟ ਤੇ 1 ਉਮੀਦਵਾਰ ਨੂੰ ਖਰਚਾ ਰਜਿਸਟਰ ਪੇਸ਼ ਨਾ ਕਰਨ ਦੇ ਮੱਦੇਨਜ਼ਰ ਨੋਟਿਸ ਜਾਰੀ- ਜਸਪ੍ਰੀਤ ਸਿੰਘ

**ਬਠਿੰਡਾ, 27 ਮਈ (ਗੁਰਜੰਟ ਸਿੰਘ ਨਥੇਹਾ)**- ਜ਼ਿਲ੍ਹਾ ਚੋਣ ਅਫਸਰ ਸ. ਜਸਪ੍ਰੀਤ ਸਿੰਘ ਨੇ ਦੱਸਿਆ ਕਿ ਲੋਕ ਪ੍ਰਤੀਨਿਧਤਾ ਐਕਟ, 1951 ਦੇ ਸੈਕਸ਼ਨ 77 (1) ਅਨੁਸਾਰ 3 ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਨੂੰ ਅੰਡਰਸਟੇਟਮੈਂਟ ਤੇ 1 ਨੈਸ਼ਨਲਿਸਟ ਜਸਟਿਸ ਪਾਰਟੀ ਦੀ ਉਮੀਦਵਾਰ ਨੂੰ ਚੋਣ ਖਰਚਾ ਰਜਿਸਟਰ ਪੇਸ਼ ਨਾ ਕਰਨ ਦੇ ਮੱਦੇਨਜ਼ਰ ਨੋਟਿਸ ਜਾਰੀ ਕੀਤਾ ਗਿਆ ਹੈ। ਜ਼ਿਲ੍ਹਾ ਚੋਣ ਅਫਸਰ ਨੇ ਇਹ ਵੀ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੋਣ ਲੜ ਰਹੇ ਉਮੀਦਵਾਰਾਂ ਦੇ ਚੋਣ ਖਰਚਿਆਂ ਦੀ ਤਿੰਨ ਵਾਰ ਪੜਤਾਲ ਕੀਤੀ ਜਾਣੀ ਹੈ, ਇਸ ਤੋਂ ਪਹਿਲਾ ਉਮੀਦਵਾਰਾਂ ਦੇ ਚੋਣ ਖਰਚਿਆਂ ਦੀ ਦੋ ਵਾਰ ਪੜਤਾਲ ਕੀਤੀ ਜਾ ਚੁੱਕੀ ਹੈ ਤੇ 30 ਮਈ 2024 ਨੂੰ ਤੀਜੀ ਵਾਰ ਪੜਤਾਲ ਕੀਤੀ ਜਾਵੇਗੀ।



ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆਂ ਕਿ ਉਨ੍ਹਾਂ ਵਲੋਂ ਤਿਆਰ ਕੀਤੇ ਗਏ ਚੋਣ ਖਰਚਾ ਰਜਿਸਟਰ ਦੀ ਦੂਸਰੀ ਇੰਸਪੈਕਸ਼ਨ ਖਰਚਾ ਓਬਜ਼ਰਬਰ ਵਲੋਂ 26 ਮਈ 2024 ਨੂੰ ਕੀਤੀ ਗਈ, ਜਿਸ ਦੌਰਾਨ ਉਮੀਦਵਾਰਾਂ ਵਲੋਂ ਤਿਆਰ ਕੀਤੇ ਗਏ ਖਰਚਾ ਰਜਿਸਟਰ ਦਾ ਮਿਲਾਨ, ਖਰਚਾ ਨਿਗਰਾਨ ਸੈੱਲ ਦੀਆਂ ਟੀਮਾਂ ਵਲੋਂ ਤਿਆਰ ਕੀਤੇ ਗਏ ਸ਼ੈਡੋ ਅਬਸਰਵੇਸ਼ਨ ਰਜਿਸਟਰ ਨਾਲ ਕੀਤਾ ਗਿਆ। ਜ਼ਿਲ੍ਹਾ ਚੋਣ ਅਫਸਰ ਸ. ਜਸਪ੍ਰੀਤ ਸਿੰਘ ਨੇ ਦੱਸਿਆ ਕਿ ਚੋਣ ਖਰਚਾ ਰਜਿਸਟਰ ਦੀ ਇੰਸਪੈਕਸ਼ਨ ਖਰਚਾ ਓਬਜ਼ਰਬਰ ਵਲੋਂ ਉਮੀਦਵਾਰਾਂ ਦੀਆਂ ਬੈਂਕ ਸਟੇਟਮੈਂਟਾਂ ਅਤੇ ਵਾਊਚਰਾਂ ਆਦਿ ਦਾ ਰਿਕਾਰਡ ਚੈਕ ਕੀਤਾ ਗਿਆ। ਇਸ ਦੌਰਾਨ ਗੈਰ ਹਾਜ਼ਰ ਉਮੀਦਵਾਰਾਂ ਅਤੇ ਖਰਚਾ ਅਬਜ਼ਰਬਰ ਵਲੋਂ ਉਮੀਦਵਾਰ ਦੇ ਖਰਚਾ ਰਜਿਸਟਰ ਵਿਚ ਦਿੱਤੀ ਗਈ ਅਬਜ਼ਰਵੇਸ਼ਨ ਦੇ ਅਧਾਰ ਤੇ ਉਮੀਦਵਾਰਾਂ ਦੇ ਲੇਖੇ ਵਿੱਚ ਮਿਲਾਨ ਦੌਰਾਨ ਫਰਕ ਪਾਏ ਗਏ। ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਲੇਖੇ ਵਿੱਚ ਮਿਲਾਨ ਦੌਰਾਨ ਪਾਏ ਗਏ ਫਰਕ 'ਚ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀ ਉਮੀਦਵਾਰ ਬੀਬਾ ਹਰਸਿਮਰਤ ਕੌਰ ਬਾਦਲ ਨੂੰ 10,83,099 ਰੁਪਏ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਉਮੀਦਵਾਰ ਸ਼੍ਰੀ ਜੀਤਮਹਿੰਦਰ ਸਿੰਘ ਸਿੱਧੂ ਨੂੰ 4,33,360 ਰੁਪਏ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਨੂੰ 13,19,088 ਰੁਪਏ ਦੇ ਅੰਡਰਸਟੇਟਮੈਂਟ ਨੋਟਿਸ ਜਾਰੀ ਕੀਤੇ ਗਏ ਜਦਕਿ ਨੈਸ਼ਨਲਿਸਟ ਜਸਟਿਸ ਪਾਰਟੀ ਦੀ ਉਮੀਦਵਾਰ ਪੂਨਮ ਰਾਣੀ ਨੂੰ ਖਰਚਾ ਰਜਿਸਟਰ ਪੇਸ਼ ਨਾ ਕਰਨ ਸਬੰਧੀ ਨੋਟਿਸ ਜਾਰੀ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੀਟਿੰਗ ਨੇ ਧਾਰਿਆ ਰੈਲੀ ਦਾ ਰੂਪ

# ਹਰੇਕ ਪਿੰਡ ਦੀਆਂ ਇਕਾਈਆਂ ਜ਼ਰੂਰੀ - ਫੁਰਮਾਨ ਸਿੰਘ ਸੰਧੂ

## ਬਲਾਕ ਪ੍ਰਧਾਨ ਸਤਨਾਮ ਸਿੰਘ ਲੋਹਗੜ੍ਹ ਸਮੇਤ ਸੈਂਕੜੇ ਪਰਿਵਾਰ ਯੂਨੀਅਨ ਵਿਚ ਸ਼ਾਮਲ







**ਨਕੋਦਰ/ਮਹਿਤਪੁਰ, 27 ਮਈ (ਹਰਜਿੰਦਰ ਪਾਲ ਛਾਬੜਾ)** -ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਲੋਹਗੜ੍ਹ ਵਿਖੇ ਹੋਈ ਮੀਟਿੰਗ ਇਲਾਕੇ ਵਿਚ ਚਰਚਾ ਛੇੜ ਗਈ ।ਆਪ ਦੇ ਬਲਾਕ ਪ੍ਰਧਾਨ ਸਤਨਾਮ ਸਿੰਘ ਲੋਹਗੜ੍ਹ ਦੇ ਗ੍ਰਹਿ ਵਿਖੇ ਰੱਖੀ ਮੀਟਿੰਗ ਦੇਖਦੇ ਹੋਏ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਗਈ। ਇਸ ਮੌਕੇ ਇਕੱਤਰ ਸੈਂਕੜੇ ਕਿਸਾਨਾ ਦਾ ਕਾਫ਼ਲਾ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੂੰ ਜੈਕਾਰਿਆਂ ਦੀ ਗੂੰਜ ਵਿਚ ਪਰਜੀਆ ਤੋਂ ਲੋਹਗੜ੍ਹ ਵਿਖੇ ਲੈ ਕੇ ਪੁਜਿਆ। ਜਿਸ ਤੋਂ ਬਾਅਦ ਨਰਿੰਦਰ ਸਿੰਘ ਬਾਜਵਾ ਕੋਰ ਕਮੇਟੀ ਮੈਂਬਰ ਪੰਜਾਬ, ਜ਼ਿਲ੍ਹਾ ਪ੍ਰਧਾਨ ਰਮਨਜੀਤ ਸਿੰਘ ਸਮਰਾ, ਤਾਲ ਮੇਲ ਕਮੇਟੀ ਮੈਂਬਰ ਲਖਵੀਰ ਸਿੰਘ ਗੋਬਿੰਦਪੁਰ, ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਜਲੰਧਰ ਸੋਢੀ ਸਿੰਘ ਸਰਪੰਚ ਦੀ ਯੋਗ ਅਗਵਾਈ ਹੇਠ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਵਿਸ਼ਾਲ ਮੀਟਿੰਗ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਦਿਆਂ ਦਿਸ਼ਾ ਨਿਰਦੇਸ਼ਾ ਤੇ ਅਰੰਭ ਹੋਈ ਦੇਖਦੇ ਦੇਖਦੇ ਮੀਟਿੰਗ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਗਈ। ਜਿਸ ਵਿਚ ਗੁਰਪ੍ਰਤਾਪ ਸਿੰਘ ਸੰਧੂ ਜਥੇਬੰਦੀ ਸਕੱਤਰ ਪੰਜਾਬ, ਅੰਮ੍ਰਿਤਪਾਲ ਸਿੰਘ, ਕੁਲਵਿੰਦਰ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਵੱਲੋਂ ਵਿਸਥਾਰ ਪੂਰਵਕ ਕਿਸਾਨੀ ਮੁਸ਼ਕਲਾਂ, ਅਜੋਕੇ ਹਲਾਤ ਅਤੇ ਚੱਲ ਰਹੇ ਸੰਘਰਸ਼ ਦੌਰਾਨ ਯੂਨੀਅਨ ਦੇ ਯੋਗਦਾਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀਆਂ ਕਾਰਗੁਜ਼ਾਰੀਆਂ ਤੋਂ ਪ੍ਰਭਾਵਿਤ ਹੋ ਕੇ ਬਲਾਕ ਪ੍ਰਧਾਨ ਸਤਨਾਮ ਸਿੰਘ ਲੋਹਗੜ੍ਹ ਸੈਂਕੜੇ ਕਿਸਾਨ ਪਰਿਵਾਰਾਂ ਸਮੇਤ ਭਾਰਤੀ ਕਿਸਾਨ ਯੂਨੀਅਨ ਪੰਜਾਬ ਵਿਚ ਸ਼ਾਮਲ ਹੋ ਗਏ। ਸਾਮਲ ਹੋਏ ਆਗੂਆਂ ਨੂੰ ਜੀ ਆਇਆਂ ਆਖਦਿਆਂ ਸੂਬਾ ਪ੍ਰਧਾਨ ਫੁਰਮਾਨ ਹੈ ਸੰਧੂ ਵੱਲੋਂ ਸਿਰਪਾਉ ਦੇ ਨਾਲ ਸਨਮਾਨਿਤ ਕੀਤਾ ਇਸ ਮੌਕੇ ਸੂਬਾ ਪ੍ਰਧਾਨ ਵੱਲੋਂ ਸਨਮਾਨ ਦਿੰਦਿਆਂ ਸਤਨਾਮ ਸਿੰਘ ਲੋਹਗੜ੍ਹ ਨੂੰ ਵਰਕਿੰਗ ਕਮੇਟੀ ਮੈਂਬਰ ਪੰਜਾਬ, ਗਗਨਦੀਪ ਸਿੰਘ ਮੋਨੂੰ ਯੂਥ ਮੀਤ ਪ੍ਰਧਾਨ, ਆੜਤੀਆਂ ਕੁਲਦੀਪ ਸਿੰਘ ਜਨਰਲ ਪ੍ਰਧਾਨ, ਹਰਜਿੰਦਰ ਸਿੰਘ ਪ੍ਰੈਸ ਸਕੱਤਰ ਪੰਜਾਬ, ਗੁਰਦੀਪ ਸਿੰਘ ਤਹਿਸੀਲ ਨਕੋਦਰ ਦਾ ਤਹਿਸੀਲ ਪ੍ਰਧਾਨ, ਡਾਕਟਰ ਮਹਿੰਦਰਪਾਲ ਸਿੰਘ ਤਹਿਸੀਲ ਪ੍ਰਧਾਨ ਨੂਰਮਹਿਲ, ਸਤਬੀਰ ਸਿੰਘ ਤਹਿਸੀਲ ਮੀਤ ਪ੍ਰਧਾਨ, ਰਣਜੀਤ ਸਿੰਘ ਕੋਹਾੜ ਯੂਥ ਬਲਾਕ ਪ੍ਰਧਾਨ, ਸੁਖਬੀਰ ਸਿੰਘ ਬਲਾਕ ਮੀਤ ਪ੍ਰਧਾਨ, ਜਸਪਾਲ ਸਿੰਘ ਰਾਏਪੁਰ ਅਰਾਈਆ ਯੂਥ ਪ੍ਰਧਾਨ ਤਹਿਸੀਲ ਮਹਿਤਪੁਰ, ਹਰਭਜਨ ਸਿੰਘ ਅਵਾਣ ਖਾਲਸਾ ਬਲਾਕ ਪ੍ਰਧਾਨ ਨੂਰਮਹਿਲ, ਮਹਿੰਦਰ ਸਿੰਘ ਅਵਾਣ ਖਾਲਸਾ ਸਕੱਤਰ ਨੂਰਮਹਿਲ ਬਲਾਕ, ਲਖਵੀਰ ਸਿੰਘ ਗੋਬਿੰਦਪੁਰ ਜ਼ਿਲ੍ਹਾ ਪ੍ਰਧਾਨ ਜਲੰਧਰ, ਰਮਨਜੀਤ ਸਿੰਘ ਸਮਰਾ ਯੂਥ ਪ੍ਰਧਾਨ ਜ਼ਿਲ੍ਹਾ ਜਲੰਧਰ, ਬਲਵੰਤ ਸਿੰਘ ਗੋਬਿੰਦਪੁਰ ਖਜਾਨਚੀ ਜਿਲਾ ਜਲੰਧਰ ਦੇ ਅਹੁਦੇ ਨਾਲ ਨਿਵਾਜਿਆ ਗਿਆ। ਪਿੰਡ ਗੋਸੂਵਾਲ ਡਾਕਟਰ ਮਲੂਕ ਸਿੰਘ ਇਕਾਈ ਪ੍ਰਧਾਨ, ਪਾਲ ਸਿੰਘ ਮੀਤ ਪ੍ਰਧਾਨ, ਮਨਜੀਤ ਸਿੰਘ ਖਜਾਨਚੀ, ਲਖਵਿੰਦਰ ਸਿੰਘ ਮੈਂਬਰ, ਸਤਨਾਮ ਸਿੰਘ ਮੈਂਬਰ, ਜੋਗਿੰਦਰ ਸਿੰਘ ਮੈਂਬਰ, ਜੋਗਿੰਦਰ ਸਿੰਘ ਪੁੱਤਰ ਬਖ਼ਸ਼ੀਸ਼ ਸਿੰਘ, ਜਸਵਿੰਦਰ ਸਿੰਘ ਮੈਂਬਰ ਚੁਣੇ ਗਏ। ਇਸੇ ਤਰ੍ਹਾਂ ਪਿੰਡ ਅੰਗਾਕੀੜੀ ਲਖਵੀਰ ਸਿੰਘ ਇਕਾਈ ਪ੍ਰਧਾਨ, ਲਖਵਿੰਦਰ ਸਿੰਘ ਮੀਤ ਪ੍ਰਧਾਨ, ਕੁਲਦੀਪ ਸਿੰਘ ਖਜਾਨਚੀ, ਸੁਖਵਿੰਦਰ ਸਿੰਘ ਮੈਂਬਰ, ਪਰਮਜੀਤ ਸਿੰਘ ਮੈਂਬਰ, ਕਪੂਰ ਸਿੰਘ ਸੀਨੀਅਰ ਮੀਤ ਪ੍ਰਧਾਨ ਚੁਣੇ ਗਏ। ਪਿੰਡ ਮਹਿਤਪੁਰ ਸਰਬਜੀਤ ਸਿੰਘ ਇਕਾਈ ਪ੍ਰਧਾਨ, ਹਰਕੀਰਤ ਸਿੰਘ ਮੀਤ ਪ੍ਰਧਾਨ, ਵਰਿੰਦਰ ਕੁਮਾਰ ਖਜਾਨਚੀ, ਬੂਟਾ ਸਿੰਘ ਮੈਂਬਰ, ਸੁਖਵਿੰਦਰ ਸਿੰਘ ਮੈਂਬਰ, ਟੇਕ ਚੰਦ ਮੈਂਬਰ, ਧਰਮਪਾਲ ਸਿੰਘ ਮੈਂਬਰ ਚੁਣੇ ਗਏ ।ਪਿੰਡ ਆਦਰਮਾਨ ਬਲਕਾਰ ਸਿੰਘ ਇਕਾਈ ਪ੍ਰਧਾਨ, ਡਾਕਟਰ ਜਸਵਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ, ਲਖਵੀਰ ਸਿੰਘ ਖਜਾਨਚੀ, ਹਰਪ੍ਰੀਤ ਸਿੰਘ,ਮੋਹਣ ਸਿੰਘ , ਪਰਮਵੀਰ ਸਿੰਘ, ਸੋਨੂੰ ਸਿੰਘ, ਜਸਵਿੰਦਰ ਸਿੰਘ ਮੈਂਬਰ ਚੁਣੇ ਗਏ। ਪਿੰਡ ਬੁਢਣਵਾਲ ਬਲਜੀਤ ਸਿੰਘ ਇਕਾਈ ਪ੍ਰਧਾਨ, ਮਨਜੀਤ ਸਿੰਘ ਮੀਤ ਪ੍ਰਧਾਨ, ਧਰਮਵੀਰ ਸਿੰਘ ਖਜਾਨਚੀ, ਭਜਨ ਪ੍ਰੀਤ ਸਿੰਘ, ਮਨਿੰਦਰ ਪਾਲ ਸਿੰਘ, ਜਸਬੀਰ ਸਿੰਘ, ਰਣਜੀਤ ਸਿੰਘ ਮੈਂਬਰ ਚੁਣੇ ਗਏ। ਇਸ ਮੌਕੇ ਸਤਨਾਮ ਸਿੰਘ ਲੋਹਗੜ੍ਹ ਵੱਲੋਂ ਆਏ ਕਿਸਾਨ ਆਗੂਆਂ ਸਮੇਤ ਕਿਸਾਨ ਵੀਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਭਾਰਤੀ ਕਿਸਾਨ ਯੂਨੀਅਨ ਪੰਜਾਬ ਲਈ ਦਿਨ ਰਾਤ ਇੱਕ ਕਰ ਦੇਣਗੇ। ਇਸ ਮੌਕੇ ਅਲੱਗ ਅਲੱਗ ਪਿੰਡਾਂ ਤੋਂ ਆਏ ਕਿਸਾਨ ਵੀਰਾਂ ਵੱਲੋਂ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੂੰ ਉਨ੍ਹਾਂ ਦੇ ਪਿੰਡਾਂ ਵਿਚ ਮੀਟਿੰਗਾਂ ਕਰਕੇ ਇਕਾਈਆਂ ਗਠਤ ਕਰਨ ਦੀ ਅਪੀਲ ਵੀ ਕੀਤੀ। ਜਿਸ ਤੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੇ ਆਖਿਆ ਕਿ ਹਰੇਕ ਪਿੰਡ ਵਿਚ ਇਕਾਈਆਂ ਦਾ ਗਠਨ ਕੀਤਾ ਜਾ ਰਿਹਾ ਹੈ ਪੂਰੇ ਪੰਜਾਬ ਵਿੱਚ ਇਹ ਇਕਾਈਆਂ ਗਠਤ ਕੀਤੀਆਂ ਜਾਣਗੀਆ ਜ਼ੋ ਵੀ ਕਿਸਾਨ ਵੀਰ ਭਾਰਤੀ ਕਿਸਾਨ ਯੂਨੀਅਨ ਪੰਜਾਬ ਯੂਨੀਅਨ ਦਾ ਹਿੱਸਾ ਬਣਨਾ ਚਾਹੁੰਦਾ ਹੈ ਜੀ ਆਇਆਂ ਨੂੰ ਜਿਨ੍ਹਾਂ ਪਿੰਡਾਂ ਦੇ ਕਿਸਾਨ ਪਿੰਡਾਂ ਵਿਚ ਇਕਾਈਆਂ ਗਠਤ ਕਰਵਾਉਣ ਲਈ ਕਹਿ ਰਹੇ ਹਨ ਉਨ੍ਹਾਂ ਪਿੰਡਾਂ ਵਿਚ ਜਲਦ ਇਕਾਈਆਂ ਬਣਾ ਦਿਤੀਆਂ ਜਾਣਗੀਆਂ।

**ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਵਿਸ਼ਾਲ ਮੀਟਿੰਗ ਪਿੰਡ ਲੋਹਗੜ੍ਹ ਵਿਖੇ ਸਤਨਾਮ ਸਿੰਘ ਲੋਹਗੜ੍ਹ ਦੇ ਗ੍ਰਹਿ ਵਿਖੇ ਹੋਈ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਕਾਲ ਯੂਨੀਵਰਸਿਟੀ ਵਿਖੇ ਐੱਨ.ਐੱਸ.ਐੱਸ ਸਲਾਹਕਾਰ ਕਮੇਟੀ ਦੀ ਬੈਠਕ ਹੋਈ



**ਤਲਵੰਡੀ ਸਾਬੋ, 27 ਮਈ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੇ ਐੱਨ.ਐੱਸ.ਐੱਸ ਕੋਆਡੀਨੇਟਰ ਡਾ. ਜਨਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੂਨੀਵਰਸਿਟੀ ਅਧਿਕਾਰੀਆਂ, ਐੱਨ.ਐੱਸ.ਐੱਸ ਅਤੇ ਯੁਵਕ ਸੇਵਾਵਾਂ ਵਿਭਾਗਾਂ ਤੋਂ ਆਏ ਅਫਸਰਾਂ ਦੀ ਇਕ ਬੈਠਕ ਹੋਈ। ਇਸ ਬੈਠਕ ਵਿਚ ਯੁਵਕ ਸੇਵਾਵਾਂ ਦਫਤਰ, ਚੰਡੀਗੜ੍ਹ ਤੋਂ ਰਿਜਨਲ ਡਾਇਰੈਕਟਰ ਸ੍ਰੀਮਤੀ ਹਰਿੰਦਰ ਕੌਰ ਅਤੇ ਐੱਸ.ਐੱਨ.ਓ ਪੰਜਾਬ ਸ੍ਰੀਮਤੀ ਰੁਪਿੰਦਰ ਕੌਰ, ਚੰਡੀਗੜ ਤੋਂ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਤੋਂ ਇਲਾਵਾ ਮੀਟਿੰਗ ਵਿਚ ਆਸਰਾ ਐੱਨ.ਜੀ.ਓ ਤੋਂ ਅਜਾਇਬ ਸਿੰਘ ਬਰੇਟਾ ਵੀ ਪਹੁੰਚੇ। ਬੈਠਕ ਵਿਚ ਯੂਨੀਵਰਸਿਟੀ ਦੀਆਂ 2023-24 ਦੀਆਂ ਐੱਨ.ਐੱਸ.ਐੱਸ ਗਤੀਵਿਧੀਆਂ ਦਾ ਮੁਲਾਂਕਣ ਕੀਤਾ ਗਿਆ। ਯੁਵਕ ਸੇਵਾਵਾਂ ਵਿਭਾਗਾਂ ਤੋਂ ਆਏ ਅਧਿਕਾਰੀਆਂ ਵੱਲੋਂ ਯੂਨੀਵਰਸਿਟੀ ਦੇ ਸਕਾਰਾਤਮਕ ਯਤਨਾਂ ਦੀ ਸ਼ਲਾਘਾ ਕੀਤੀ ਗਈ ਅਤੇ ਅਗਲੇ ਸਾਲ ਭਵਿੱਖ ਵਿਚ ਕੀਤੀਆਂ ਜਾ ਸਕਣ ਵਾਲੀਆਂ ਗਤੀਵਿਧੀਆਂ ਦੀ ਯੋਜਨਾਬੰਦੀ ਸੰਬੰਧੀ ਚਰਚਾ ਵੀ ਕੀਤੀ ਗਈ। ਇਸ ਬੈਠਕ ਵਿਚ ਯੂਨੀਵਰਿਸਟੀ ਤੋਂ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ, ਰਜਿਸਟਰਾਰ ਡਾ. ਸੁਖਜੀਤ ਸਿੰਘ, ਡੀਨ ਅਕਾਦਮਿਕ ਮੇਜਰ ਜਨਰਲ ਡਾ. ਗੁਰਚਰਨ ਸਿੰਘ ਲਾਂਬਾ ਅਤੇ ਐੱਨ.ਐੱਸ.ਐੱਸ ਦੇ ਵੱਖ-ਵੱਖ ਯੂਨਿਟਾਂ ਦੇ ਪ੍ਰੋਗਰਾਮ ਅਫਸਰ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਸੈਂਕੜੇ ਪਰਿਵਾਰਾਂ ਸਮੇਤ ਕੁਲਤਾਰ ਸਿੰਘ ਸੰਧਵਾਂ ਦੀ ਹਾਜ਼ਰੀ ਵਿਚ ਮਨਜੀਤ ਸਿੰਘ ਔਲਖ ਨੇ ਕੀਤੀ ਆਮ ਆਦਮੀ ਪਾਰਟੀ ਵਿਚ ਸ਼ਮੂਲੀਅਤ



**ਫ਼ਿਰੋਜ਼ਪੁਰ, 27 ਮਈ (ਮਨੋਹਰ ਲਾਲ) :**—ਪੰਜਾਬ ਵਿੱਚ ਲੋਕ ਸਭਾ ਚੋਣਾਂ ਦਾ ਮਾਹੌਲ ਗਰਮਾਇਆ ਹੋਇਆ ਹੈ ਜਿਸ ਵਿੱਚ ਵੱਖ—ਵੱਖ ਰਾਜਨੀਤਿਕ ਪਾਰਟੀਆਂ ਆਪਣੀ ਆਪਣੀ ਹੋਂਦ ਨੂੰ ਬਚਾਉਣ ਲਈ ਦਿਨ—ਰਾਤ ਇਕ ਕਰ ਰਹੀਆਂ ਹਨ ਪੰਜਾਬ ਵਿੱਚ ਆਮ ਆਦਮੀ ਪਾਰਟੀ ਆਮ ਲੋਕਾਂ ਨੂੰ ਆਪਣੇ ਨਾਲ ਜੋੜਣ ਵਿਚ ਸਭ ਤੋਂ ਅੱਗੇ ਚੱਲ ਰਹੀ। ਇਹ ਵਿਚਾਰ ਸਾਂਝੇ ਕਰਦਿਆਂ ਰਣਬੀਰ ਸਿੰਘ ਭੁੱਲਰ ਐਮ.ਐਲ.ਏ ਫਿਰੋਜ਼ਪੁਰ ਸ਼ਹਿਰੀ ਤੇ ਨਰੇਸ਼ ਕਟਾਰੀਆ ਐਮ.ਐਲ.ਏ ਹਲਕਾ ਜ਼ੀਰਾ ਨੇ ਕਿਹਾ ਕਿ ਆਮ ਲੋਕ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀਆਂ ਲੋਕ ਹਿੱਤ ਨੀਤੀਆਂ ਨੂੰ ਵੇਖ ਕੇ ਲੋਕ ਪਾਰਟੀ ਵਿਚ ਵੱਡੀ ਗਿਣਤੀ ਸ਼ਾਮਲ ਹੋ ਰਹੇ ਹਨ, ਇਸੇ ਕੜੀ ਤਹਿਤ ਸ: ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ ਅਤੇ ਰਣਬੀਰ ਸਿੰਘ ਭੁੱਲਰ ਵਿਧਾਇਕ ਹਲਕਾ ਫਿਰੋਜ਼ਪੁਰ ਸ਼ਹਿਰੀ, ਨਰੇਸ਼ ਕਟਾਰੀਆ ਵਿਧਾਇਕ ਜੀਰਾ, ਬੀਬੀ ਭੁਪਿੰਦਰ ਕੌਰ ਸੀਨੀਅਰ ਆਗੂ ਪੰਜਾਬ, ਬਲਰਾਜ ਸਿੰਘ ਕਟੋਰਾ ਚੇਅਰਮੈਨ ਮੰਡੀਕਰਣ ਬੋਰਡ ਫਿਰੋਜ਼ਪੁਰ ਨੇ ਮਨਜੀਤ ਸਿੰਘ ਔਲਖ ਪੰਜਾਬ ਪ੍ਰਧਾਨ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਨੂੰ ਪਾਰਟੀ ਵਿਚ ਸ਼ਾਮਿਲ ਕਰਨ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੌਕੇ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਸਰਕਾਰ ਨੇ ਮਨਜੀਤ ਸਿੰਘ ਔਲਖ ਨੂੰ ਪਾਰਟੀ ਵਿਚ ਸ਼ਾਮਿਲ ਕਰਾਉਣ ਉਪੰਰਤ ਬੋਲਦਿਆਂ ਕਿਹਾ ਕਿ ਮਨਜੀਤ ਸਿੰਘ ਤੇ ਸਮੂੰਹ ਟੀਮ ਨੂੰ ਪਾਰਟੀ ਵਿਚ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ ਅਤੇ ਛੇਤੀ ਹੀ ਪੰਜਾਬ ਦੀ ਕੋਈ ਅਹਿਮ ਜ਼ੁਮੇਵਾਰੀ ਵੀ ਦਿੱਤੀ ਜਾਵੇਗੀ। ਇਸ ਮੌਕੇ ਬੋਲਦਿਆਂ ਰਣਬੀਰ ਸਿੰਘ ਭੁੱਲਰ ਨੇ ਪਾਰਟੀ ਵਿਚ ਸ਼ਾਮਲ ਹੋਏ ਪਰਿਵਾਰਾਂ ਨੂੰ ਜੀ ਆਇਆ ਆਖਿਆ ਅਤੇ ਕਿਹਾ ਕਿ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਦੇ ਪਾਰਟੀ ਨੂੰ ਦਿੱਤੇ ਸੰਯੋਗ ਨਾਲ ਪੂਰੇ ਪੰਜਾਬ ਵਿਚ ਫਾਇਦਾ ਹੋਵੇਗਾ। ਇਸ ਮੌਕੇਂ ਹਰਭਜਨ ਸਿੰਘ ਦੜਿਆਲਾ ਜ਼ਿਲਾ ਪ੍ਰਧਾਨ ਫਿਰੋਜ਼ਪੁਰ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਮਨਜੀਤ ਸਿੰਘ ਔਲਖ ਦੇ ਗ੍ਰਹਿ ਵਿਖੇ ਸੈਂਕੜੇ ਪਰਿਵਾਰਾਂ ਨੇ ਉਨ੍ਹਾਂ ਦਾ ਪਿਆਰ ਕਬੂਲਦਿਆ ਉਨਾਂ ਦੇ ਨਾਲ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਦਾ ਪ੍ਰਮਾਣ ਕੀਤਾ ਜਿਸ ਵਿੱਚ ਵੱਡੀ ਗਿਣਤੀ ਵਿੱਚ ਰਾਮਗੜ੍ਹੀਆ ਪਰਿਵਾਰ ਸ਼ਾਮਲ ਹੋਏ ਜਿਨ੍ਹਾਂ ਵਿਚ ਭਗਵਾਨ ਸਿੰਘ ਦੜਿਆਲਾ ਕੌਮੀ ਚੇਅਰਮੈਨ ਪੰਜਾਬ, ਸੁਖਮਿੰਦਰ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ, ਸ਼ਮਸ਼ੇਰ ਸਿੰਘ ਕਲਸੀ ਸੂਬਾ ਮੀਤ ਪ੍ਰਧਾਨ ਪੰਜਾਬ, ਸੁਖਚੈਨ ਸਿੰਘ ਖਾਲਸਾ, ਅੰਗਰੇਜ਼ ਸਿੰਘ ਫੌਜੀ ਵਾਇਸ ਚੇਅਰਮੈਨ ਪੰਜਾਬ, ਸਰਬਜੀਤ ਸਿੰਘ ਲਾਡੀ ਮੀਤ ਪ੍ਰਧਾਨ ਪੰਜਾਬ, ਜਸਬੀਰ ਸਿੰਘ ਕਲਸੀ ਸੂਬਾ ਜਨਰਲ ਸਕੱਤਰ ਪੰਜਾਬ, ਹਰਜਿੰਦਰ ਸਿੰਘ ਦੜਿਆਲਾ ਮੀਤ ਪ੍ਰਧਾਨ ਪੰਜਾਬ, ਗਗਨਦੀਪ ਸਿੰਘ ਚਾਵਲਾ, ਅਵਤਾਰ ਸਿੰਘ ਠੇਠੀ, ਸੁਰਿੰਦਰ ਸਿੰਘ ਛਿੰਦਾ, ਲਵਪ੍ਰੀਤ ਸਿੰਘ ਲਾਡਾ, ਸੋਨੂੰ ਢੋਟ, ਹਰਜੀਤ ਸਿੰਘ ਜੱਬਲ, ਮਨਪ੍ਰੀਤ ਸਿੰਘ, ਦਿਲਪ੍ਰੀਤ ਸਿੰਘ, ਸੁਖਦੇਵ ਸਿੰਘ ਬੱਬੂ, ਜਸਵਿੰਦਰ ਸਿੰਘ ਸੰਧੂ, ਬਗੀਚਾ ਸਿੰਘ ਸੰਧੂ, ਮਲੂਕ ਸਿੰਘ ਸੰਧੂ, ਹਰਜਿੰਦਰ ਸਿੰਘ ਸੰਧੂ, ਬਲਵਿੰਦਰ ਸਿੰਘ, ਨਰਿੰਦਰ ਸਿੰਘ ਜੱਬਲ, ਅਮਨਪ੍ਰੀਤ ਸਿੰਘ ਰਿੰਕੂ, ਹਰਦੀਪ ਸਿੰਘ ਟਿੰਕੂ, ਗੁਰਭੇਜ ਸਿੰਘ, ਕੁਲਦੀਪ ਸਿੰਘ ਲੋਕੋ ਸੈਂਡ, ਮਨਜੀਤ ਸਿੰਘ ਰੈਲਵੇ, ਜਸਵਿੰਦਰ ਸਿੰਘ ਰਿੰਕੂ ਚੈਅਰਮੈਨ ਜ਼ਿਲਾਂ ਫਿਰੋਜ਼ਪੁਰ, ਸੁਰਜੀਤ ਸਿੰਘ, ਸੁਖਵਿੰਦਰ ਸਿੰਘ ਚਾਨਾ ਵਾਇਸ ਚੇਅਰਮੈਨ ਪੰਜਾਬ, ਸੰਤੋਖ ਸਿੰਘ, ਅਵਤਾਰ ਸਿੰਘ, ਹਰਪ੍ਰੀਤ ਸਿੰਘ ਬੱਬੂ, ਬਾਜ਼ ਸਿੰਘ ਕਲਸੀ, ਰਤਨ ਸਿੰਘ ਕਲਸੀ, ਨਿਰਵੈਲ ਸਿੰਘ ਕਲਸੀ, ਗੁਰਦੀਪ ਸਿੰਘ ਕਲਸੀ, ਮੇਜਰ ਸਿੰਘ ਕਲਸੀ, ਸੁਖਦੇਵ ਸਿੰਘ ਬਾਡੀ ਮੇਕਰ, ਕਾਬਲ ਸਿੰਘ ਕਲਸੀ, ਸਤਨਾਮ ਸਿੰਘ ਕਲਸੀ, ਗੁਰਦਿੱਤ ਸਿੰਘ ਕਲਸੀ, ਗੁਰਬਚਨ ਸਿੰਘ ਕਲਸੀ, ਕਾਰਜ ਸਿੰਘ ਕਲਸੀ, ਰਛਪਾਲ ਸਿੰਘ ਕਲਸੀ, ਗੁਰਮੀਤ ਸਿੰਘ ਕਲਸੀ, ਭੁਪਿੰਦਰ ਸਿੰਘ ਫਰੈਂਡਜ ਡੀਜ਼ਲ ਸਰਵਿਸ, ਗੁਰਦੀਪ ਸਿੰਘ, ਜਸਵਿੰਦਰ ਸਿੰਘ, ਮਨਜੀਤ ਸਿੰਘ ਐਕਸੀਅਨ, ਹਰਜਿੰਦਰ ਸਿੰਘ ਗਾਬੜੀਆ, ਡਾਕਟਰ ਮੇਜ਼ਰ ਸਿੰਘ, ਅਜੀਤ ਸਿੰਘ ਮੁਕਤਸਰ, ਅਵਤਾਰ ਸਿੰਘ ਠੇਠੀ ਇਨ੍ਹਾਂ ਤੋਂ ਇਲਾਵਾ ਹੋਰ ਵੀ ਬਹੁਤ ਵੱਡੀ ਗਿਣਤੀ ਪਰਿਵਾਰ ਆਪ ਦੇ ਹੋਏ। ਇਸ ਮੌਕੇ ਚਰਨਜੀਤ ਸਿੰਘ ਸਿੱਕੀ ਪੰਜਾਬ ਪ੍ਰਧਾਨ ਅਰੋੜਾ ਮਹਾਂਸਭਾ ਉਚੇਚੇ ਤੌਰ ਤੇ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

ਔਜਲਾ 35 ਕਰੋੜ ਐਮਪੀ ਫ਼ੰਡ ਦਾ ਹਿਸਾਬ ਦੇਵੇ, ਦੱਸੇ ਕਿ ਲੋਕ ਗੰਦਗੀ ਅਤੇ ਸੀਵਰੇਜ ਨਾਲ ਪਰੇਸ਼ਾਨ ਹਨ ਫਿਰ ਚੰਡੀਗੜ੍ਹ ਗੌਲਫ਼ ਕਲੱਬ ਨੂੰ ਲੱਖਾਂ ਰੁਪਏ ਕਿਉਂ ਦਿੱਤੇ

# ਔਜਲਾ ਨੇ ਅੰਮ੍ਰਿਤਸਰ ਦੇ ਵਿਕਾਸ ਲਈ ਇਕ ਪੂਣੀ ਵੀ ਨਹੀਂ ਕੱਤੀ- ਸੰਧੂ ਸਮੁੰਦਰੀ

**ਅੰਮ੍ਰਿਤਸਰ 27, ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਅੰਮ੍ਰਿਤਸਰ ਦੀ ਤਰੱਕੀ ਅਤੇ ਵਿਕਾਸ ਬਾਰੇ ਜੋ ਰੂਪ ਰੇਖਾ ਉਲੀਕਿਆ ਗਿਆ, ਉਸ ਮੁਤਾਬਕ ਸਾਰਥਕ ਵਿਕਾਸ 'ਤੇ ਅਮਲ ਸ਼ੁਰੂ ਹੋ ਚੁੱਕਾ ਹੈ, ਚੋਣ ਨਤੀਜਿਆਂ ਨਾਲ ਇਸ 'ਤੇ ਕੋਈ ਅਸਰ ਨਹੀਂ ਪਵੇਗਾ। ਉਹਨਾਂ ਕਿਹਾ ਕਿ ਅੰਮ੍ਰਿਤਸਰ ਦਾ ਵਿਕਾਸ ਚਾਹੁਣ ਵਾਲੀ ਜਨਤਾ ਇਸ ਵਾਰ ਭਾਜਪਾ ਨੂੰ ਜਿਤਾਉਣ ਦਾ ਮਨ ਬਣਾ ਚੁੱਕੀ ਹੈ। ਉਹਨਾਂ ਕਿਹਾ ਕਿ ਉਹ ਵਾਅਦਾ ਕਰਦਾ ਹਾਂ ਕਿ ਮੈਂ ਅੰਮ੍ਰਿਤਸਰ ਅਤੇ ਦਿੱਲੀ ਦੇ ਵਿੱਚ ਪੁਲ ਦਾ ਕੰਮ ਕਰਾਂਗਾ ਅਤੇ ਸ਼ਹਿਰ ਨੂੰ ਦਰਪੇਸ਼ ਮਸਲਿਆਂ ਨੂੰ ਢੁਕਵੇਂ ਮੰਚ 'ਤੇ ਜ਼ਰੂਰ ਰੱਖਾਂਗਾ।



ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਬੀਤੇ ਦਿਨੀਂ ਰੋਸ ਪ੍ਰਦਰਸ਼ਨ ਕਰਨ ਵਾਲੇ ਕਾਂਗਰਸ ਦੇ ਮੌਜੂਦਾ ਐਮਪੀ ਗੁਰਜੀਤ ਔਜਲੇ ਉੱਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਤੱਥ ਬੋਲਦੇ ਹਨ ਕਿ ਮੌਜੂਦਾ ਐਮਪੀ ਔਜਲੇ ਨੇ ਅੰਮ੍ਰਿਤਸਰ ਲਈ ਕੁਛ ਵੀ ਨਹੀਂ ਕੀਤਾ। ਜੋ ਵੀ ਉਹ ਵਿਕਾਸ ਪ੍ਰਾਜੈਕਟਾਂ ਬਾਰੇ ਦਾਅਵਾ ਕਰਦੇ ਹਨ, ਉਹ ਕੇਂਦਰ ਦੇ ਪ੍ਰਾਜੈਕਟ ਹਨ। ਕਾਂਗਰਸ ਸਰਕਾਰ ਨੇ ਅੰਮ੍ਰਿਤਸਰ ਨੂੰ ਕੀ ਦਿੱਤਾ, ਇਸ ਬਾਰੇ ਕਹਿਣ ਲਈ ਉਸ ਕੋਲ ਇਕ ਸ਼ਬਦ ਵੀ ਨਹੀਂ ਹੈ। ਉਹਨਾਂ ਕਿਹਾ ਕਿ ਔਜਲਾ ਨੂੰ ਐਮਪੀ ਫ਼ੰਡ ਦੇ ਮਿਲੇ 35 ਕਰੋੜ ਰੁਪਏ ਦਾ ਪਾਈ ਪਾਈ ਦਾ ਹਿਸਾਬ ਲੋਕਾਂ ਨੂੰ ਦੱਸਣ ਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸਥਾਨਕ ਲੋਕ ਗੰਦਗੀ ਪਾਣੀ ਅਤੇ ਸੀਵਰੇਜ ਦੀਆਂ ਸਮੱਸਿਆਵਾਂ ਨਾਲ ਪਰੇਸ਼ਾਨ ਹਨ, ਪਰ ਔਜਲਾ ਵੱਲੋਂ ਚੰਡੀਗੜ੍ਹ ਗੌਲਫ਼ ਕਲੱਬ ਨੂੰ ਲੱਖਾਂ ਰੁਪਏ ਦਿੱਤੇ ਗਏ, ਕੀ ਇਹ ਪੈਸਾ ਅੰਮ੍ਰਿਤਸਰ ਦੇ ਵਿੱਚ ਖ਼ਰਚਿਆ ਨਹੀਂ ਸੀ ਜਾ ਸਕਦਾ ? ਉਹਨਾਂ ਕਿਹਾ ਕਿ ਔਜਲਾ ਨੇ ਸਾਂਸਦ ਆਦਰਸ਼ ਗ੍ਰਾਮ ਯੋਜਨਾ ਤਹਿਤ ਇੱਕ ਵੀ ਪਿੰਡ ਨੂੰ ਨਹੀਂ ਅਪਣਾਇਆ। ਲੁਹਾਰਕਾ ਰੋਡ ਬ੍ਰਿਜ ਨਾ ਮੁਕੰਮਲ ਬੰਦ ਪਿਆ ਹੈ। ਗੁੰਮਟਾਲਾ ਤੋਂ ਇਹ ਏਅਰਪੋਰਟ ਐਲੀਵੇਟਿਡ ਰੋਡ ਦਾ ਕੋਈ ਵਜੂਦ ਨਹੀਂ। ਉਹਨਾਂ ਕਿਹਾ ਕਿ ਔਜਲਾ ਦਿਸ਼ਾ ਕਮੇਟੀ ਦੇ ਅੱਠ ਸਾਲ ਚੇਅਰਪਰਸਨ ਰਹੇ ਪਰ ਉਹਨਾਂ ਨਾ ਭਗਤਾਂ ਵਾਲਾ ਡੰਪ ਤੇ ਨਾ ਹੀ ਤੁੰਗ ਢਾਬ ਡਰੇਨ ਦਾ ਮਸਲਾ ਹੱਲ ਕਰਵਾਇਆ, ਨਾ ਹੀ ਇਸ ਪਵਿੱਤਰ ਸ਼ਹਿਰ ਲਈ ਕੁਝ ਕੀਤਾ ਹੈ। ਉਹਨਾਂ ਅੱਗੇ ਕਿਹਾ ਕਿ ਉਹ ਖੇਤੀ ਸਲਾਹਕਾਰ ਕਮੇਟੀ ਦੇ ਵੀ ਮੈਂਬਰ ਹਨ ਪਰ ਉਹਨਾਂ ਨੇ ਖੇਤੀਬਾੜੀ ਅਤੇ ਕਿਸਾਨੀ ਦੇ ਹਿਤ 'ਚ ਨਾ ਕੋਈ ਸਲਾਹ ਦਿੱਤੀ ਹੈ ਅਤੇ ਨਾ ਹੀ ਕੋਈ ਸਿਫ਼ਾਰਸ਼ ਭੇਜੀ ਹੈ। ਪਰ ਸਹੂਲਤਾਂ ਜ਼ਰੂਰ ਲਈਆਂ ਹਨ। ਉਹਨਾਂ ਕਿਹਾ ਕਿ ਔਜਲਾ ਪੋਸਟ ਗਰੈਜੂਏਟ ਇੰਸਟੀਚਿਊਟ ਫ਼ਾਰ ਹਾਰਟੀਕਲਚਰ ਬਾਰੇ ਦਾਅਵਾ ਤਾਂ ਜ਼ਰੂਰ ਕਰਦੇ ਹਨ ਪਰ ਉਹ ਹੈ ਕਿੱਥੇ ? ਏਅਰਪੋਰਟ ਕਮੇਟੀ ਦੇ ਮੈਂਬਰ ਹੋਣ ਦੇ ਬਾਵਜੂਦ ਕਾਰਗੋ ਦੀ ਸਹੂਲਤ ਲਈ ਕੁਝ ਨਹੀਂ ਕੀਤਾ। ਮਹਾਰਾਜਾ ਰਣਜੀਤ ਸਿੰਘ ਰਾਮ ਬਾਗ. ਪੈਲੇਸ ਲਈ ਫ਼ੰਡ ਲਿਆਉਣ ਦਾ ਦਾਅਵਾ ਕੀਤਾ ਪਰ ਮੈਂ ਦੱਸਣਾ ਚਾਹੁੰਦਾ ਹਾਂ ਕਿ ਇਹ ਫ਼ੰਡ ਮੇਰੇ ਵੱਲੋਂ ਕੇਂਦਰੀ ਪੁਰਾਤਤਵ ਵਿਭਾਗ ਤੋਂ ਚੋਣਾ ਦੇ ਐਲਾਨ ਤੋਂ ਐਨ ਪਹਿਲਾਂ ਲਿਆਂਦਾ ਗਿਆ। ਉਹਨਾਂ ਕਿਹਾ ਕਿ ਗੁਰਜੀਤ ਔਜਲਾ ਨੇ ਕਦੇ ਅੰਮ੍ਰਿਤਸਰ ਵਿੱਚ ਕੌਂਸਲੇਟ ਖੋਲ੍ਹਣ ਦੀ ਗੱਲ ਨਹੀਂ ਕੀਤੀ ਉਹਨਾਂ ਜੋ ਵੀ ਵਾਅਦੇ ਕੀਤੇ ਹਨ ਉਹ ਸਾਰੇ ਹੀ ਕੇਂਦਰ ਦੀਆਂ ਸਕੀਮਾਂ ਹਨ

## ਅੰਮ੍ਰਿਤਸਰ ਵਿਜ਼ਨ 'ਤੇ ਸਾਰਥਕ ਨਤੀਜੇ ਆਉਣੇ ਸ਼ੁਰੂ, 850 ਕਰੋੜ ਦਾ ਸਟਾਰਟਅੱਪ, ਵੀਐਫਐਸ ਸੈਂਟਰ, ਲੂਲੂ ਨੇ ਲੌਜਿਸਟਿਕਸ ਅਤੇ ਫੂਡ ਪ੍ਰੋਸੈਸਿੰਗ ਕੇਂਦਰ ਦਾ ਲਿਆ ਫ਼ੈਸਲਾ

ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਇਸ ਗਲ 'ਤੇ ਖ਼ੁਸ਼ੀ ਜਤਾਈ ਕਿ ਅੰਮ੍ਰਿਤਸਰ ਦੇ ਵਿਕਾਸ ਲਈ ਜੋ ਰੋਡ ਮੈਪ ਤਿਆਰ ਕੀਤਾ ਗਿਆ, ਉਸ ਉੱਤੇ ਅਮਲ ਸ਼ੁਰੂ ਹੋ ਚੁੱਕਿਆ ਹੈ। ਉਹਨਾਂ ਦੱਸਿਆ ਕਿ ਵਿਕਸਿਤ ਅੰਮ੍ਰਿਤਸਰ ਇਨੀਸ਼ੀਏਟਿਵ ਵੱਲੋਂ ਜੋ 850 ਕਰੋੜ ਰੁਪਏ ਫ਼ੰਡ ਇਕੱਠਾ ਕੀਤਾ ਗਿਆ ਉਸ ਦੀ ਵਰਤੋਂ ਲਈ ਅਪਲਾਈ ਕਰਨ ਦੀ ਸਹੂਲਤ ਸ਼ੁਰੂ ਹੋ ਚੁੱਕੀ ਹੈ। ਨੌਜਵਾਨ ਅਤੇ ਔਰਤਾਂ ਸਟਾਰਟ ਅਪ ਸ਼ੁਰੂ ਕਰਨ ਲਈ ਹੁਣ ਆਨ ਲਾਈਨ ਅਪਲਾਈ ਕਰ ਸਕਦੀਆਂ ਹਨ। ਉਨ੍ਹਾਂ ਸਪਸ਼ਟ ਕਿਹਾ ਕਿ ਇਹ ਫ਼ੰਡ ਹੈ ਕੋਈ ਕਰਜ਼ਾ ਨਹੀਂ। ਇਸੇ ਵਿਚ ਸਵੱਛ ਅੰਮ੍ਰਿਤਸਰ ਅਤੇ ਨਸ਼ਾ ਮੁਕਤ ਅੰਮ੍ਰਿਤਸਰ ਦੀਆਂ ਸਕੀਮਾਂ ਵੀ ਸ਼ਾਮਿਲ ਹਨ। ਉਹਨਾਂ ਕਿਹਾ ਕਿ ਭਗਤਾਂ ਵਾਲਾ ਕੂੜਾ ਡੰਪ ਦੀ ਸਮੱਸਿਆ ਨੂੰ ਸਾਡਾ ਅਮਰੀਕਨ ਭਾਰਤੀ ਭਾਈਚਾਰਾ ਬਹੁਤ ਨੇੜਿਓਂ ਨਜ਼ਰ ਰੱਖ ਰਿਹਾ ਹੈ। ਉਹਨਾਂ ਦੇ ਨੁਮਾਇੰਦਿਆਂ ਵੱਲੋਂ ਡੰਪ ਦਾ ਦੌਰਾ ਵੀ ਕੀਤਾ ਗਿਆ ਅਤੇ ਉੱਥੇ ਮੈਡੀਕਲ ਕੈਂਪ ਲਗਾਉਣ ਤੋਂ ਇਲਾਵਾ ਉਕਤ ਸਮੱਸਿਆ ਨਾਲ ਨਜਿੱਠਣ ਲਈ ਮਾਹਿਰਾਂ ਨਾਲ ਸਲਾਹ ਮਸ਼ਵਰਾ ਵੀ ਕੀਤਾ ਗਿਆ। ਉਹਨਾਂ ਇਹ ਵੀ ਦੱਸਿਆ ਕਿ ਨਸ਼ਾ ਮੁਕਤ ਅੰਮ੍ਰਿਤਸਰ ਲਈ ਵਿਕਸਤ ਅੰਮ੍ਰਿਤਸਰ ਵੱਲੋਂ ਯੂ ਐ ਸਏ ਦੀਆਂ ਦੋ ਪਾਏਦਾਰ ਦਵਾਈਆਂ ਅੰਮ੍ਰਿਤਸਰ ਨੂੰ ਫ਼ਰੀ ਭੇਜੀਆਂ ਜਾ ਰਹੀਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਅੰਮ੍ਰਿਤਸਰ 'ਚ ਵਿਸ਼ਵ ਪੱਧਰੀ ਨਸ਼ਾ ਛੁਡਾਊ ਖੋਲ੍ਹਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਕਸਤ ਅੰਮ੍ਰਿਤਸਰ ਵੱਲੋਂ ਪ੍ਰਿੰਸਟਨ ਮਾਈਕ੍ਰੋਵੇਵ ਟੈਕਨਾਲੋਜੀ ਨਾਲ ਇਕ ਐਮਓਯੂ ਸਾਈਨ ਕੀਤਾ ਜਾ ਚੁਕਾ ਹੈ , ਜਿਸ ਨਾਲ ਇਥੇ ਹੁਨਰ ਵਿਕਾਸ ਅਤੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਨਿਰਮਾਣ ਯੂਨਿਟ ਸਥਾਪਤ ਕੀਤਾ ਜਾਵੇਗਾ। ਸੰਧੂ ਸਮੁੰਦਰੀ ਨੇ ਕਿਹਾ ਕਿ ਆਬੂ ਧਾਬੀ ਦੀ ਲੂਲੂ ਗਰੁੱਪ ਇੰਟਰਨੈਸ਼ਨਲ ਅੰਮ੍ਰਿਤਸਰ ਵਿੱਚ ਇੱਕ ਲੌਜਿਸਟਿਕਸ ਅਤੇ ਫੂਡ ਪ੍ਰੋਸੈਸਿੰਗ ਕੇਂਦਰ ਸ਼ੁਰੂ ਕਰ ਰਿਹਾ ਹੈ। ਲੂਲੂ ਹਾਈਪਰਮਾਰਕੀਟਾਂ ਵਿੱਚ ਸਾਡੇ ਉਤਪਾਦਾਂ ਅਤੇ ਬ੍ਰਾਂਡਾਂ ਨੂੰ ਪਲੇਟਫ਼ਾਰਮ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਇਸ ਨਾਲ ਕਿਸਾਨਾਂ ਦੀ ਆਮਦਨੀ ਵਧੇਗੀ, ਬਾਜ਼ਾਰ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਸੰਧੂ ਸਮੁੰਦਰੀ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਵੀ ਐਫ ਐਸ ਗਲੋਬਲ ਐਪਲੀਕੇਸ਼ਨ ਸੈਂਟਰ ਅੰਮ੍ਰਿਤਸਰ ਵਿਚ ਖੋਲ੍ਹਣ ਦੀਆਂ ਤਿਆਰੀਆਂ ਪੂਰੀਆਂ ਹੋ ਚੁੱਕੀਆਂ ਹਨ। ਉਹਨਾਂ ਦੱਸਿਆ ਕਿ ਐਨ ਆਰ ਆਈ ਭਾਈਚਾਰਾ, ਜਿਨ੍ਹਾਂ ਵੱਲੋਂ ਯੂ ਪੀ ਵਿੱਚ ਫ਼ਰੀ ਹਸਪਤਾਲ ਚਲਾਏ ਜਾ ਰਹੇ ਹਨ, ਵੱਲੋਂ ਅੰਮ੍ਰਿਤਸਰ ਵਿੱਚ ਵੀ ਹਸਪਤਾਲ ਖੋਲ੍ਹਣ ਲਈ ਜ਼ਮੀਨ ਦੇਖੀ ਜਾ ਰਹੀ ਹੈ, ਜਿੱਥੇ ਫ਼ਰੀ ਇਲਾਜ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਮਰੀਕੀ ਕੌਂਸਲੇਟ ਲਈ ਹਾਂ ਪੱਖੀ ਹੁੰਗਾਰਾ ਮਿਲਿਆ ਹੈ। ਏਅਰ ਪੋਰਟ ਅਤੇ ਰੇਲਵੇ ਸਟੇਸ਼ਨ ਤੋਂ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਦੁਰਗਿਆਣਾ ਮੰਦਰ ਲਈ ਸਕਾਈ ਟਰੇਨ ਚਾਲੂ ਕਰਨਾ ਉਸ ਦਾ ਸੁਪਨਾ ਹੈ। ਧਾਰਮਿਕ ਸਥਾਨ ਨੂੰ ਜਾਣ ਵਾਲੀਆਂ ਸੜਕਾਂ ਤੇ ਗਲੀਆਂ ਨੂੰ ਪਹਿਲ ਦੇ ਅਧਾਰ 'ਤੇ ਸੁੰਦਰ ਬਣਾਇਆ ਜਾਵੇਗਾ। ਇਕ ਸਵਾਲ ਦੇ ਜਵਾਬ 'ਚ ਸੰਧੂ ਸਮੁੰਦਰੀ ਨੇ ਕਿਹਾ ਕਿ ਉਨ੍ਹਾਂ ਦੇ ਦਾਦਾ ਜੀ ਸਰਦਾਰ ਤੇਜਾ ਸਿੰਘ ਸਮੁੰਦਰੀ ਨੇ ਪੰਥ ਅਤੇ ਗੁਰਦੁਆਰਿਆਂ ਲਈ ਕੁਰਬਾਨੀ ਦਿੱਤੀ, ਜਿਸ ਕਰਕੇ ਸਿੱਖ ਪੰਥ ਅਤੇ ਪੰਜਾਬੀਆਂ ਵਿਚ ਅੱਜ ਵੀ ਸਤਿਕਾਰੇ ਜਾਂਦੇ ਹਨ। ਦੂਜੇ ਪਾਸੇ ਅਕਾਲੀਆਂ ਦੇ ਅਧੀਨ ਅੱਜ ਕਲ ਗੁਰਦੁਆਰਿਆਂ ਦਾ ਕੀ ਹਾਲ ਹੈ, ਤੁਸੀਂ ਜਾਣਦੇ ਹੋ। ਹੁਣ ਫਿਰ ਇਕ ਹੋਰ ਗੁਰਦੁਆਰਾ ਸੁਧਾਰ ਲਹਿਰ ਦੀ ਮੰਗ ਉੱਠ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਅਤੇ ਮੋਦੀ ਸਰਕਾਰ ਨੇ ਕਰਤਾਰਪੁਰ ਲਾਂਘਾ ਖੋਲ੍ਹਿਆ, ਗੁਰੂ ਸਾਹਿਬਾਨ ਦੇ ਗੁਰਪੁਰਬ ਵਿਸ਼ਵ ਪੱਧਰ 'ਤੇ ਮਨਾਏ, ਵੀਰ ਬਾਲ ਦਿਵਸ ਰਾਹੀਂ ਛੋਟੇ ਸਾਹਿਬਜ਼ਾਦਿਆਂ ਦੀ ਕੁਰਬਾਨੀ ਨੂੰ ਦੇਸ਼ ਦੇ ਕੋਨੇ-ਕੋਨੇ ਰੂਬਰੂ ਕਰਾਇਆ। ਕਾਂਗਰਸ ਨੇ ਸ੍ਰੀ ਦਰਬਾਰ ਸਾਹਿਬ 'ਤੇ ਬਲੂ ਸਟਾਰ ਓਪਰੇਸ਼ਨ ਕੀਤਾ ਦਿਲੀ ਤੇ ਹੋਰਨਾਂ ਸ਼ਹਿਰਾਂ ਵਿਚ ਸਿੱਖਾਂ ਦਾ ਕਤਲੇਆਮ ਕੀਤਾ, ਪਰ ਕੀ ਐੱਮ ਪੀ ਔਜਲਾ ਇਸ ਬਾਰੇ ਰਾਹੁਲ ਗਾਂਧੀ ਨਾਲ ਕਦੀ ਗਲ ਵੀ ਕੀਤੀ ਹੈ ? ਉਨ੍ਹਾਂ ਕਿਹਾ ਕਿ ਦਿਲੀ ਵਿਚ ਕਾਂਗਰਸ ਅਤੇ ਆਪ ਗਲਵੱਕੜੀ ਹਨ ਪਰ ਪੰਜਾਬ ਵਿਚ ਇਕ ਦੂਜੇ ਦੇ ਵਿਰੋਧੀ ਹੋਣ ਦਾ ਡਰਾਮਾ ਕਰਦੇ ਹਨ ਪਰ ਲੋਕ ਸਭ ਸਮਝਦੇ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਨੂੰ ਵਿਕਾਸ ਦੀ ਲੋੜ ਹੈ। ਸ਼ਹਿਰ ਅਤੇ ਦਿਹਾਤੀ 'ਚ ਸਭ ਸਮੱਸਿਆਵਾਂ ਇੱਕੋ ਜਿਹੀਆਂ ਹਨ। ਨਸ਼ਿਆਂ ਦੀ ਸਮੱਸਿਆ ਬਹੁਤ ਭਿਅੰਕਰ ਹੈ। ਉਨ੍ਹਾਂ ਕਿਹਾ ਕਿ ਤੀਜੀ ਵਾਰ ਲਗਾਤਾਰ ਮੋਦੀ ਦੀ ਕੇਂਦਰ 'ਚ ਸਰਕਾਰ ਬਣੇਗੀ। ਸ਼ਹਿਰ ਦੀਆਂ ਪ੍ਰੇਸ਼ਾਨੀਆਂ ਦੂਰ ਕਰਨ ਅਤੇ ਵਿਕਾਸ ਲਈ ਲੋਕ ਇਸ ਵਾਰ ਭਾਜਪਾ ਨੂੰ ਮੌਕਾ ਜ਼ਰੂਰ ਦੇਣਗੇ।

ਭਾਜਪਾ ਦੇ ਉਮੀਦਵਾਰ ਸੁਭਾਸ਼ ਸ਼ਰਮਾ ਦੇ ਹੱਕ ਵਿੱਚ

# ਘਰ-ਘਰ ਚੋਣ ਪ੍ਰਚਾਰ ਕੀਤਾ



**ਜੰਡਿਆਲਾ ਗੁਰੂ, 27 ਮਈ ( ਕੁਲਵੰਤ ਸਿੰਘ ਵਿਰਦੀ )**- ਸ੍ਰੀ ਆਨੰਦਪੁਰ ਸਾਹਿਬ ਤੋਂ ਭਾਜਪਾ ਦੇ ਲੋਕ ਸਭਾ ਉਮੀਦਵਾਰ ਸੁਭਾਸ਼ ਸ਼ਰਮਾ ਦੇ ਹੱਕ ਵਿੱਚ ਘਰ ਘਰ ਜਾ ਕੇ ਚੋਣ ਪ੍ਰਚਾਰ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਰੋਹਿਤ ਭਾਰਤਵਾਜ ਜੰਡਿਆਲਾ ਗੁਰੂ ਨੇ ਅੱਗੇ ਕਿਹਾ ਕਿ ਜੰਡਿਆਲਾ ਗੁਰੂ ਟੀਮ ਵੱਲੋਂ ਪਾਵਨ ਧਰਤੀ ਸ੍ਰੀ ਆਨੰਦਪੁਰ ਸਾਹਿਬ ਦੇ ਘਰ-ਘਰ ਅਤੇ ਬਾਜ਼ਾਰਾਂ ਵਿੱਚ ਦੁਕਾਨਦਾਰਾਂ ਕੋਲ ਜਾ ਕੇ ਮੋਦੀ ਸਰਕਾਰ ਦੇ ਕੀਤੇ ਕੰਮਾਂ ਬਾਰੇ ਦੱਸਿਆ ਗਿਆ ਅਤੇ ਕੰਮ ਦੇ ਆਧਾਰ ਤੇ ਵੋਟਾਂ ਮੰਗੀਆਂ। ਇਸ ਮੌਕੇ ਸਮਰਥਕਾਂ ਵੱਲੋਂ ਗੱਲਬਾਤ ਦੌਰਾਨ ਕਿਹਾ ਗਿਆ ਕਿ ਸ਼ਹਿਰ ਸ੍ਰੀ ਆਨੰਦਪੁਰ ਸਾਹਿਬ ਜੀ ਦੀ ਪਾਵਨ ਧਰਤੀ ਵਿੱਚ ਲੋੜੀਂਦੇ ਵਿਕਾਸ ਕਾਰਜ ਹੋ ਸਕਣ। ਇਸ ਮੌਕੇ ਅਮਰਜੀਤ ਭਿੰਦਾ ਜ਼ਿਲਾ ਉਪ ਪ੍ਰਧਾਨ, ਗੋਪਾਲ ਕਿਸ਼ਨ ਪਾਠਕ ਮੰਡਲ ਪ੍ਰਧਾਨ, ਬਲਵੀਰ ਸਿੰਘ ਮੰਡੇਰ ਮੰਡਲ ਉਪ ਪ੍ਰਧਾਨ, ਰਜਿੰਦਰ ਕੁਮਾਰ ਨੀਟੂ ਪ੍ਰਧਾਨ ਸ਼ਿਵ ਸੈਨਾ ਬਾਲ ਠਾਕਰੇ ਜੰਡਿਆਲਾ ਗੁਰੂ, ਰੋਹਿਤ ਭਾਰਤਵਾਜ ਜੰਡਿਆਲਾ ਗੁਰੂ ਆਦਿ ਹਾਜ਼ਿਰ ਸਨ।

# ਫ਼ਿਰੋਜ਼ਪੁਰ ਨੂੰ 1947 ਤੋਂ ਪਹਿਲਾਂ ਵਰਗਾ ਸ਼ਹਿਰ ਦੀ ਮੰਗ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 27 ਮਈ (ਮਨੋਹਰ ਲਾਲ) :— ਫ਼ਿਰੋਜ਼ਪੁਰ ਨੂੰ ਆਜ਼ਾਦੀ ਬਰਬਾਦੀ ਬ ਨਬਦ ਤੋਂ ਬਦਤਰ ਬਣ ਰਹਿ ਗਈ ਹੈ, ਜਿਸ ਨੂੰ ਅੱਜ ਤੱਕ ਆਪਣਾ ਕਿਸੇ ਪਾਰਟੀ ਨੇ ਉਮੀਦਵਾਰ ਹੀ ਨਹੀਂ ਬਨਾਇਆ। ਇਹ ਵਿਚਾਰ ਪੀ.ਸੀ ਕੁਮਾਰ ਉੱਘੇ ਸਮਾਜ ਸੁਧਾਰਕ ਨੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਬਚਪਨ ਤੋਂ ਨਹੀਂ ਜਨਮ ਤੋਂ ਹੀ ਇਸ ਮਿਲੀ ਆਜ਼ਾਦੀ ਤੋਂ ਜਿਸ ਨੇ ਘਰ ਬਾਰ ਜਨਮ ਭੂਮੀ ਹੋਣ ਤਾਂ ਹੋਰ ਘਰਾਂ ਦੇ ਮੁਖੀ ਜ਼ੋ ਆਪਣੀ ਤੇ ਦੂਜਿਆਂ ਦੀ ਘੱਲੂ ਘਾਰੇ ਵਿਚ ਜਾਨ ਮਾਲ ਬਹੂ ਬੇਟੀਆਂ, ਮਾਵਾਂ—ਭੈਣਾਂ ਦੀ ਇਜਤ ਦੀ ਰਾਖੀ ਕਰਦੇ ਮਸੂਮ ਬੱਚਿਆਂ ਇਸਤਰੀਆਂ ਦੇ ਅੱਖਾਂ ਸਾਹਮਣੇ ਵਿਲਕਦੇ ਛੱਡ ਰੱਬ ਦੇ ਭਰੋਸੇ ਛੱਡ ਸ਼ਹੀਦ ਹੋ ਏ, ਭਲੇ ਹੋਏ ਉਨ੍ਹਾਂ ਸਜਨਾਂ ਦਾ ਜਿਨ੍ਹਾਂ ਰਾਤੋ ਰਾਤ ਮਿਲਟਰੀ ਲਿਆ ਸਾਨੂੰ ਉਸ ਜਨਮ ਭੂੰਮੀ ਬਾਰਡਰ ਦੇ ਪਿੰਡ ਤੋਂ ਫ਼ਿਰੋਜ਼ਪੁਰ ਸ਼ਹਿਰ ਵਿਚ ਲਿਆ ਸੁਟਿਆ, ਜਿਥੇ ਇਹ ਗੱਲ ਭੁਲਣ ਵਿਚ ਨਹੀਂ ਆਈ, ਪਿਛੇ ਗਾੜ੍ਹਾ ਅੱਗੇ ਖੂਹ ਆਉਂਦੀਆਂ ਹੀ ਇਸੇ ਸ਼ਹਿਰ ਵਿਚ ਫਲੱਡ ਆਇਆ, ਜਾਨ ਬਚੀ ਸਿਰਫ ਹੀ ਸਿਰਫ ਤਨ ਦੇ ਕਪੜੇ ਲੈ ਕੇ ਮਿਹਨਤ ਮਜ਼ਦੂਰੀ ਕਰ ਪੇਟ ਪਾਲਦੇ ਅੱਜ ਤੱਕ ਯਾਦ ਹੈ, ਹਰ ਸਾਲ ਕੋਈ ਨਾ ਕੋਈ ਕੁਦਰਤੀ, ਗੈਰ ਕੁਦਰਤੀ ਲੜਾਈ ਫਲੱਡ ਕਾਲ ਆਦਿ ਦਾ ਸਾਹਮਣਾ ਕਰਦੇ, ਉਹ ਦਿਨ ਜ਼ੋ ਅਸੀਂ ਅੱਖੀ ਘੱਟ ਪੜਣ ਸੁਨਣ ਵਿਚ ਆਇਆ, ਇਹ ਸ਼ਹਿਰਾਂ ਵਿਚ ਸ਼ਹਿਰ ਇਕ ਜਿਥੇ ਹਰ ਪੰਜ ਮਿੰਟ ਦੇ ਵਕਫੇ ਨਾਲ ਗੱਡੀਆਂ ਸ਼ਹਿਰ ਵਿਚ ਦੁਨਿਆਂ ਤੋਂ ਰੋਟੀ ਰੋਜੀ ਲਈ ਇਥੇ ਹਜ਼ਾਰਾਂ ਦੇ ਗਿਣਤੀ ਕਾਸੂਬੇਗੂ ਬਸਤੀ ਭਟੀਆਂ ਵਾਲੇ, ਦਿਲ ਵਿਚ ਅਧਿਕਾਰੀ ਕਰਮਚਾਰੀ ਸ਼ਾਮ ਨੂੰ ਨਿਕਲਦੇ ਉਸ ਵੇਲੇ ਅੱਜ ਨਾਲੋਂ ਕਿਤੇ ਜਿਆਦਾ ਰੌਣਕ ਜਹਾਜਾਂ ਦਾ ਆਣਾ ਜਾਣਾ ਸਭ ਨਾਲੋਂ ਜਿਆਦਾ ਅੰਗਰੇਜ਼ ਅਫਸਰਾਂ ਦੀਆਂ ਕੋਠੀਆਂ ਜ਼ੋ ਅੱਜ ਖੰਡਰ ਬਣ ਖੱਡੀਆਂ ਦੇ ਆ ਚਲਣ ਕਤੀਆ ਦੇ ਹਾਲੂਰੇ ਚੂਹਿਆਂ ਗਾਲੜਾਂ ਦਾ ਨਿਵਾਸ ਬਨ ਨਸ਼ੇ ਵੇਚਣ ਖਾਣ ਵਾਲੇ ਨੌਜਵਾਨ ਜ਼ੋ ਬੇਰੁਜ਼ਗਾਰੀ ਅਨਪੜਤਾ ਪੇਟ ਭਰਣੀ ਔਖੀ ਹਜ਼ਾਰਾ ਹਰ ਸਾਲ ਮਰੇ ਰਹੇ ਹਨ, ਜਿਸ ਨੂੰ ਲਾਵਾਰਸ ਪਛੜਿਆ ਸ਼ਹਿਰ ਬਗੈਰ ਵਾਰਸ ਬਣਾ ਕਿਸੇ ਨੇ ਬਾਤ ਨਹੀਂ ਪੁੱਛੀ, ਇਕ ਵਾਰ ਵੀ ਉਮੀਦਵਾਰ ਨਹੀਂ ਬਣਿਆ, ਕੁਝ ਤਾਂ ਸੋਚ, ਸਾਨੂੰ ਰੱਬ ਦੇ ਆਸਰੇ ਛੱਡ ਹੋਰ ਕੁਝ ਨਹੀਂ ਜ਼ੋ ਸਾਡੀ ਆਜ਼ਾਦੀ ਤੋਂ ਪਹਿਲਾਂ ਦੀ ਹਾਲਤ ਸੀ, ਉਹ ਹੀ ਸਾਡੀ ਨੁਮਾਇੰਦਗੀ ਜ਼ੋ ਆਵਾਜ਼ ਉਪਰ ਬਰਬਾਦੀ ਬਨਾਏ ਪਰ ਲੱਗਦਾ ਨਹੀਂ।

# ਪੰਜਾਬ ਦੇ ਹਿਤਾਂ ਦੀ ਰਾਖੀ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਜਿਤਾਉਣਾ ਜਰੂਰੀ: ਬੀਬੀ ਰਣਜੀਤ ਕੌਰ



**ਨਵੀਂ ਦਿੱਲੀ 27 ਮਈ (ਮਨਪ੍ਰੀਤ ਸਿੰਘ ਖਾਲਸਾ)**:- ਕਿਸਾਨੀ ਕਿੱਤਾ ਬਹੁਤ ਹੀ ਦਿਨ-ਰਾਤ ਦੀ ਮਿਹਨਤ ਅਤੇ ਅਤਿ ਦੀ ਗਰਮੀ-ਸਰਦੀ ਦੇ ਮੌਸਮ ਵਿਚ ਵੀ ਆਪਣੀ ਫ਼ਸਲ ਦੀ ਦੇਖਭਾਲ ਕਰਨ ਹਿੱਤ ਕਿਸਾਨਾਂ ਨੂੰ ਆਪਣੀ ਫ਼ਸਲ ਪਾਲਣ ਲਈ ਬਹੁਤ ਮੁਸਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ । ਪਰ ਦੁੱਖ ਅਤੇ ਅਫ਼ਸੋਸ ਹੈ ਕਿ ਪੰਜਾਬ ਸਰਕਾਰ ਤੇ ਸੈਂਟਰ ਦੀਆਂ ਕਿਸਾਨ, ਖੇਤ-ਮਜਦੂਰ ਪ੍ਰਤੀ ਅਪਣਾਈਆ ਦਿਸ਼ਾਹੀਣ ਨੀਤੀਆ ਦੀ ਬਦੌਲਤ ਕਿਸਾਨੀ ਕਿੱਤਾ ਤਬਾਹ ਕਰਕੇ ਰੱਖ ਦਿੱਤਾ ਹੈ ਅਤੇ ਕਿਸਾਨ ਵਰਗ ਇਸਦੀ ਬਦੌਲਤ ਤ੍ਰਾਹ-ਤ੍ਰਾਹ ਕਰ ਰਿਹਾ ਹੈ । ਅਤੇ ਪਿਛਲੇ ਲੰਮੇ ਸਮੇਂ ਤੋਂ ਅੰਦੋਲਨ ਤੇ ਰਾਹ ਉਪਰ ਚਲ ਰਿਹਾ ਹੈ ਜਿਸ ਲਈ ਪੰਜਾਬ ਤੇ ਸੈਂਟਰ ਦੀਆਂ ਦੋਵੇ ਸਰਕਾਰਾਂ ਸਿੱਧੇ ਤੌਰ ਤੇ ਜਿੰਮੇਵਾਰ ਹਨ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮਹਿਲਾ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਆਪਣੇ ਪ੍ਰੈਸ ਨੋਟ ਰਾਹੀਂ ਕਿਹਾ ਕਿ ਇਸਦੇ ਨਾਲ ਹੀ ਦੇਸ਼ ਦੀਆਂ ਵੱਖ ਵੱਖ ਜੇਲ੍ਹਾਂ ਅੰਦਰ ਬੰਦ ਸਿੱਖ ਸਿਆਸੀ ਬੰਦੀ ਸਿੰਘ ਜਿਨ੍ਹਾਂ ਨੂੰ ਦੇਸ਼ ਦੇ ਮੌਜੂਦਾ ਮੁੱਖਮੰਤਰੀ ਨਰਿੰਦਰ ਮੋਦੀ ਨੇ ਰਾਹਤ ਦੇਕੇ ਜੇਹਲੀ ਜਿੰਦਗੀ ਤੋਂ ਵਾਪਿਸ ਮੁੱਖ ਧਾਰਾ ਵਿਚ ਲਿਆਉਣ ਬਾਰੇ ਕਿਹਾ ਸੀ, ਅਜ ਤਕ ਕੁਝ ਨਹੀਂ ਕੀਤਾ ਉਲਟਾ ਸ਼੍ਰੋਮਣੀ ਕਮੇਟੀ ਵਲੋਂ ਇਸ ਮਾਮਲੇ ਦੇ ਹੱਲ ਲਈ ਲਿਖੀਆਂ ਚਿਠੀਆਂ ਦਾ ਜੁਆਬ ਤਕ ਨਹੀਂ ਦੇ ਕੇ ਸਿੱਖ ਪੰਥ ਨੂੰ ਦੂਰਜੇ ਦਰਜੇ ਦੇ ਸ਼ਹਿਰੀ ਹੋਣ ਦਾ ਬਾਰ ਬਾਰ ਅਹਿਸਾਸ ਕਰਵਾਇਆ ਹੈ । ਸਿੱਖ ਪੰਥ ਦੇ ਗੁਰਦੁਆਰਾ ਸਾਹਿਬ ਢਾਹੇ ਗਏ ਸਰਕਾਰੀ ਕਬਜੇ ਕੀਤੇ ਗਏ, ਪੰਥ ਵਲੋਂ ਹੱਲਾ ਮਚਾਉਣ ਦੇ ਬਾਵਜੂਦ ਕੌਈ ਕਾਰਵਾਈ ਨਹੀਂ..? ਪੰਜਾਬ ਦਾ ਪਾਣੀ ਹਰਿਆਣਾ ਰਾਜਸਥਾਨ ਨੂੰ ਰਾਈਪਿਰੀਅਨ ਕਨੂੰਨ ਦੀ ਉਲੰਘਣਾ ਕਰਕੇ ਦਿੱਤਾ ਜਾ ਰਿਹਾ ਅਤੇ ਕਿਸੇ ਕਿਸਮ ਦਾ ਮੁਆਵਜਾ ਤਕ ਪੰਜਾਬ ਨੂੰ ਨਹੀਂ ਮਿਲ ਰਿਹਾ..? ਦੇਸ਼ ਅੰਦਰ ਘੱਟ ਗਿਣਤੀਆਂ ਦੇ ਨਾਲ ਔਰਤਾਂ ਉਪਰ ਹੋ ਰਹੇ ਜ਼ੁਲਮਾਂ ਨੂੰ ਦੇਖ ਕੇ ਸੰਸਾਰ ਦੇ ਲੋਕ ਹੈਰਾਨ ਰਹਿ ਰਹੇ ਹਨ । ਕਿਉਂਕਿ ਚੋਣਾਂ ਅੰਦਰ ਹਿੰਦੂ ਹਿੰਦੀ ਤੇ ਹਿੰਦੁਸਤਾਨ ਦੀ ਗੱਲ ਤੋਂ ਅਲਾਵਾ ਦੇਸ਼ ਦੀ ਤਰੱਕੀ, ਬੱਚਿਆਂ ਨੂੰ ਉਚ ਪੜਾਈ, ਬੇਰੋਜਗਾਰਾਂ ਨੂੰ ਰੋਜਗਾਰ, ਵੱਧ ਰਹੀ ਮਹਿੰਗਾਈ ਉਪਰ ਕਿਸੇ ਕਿਸਮ ਦੀ ਚਰਚਾ ਨਹੀਂ ਹੋ ਰਹੀ ਹੈ ।

ਸ਼੍ਰੋਮਣੀ ਅਕਾਲੀ ਦਲ ਜੋ ਕਿ ਪੰਥ ਦੇ ਮਾਣਮੱਤੇ ਇਤਿਹਾਸ ਤੋਂ ਨਿਕਲੀ ਸ਼ਹੀਦਾਂ ਦੀ ਜਥੇਬੰਦੀ ਹੈ ਜੋ ਕਿ ਸਿੱਖ ਪੰਥ ਦੇ ਹਕਾਂ ਲਈ ਤਰਜ਼ਮਾਨੀ ਕਰਦੀ ਹੈ । ਇਸ ਲਈ ਅਸੀ ਸਮੂਹ ਪੰਜਾਬ ਵਾਸੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਉਮੀਦੁਆਰਾ ਨੂੰ ਭਾਰੀ ਮੱਤਾ ਨਾਲ ਜਿਤਾਉਣ ਦੀ ਅਪੀਲ ਕਰਦੇ ਹਾਂ ।

### ਗਰੀਨ ਫੀਲਡ ਵਿੱਚ ਹੋਇਆ "ਮਹਿਲਾ ਮਿਲਣ"

# ਅੰਮ੍ਰਿਤਸਰ ਦੇ ਭਵਿੱਖ ਦੇ ਲਈ ਸੰਧੂ ਸਮੁੰਦਰੀ ਦੇ ਹੱਕ ਵਿੱਚ ਕਰੋ ਵੋਟ: ਸ਼ਰੂਤੀ ਵਿਜ



ਆਵਾਜ਼ਿ ਕੌਮ AWAZE QAUM International Newspaper & WEB TV

**ਅੰਮ੍ਰਿਤਸਰ, 27 ਮਈ (ਆਵਾਜ਼ਿ ਕੌਮ ਬਿਊਰੋ)**- ਦੇਸ਼ ਦੇ ਯਸ਼ਸਵੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਤੀਜੀ ਵਾਰ ਸਰਕਾਰ ਬਣਾਉਣ ਜਾ ਰਹੀ ਹੈ ਅਤੇ ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਜਿਤਾ ਕੇ ਲੋਕ ਸਭਾ ਵਿੱਚ ਅੰਮ੍ਰਿਤਸਰ ਦੀ ਆਵਾਜ਼ ਬਣਾ ਕੇ ਭੇਜਿਆ ਜਾਵੇਗਾ। ਇਹ ਗੱਲ ਮਹਿਲਾ ਮੋਰਚਾ ਦੀ ਪ੍ਰਧਾਨ ਸ਼ਰੂਤੀ ਵਿਜ ਨੇ ਮਜੀਠਾ ਰੋਡ ਵਿਖੇ ਮੌਜੂਦ ਗਰੀਨ ਫੀਲਡ ਵਿੱਚ "ਮਹਿਲਾ ਮਿਲਣ" ਪ੍ਰੋਗਰਾਮ ਦੇ ਆਯੋਜਨ ਦੇ ਮੌਕੇ ਤੇ ਕਹੀ। ਕਾਰਜਕਰਮ ਵਿੱਚ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਪਰਿਵਾਰਿਕ ਮੈਂਬਰਾਂ ਤੋਂ ਇਲਾਵਾ ਓ.ਐਨ.ਜੀ.ਸੀ ਦੀ ਡਾਇਰੈਕਟਰ ਰੀਨਾ ਜੇਤਲੀ, ਮੰਡਲ ਪ੍ਰਧਾਨ ਕਿਸ਼ੋਰ ਰੈਣਾ, ਪੂਜਾ ਰੈਣਾ, ਪ੍ਰੇਮ ਭਾਟੀਆ, ਆਯੋਜਕ ਪ੍ਰੋਫੈਸਰ ਭਨੋਟ ਵਿਸ਼ੇਸ਼ ਰੂਪ ਤੇ ਮੌਜੂਦ ਸਨ। ਸਰੂਤੀ ਵਿਜ ਨੇ ਕਿਹਾ ਕਿ ਇਹ ਚੋਣ ਦੇਸ਼ ਦੇ ਭਵਿੱਖ ਦੀ ਚੋਣ ਹੈ। ਦੇਸ਼ ਦੇ ਭਵਿੱਖ ਨੂੰ ਸੁਧਾਰਨ ਦੇ ਲਈ ਸਾਰੇ ਲੋਕ ਭਾਜਪਾ ਦੇ ਉਮੀਦਵਾਰ ਸੰਧੂ ਸਮੁੰਦਰੀ ਦੇ ਹੱਕ ਵਿੱਚ ਵੋਟ ਪਾਉਣ। ਉਹਨਾਂ ਕਿਹਾ ਕਿ ਸੰਧੂ ਸਮੁੰਦਰੀ ਦੀ ਜਿੱਤ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਅਹਿਮ ਭੂਮਿਕਾ ਨਿਭਾਏਗੀ। ਇੱਥੇ ਮੌਜੂਦ ਮਹਿਲਾਵਾਂ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਹੁਣ ਸਾਰੇ ਮਨ ਬਣਾ ਚੁੱਕੇ ਹਨ ਕਿ ਪਿਛਲੀਆਂ ਗਲਤੀਆਂ ਨੂੰ ਨਾ ਦੋਹਰਾਇਆ ਜਾਵੇ ਅਤੇ ਇਸ ਵਾਰ ਵੋਟ ਭਾਜਪਾ ਨੂੰ ਪਾਇਆ ਜਾਵੇ। ਰੀਨਾ ਜੇਤਲੀ ਨੇ ਕਿਹਾ ਕਿ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਇੱਕ ਦੂਰ ਦਰਸ਼ੀ ਸੋਚ ਦੇ ਮਾਲਕ ਹਨ ਅਤੇ ਅਜੇ ਉਹ ਚੁਣਾਵ ਜਿੱਤੇ ਨਹੀਂ ਹਨ ਪਰੰਤੂ ਉਸ ਤੋਂ ਪਹਿਲਾਂ ਹੀ ਉਹਨਾਂ ਨੇ ਸਥਾਨਕ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕੋਸ਼ਿਸ਼ ਸ਼ੁਰੂ ਕਰ ਦਿੱਤੀਆਂ ਹਨ।

### ਕਿਹਾ: ਸੰਧੂ ਸਮੁੰਦਰੀ ਦੀ ਜਿੱਤ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਨਿਭਾਵੇਗੀ ਅਹਿਮ ਭੂਮਿਕਾ

ਚੋਣ ਜਿੱਤਣ ਤੋਂ ਬਾਅਦ ਉਹ ਜੀਅ ਜਾਨ ਨਾਲ ਅੰਮ੍ਰਿਤਸਰ ਦੀ ਸੇਵਾ ਲਈ ਜੁੱਟ ਜਾਣਗੇ ਅਤੇ ਜਿਵੇਂ ਉਹਨਾਂ ਨੇ ਅੰਮ੍ਰਿਤਸਰ ਦੇ ਲਈ ਵਿਜ਼ਨ ਤਿਆਰ ਕੀਤਾ ਹੈ ਉਸਦੇ ਮੁਤਾਬਿਕ ਕੰਮ ਹੋਣਾ ਸ਼ੁਰੂ ਹੋ ਜਾਵੇਗਾ। ਉੱਥੇ ਸੰਧੂ ਸਮੁੰਦਰੀ ਦੀ ਭਤੀਜੀ ਨੀਨਾ ਨੇ ਕਿਹਾ ਕਿ ਬਤੌਰ ਰਾਜਦੂਤ ਸੰਧੂ ਸਮੁੰਦਰੀ ਵੱਲੋਂ ਭਾਰਤ ਅਤੇ ਅਮਰੀਕਾ ਦੇ ਰਿਸ਼ਤਿਆਂ ਨੂੰ ਸੁਧਾਰਨ ਦੇ ਲਈ ਬਹੁਤ ਕੰਮ ਕੀਤਾ ਗਿਆ ਹੈ। ਜਿਸ ਦਾ ਜ਼ਿਕਰ ਹਾਲ ਹੀ ਵਿੱਚ ਪ੍ਰਧਾਨਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਵੱਲੋਂ ਲੱਖਾਂ ਲੋਕਾਂ ਦੇ ਸਾਹਮਣੇ ਆਪਣੇ ਭਾਸ਼ਣ ਦੇ ਦੌਰਾਨ ਕਹੀ। ਉਹਨਾਂ ਕਿਹਾ ਕਿ ਸੰਧੂ ਸਮੁੰਦਰੀ ਅਸਲ ਵਿੱਚ ਪੰਜਾਬ ਨੂੰ ਨਸ਼ੇ ਦੀ ਦਲਦਲ ਤੋਂ ਬਾਹਰ ਕੱਢਣਾ ਚਾਹੁੰਦੇ ਹਨ ਅਤੇ ਰੁਜ਼ਗਾਰ ਦੇ ਸਾਧਨ ਪੈਦਾ ਕਰਨਾ ਚਾਹੁੰਦੇ ਹਨ। ਉਨਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਇਸ ਵਾਰ ਭਾਜਪਾ ਦੇ ਪੱਖ ਵਿੱਚ ਵੋਟ ਕਰਨ ਅਤੇ ਪਿਛਲੀਆਂ ਗਲਤੀਆਂ ਨੂੰ ਸੁਧਾਰਨ। ਇਸ ਦੌਰਾਨ ਮਹਿਲਾਵਾਂ ਵੱਲੋਂ "ਜੋ ਰਾਮ ਕੋ ਲਾਇ ਹੈ, ਹਮ ਉਨ ਕੋ ਲਾਏਗੇ" ਭਜਨ ਗਾ ਕੇ ਆਪਣੇ ਸਮਰਥਨ ਨੂੰ ਜਾਹਿਰ ਕੀਤਾ।

# ਪੰਜਾਬ ਅਤੇ ਮਨੁੱਖਤਾ ਦੇ ਹੱਕਾਂ ਦੀ ਰਾਖੀ ਲਈ ਭਾਈ ਅੰਮ੍ਰਿਤਪਾਲ ਸਿੰਘ, ਸਰਬਜੀਤ ਮਲੋਆ, ਛੰਦੜਾਂ, ਸਿਮਰਨਜੀਤ ਸਿੰਘ ਮਾਨ ਸਮੇਤ ਪੰਥਕ ਉਮੀਦੁਆਰਾ ਨੂੰ ਜਿੱਤਾ ਕੇ ਪੰਥਕ ਆਵਾਜ਼ ਕੀਤੀ ਜਾਏ ਬੁਲੰਦ: ਭਾਈ ਭਿਓਰਾ/ ਤਾਰਾ

### ਭਾਰਤੀ ਸੰਵਿਧਾਨ ਵਿੱਚ ਸਾਡਾ ਕੋਈ ਵਿਸ਼ਵਾਸ ਨਹੀਂ ਹੈ ਪਰ ਚੋਣਾਂ ਵਾਲਾ ਪਿੜ ਅਸੀਂ ਕਦੇ ਵੀ ਖਾਲੀ ਨਹੀਂ ਛੱਡ ਸਕਦੇ




**ਨਵੀਂ ਦਿੱਲੀ 27 ਮਈ (ਮਨਪ੍ਰੀਤ ਸਿੰਘ ਖਾਲਸਾ)**:-ਦੇਸ਼ ਅੰਦਰ ਇਸ ਸਮੇਂ ਚੋਣਾਂ ਚਲ ਰਹੀਆਂ ਹਨ ਜਿਸ ਵਿਚ ਭਾਜਪਾ ਅਤੇ ਵਿਰੋਧੀ ਉਮੀਦੁਆਰਾ ਵਿਚ ਫਸਵਾ ਮੁਕਾਬਲਾ ਚਲ ਰਿਹਾ ਹੈ। ਪੰਜਾਬ ਅੰਦਰ ਜਿੱਥੇ ਧੁਰੰਧਰ ਰਾਜਨੀਤਿਕ ਆਪਣੀ ਕਿਸਮਤ ਅਜਮਾ ਰਹੇ ਹਨ ਉੱਥੇ ਹੀ ਪੰਥ ਲਈ ਆਪਾ ਵਾਰਣ ਵਾਲੇ ਭਾਈ ਬੇਅੰਤ ਸਿੰਘ ਤੇ ਸਪੁੱਤਰ ਭਾਈ ਸਰਬਜੀਤ ਸਿੰਘ ਮਲੋਆ, ਨਸ਼ੇ ਦੇ ਵਿਰੋਧ ਵਿਚ ਅਤੇ ਬਾਣੀ ਬਾਣੇ ਦਾ ਪ੍ਰਚਾਰ ਕਰਣ ਵਾਲੇ ਐਨ ਐਸ ਏ ਅੱਧੀਨ ਦਿਬਰੂਗੜ੍ਹ ਜੇਲ੍ਹ ਅੰਦਰ ਬੰਦ ਭਾਈ ਅੰਮ੍ਰਿਤਪਾਲ ਸਿੰਘ, ਬੁਢਾ ਜਰਨੈਲ ਸਰਦਾਰ ਸਿਮਰਨਜੀਤ ਸਿੰਘ ਮਾਨ, ਸ਼ਹੀਦ ਭਾਈ ਰਛਪਾਲ ਸਿੰਘ ਛੰਦੜਾ ਦੇ ਸਪੁੱਤਰ ਭਾਈ ਅੰਮ੍ਰਿਤਪਾਲ ਸਿੰਘ ਛੰਦੜਾ ਵੀ ਆਪਣੀ ਕਿਸਮਤ ਅਜਮਾ ਰਹੇ ਹਨ। ਬੁੜੈਲ ਜੇਲ੍ਹ ਅੰਦਰ ਨਜ਼ਰਬੰਦ ਭਾਈ ਪਰਮਜੀਤ ਸਿੰਘ ਭਿਓਰਾ ਅਤੇ ਭਾਈ ਜਗਤਾਰ ਸਿੰਘ ਤਾਰਾ ਨੇ ਇਨ੍ਹਾਂ ਪੰਥਕ ਉਮੀਦੁਆਰਾ ਦੇ ਹਕ. ਵਿਚ ਪੰਜਾਬ ਵਾਸੀਆਂ ਨੂੰ ਵੋਟ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸਿੱਖ ਧਰਮ 'ਚ ਧਰਮ ਤੇ ਰਾਜਨੀਤੀ ਦਾ ਸੁਮੇਲ ਬਾਕੀ ਧਰਮਾਂ ਤੇ ਰਾਜਨੀਤਕ ਪ੍ਰਣਾਲੀਆਂ ਤੋਂ ਵਿਲੱਖਣ ਅਤੇ ਨਿਆਰਾ ਹੈ। ਰਾਜਨੀਤੀ ਸਿੱਖਾਂ ਲਈ ਅਛੂਤ ਨ੍ਹੀ ਹੈ ਅਤੇ ਨਾ ਹੀ ਇਤਿਹਾਸ ਵਿੱਚ ਕਦੇ ਰਹੀ ਸੀ। ਜੇਕਰ ਰਾਜਨੀਤੀ ਸਿੱਖਾਂ ਲਈ ਅਛੂਤ ਹੁੰਦੀ ਤਾਂ ਸ੍ਰੀ ਅਕਾਲ ਤੱਖਤ ਸਾਹਿਬ ਤੋਂ ਸ੍ਰੋਮਣੀ ਅਕਾਲੀ ਦਲ ਦਾ ਗਠਨ ਨ੍ਹੀਂ ਸੀ ਹੋ ਸਕਦਾ, ਜੇ ਰਾਜਨੀਤੀ ਅਛੂਤ ਹੁੰਦੀ ਤਾਂ ਗੁਰੂ ਗੋਬਿੰਦ ਸਿੰਘ ਜੀ ਆਪਣੇ 52 ਬਚਨਾਂ ਵਿੱਚ ਰਾਜਨੀਤੀ ਪੜ੍ਹਨ ਦਾ ਜ਼ਿਕਰ ਨਹੀਂ ਸੀ ਕਰ ਸਕਦੇ, ਜੇ ਰਾਜਨੀਤੀ ਅਛੂਤ ਹੁੰਦੀ ਤਾਂ ਪੀਰੀ ਨਾਲ 'ਮੀਰੀ' ਦਾ ਸਿਧਾਂਤ ਹੋਂਦ ਵਿੱਚ ਨ੍ਹੀਂ ਸੀ ਆ ਸਕਦਾ! ਸੰਘਰਸ਼ ਬਹੁਤ ਵਾਰ ਸਥਿਤੀਆਂ ਅਤੇ ਸਮੀਕਰਣਾਂ ਅਨੁਸਾਰ ਅਹਿਮ ਮੋੜ ਕੱਟਦੇ ਹਨ 'ਅਤੇ ਸਾਨੂੰ ਸਥਿਤੀ ਦੇ ਹਿਸਾਬ ਨਾਲ ਆਪਣੀ ਰਣਨੀਤੀ ਉਲੀਕਣੀ ਚਾਹੀਦੀ ਹੈ। ਬੇਸ਼ੱਕ ਭਾਰਤੀ ਸੰਵਿਧਾਨ ਵਿੱਚ ਸਾਡਾ ਕੋਈ ਵਿਸ਼ਵਾਸ ਨਹੀਂ ਹੈ ਪਰ ਚੋਣਾਂ ਵਾਲਾ ਪਿੜ ਅਸੀਂ ਕਦੇ ਵੀ ਖਾਲੀ ਨ੍ਹੀਂ ਛੱਡ ਸਕਦੇ। ਸੰਘਰਸ਼ ਲੜਨ ਦੇ ਬਹੁਤ ਸਾਰੇ ਤਰੀਕੇ ਹੁੰਦੇ ਹਨ ਜਿਵੇਂ ਇੱਕ ਪਿੰਜਰੇ ਨੂੰ ਭੰਨਣ ਲਈ ਬਹੁਤ ਬੰਦੇ ਯਤਨ ਕਰ ਰਹੇ ਹੋਣ ਅਤੇ ਵੱਖ ਵੱਖ ਤਰੀਕੇ ਅਪਨਾਉਣ, ਸੋ ਉਥੇ ਤਰੀਕਾ ਮਾਇਨੇ ਨ੍ਹੀਂ ਰੱਖਦਾ ਸਗੋਂ ਪਿੰਜਰੇ ਦਾ ਟੁੱਟਣਾ ਮਾਇਨੇ ਰੱਖਦਾ ਹੈ। ਫਰੀਦਕੋਟ, ਖਡੂਰ ਸਾਹਿਬ ਅਤੇ ਲੁਧਿਆਣੇ ਵਾਲਿਓ ਕੱਲਾ ਪੰਜਾਬ ਹੀ ਨਹੀ ਦੁਨੀਆ ਭਰ ਦੀ ਨਿਗਾਹ ਤੁਹਾਡੀਆਂ ਸੀਟਾਂ ਉਤੇ ਹੈ ਭਾਈ ਅੰਮ੍ਰਿਤਪਾਲ ਸਿੰਘ, ਸਰਬਜੀਤ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਛੰਦੜਾ ਨੂੰ ਜਿੱਤਾ ਕੇ ਪੰਥ ਦੀ ਆਵਾਜ਼ ਨੂੰ ਬੁਲੰਦ ਕਰਣਾ ਤੁਹਾਡੇ ਹੱਥਾਂ ਵਿਚ ਹੈ ਇਸ ਲਈ ਸੰਗਤਾਂ ਨੂੰ ਬੇਨਤੀ ਹੈ ਕਿ ਆਉਣ ਵਾਲੀਆਂ ਚੋਣਾਂ ਵਿੱਚ ਕੌਮੀ ਸੰਘਰਸ਼ ਅਤੇ ਅਜ਼ਾਦ ਰਾਜ ਦੀ ਗੱਲ ਕਰਨ ਵਾਲੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਰਦਾਰ ਸਿਮਰਨਜੀਤ ਸਿੰਘ ਮਾਨ ਸਮੇਤ ਉਨ੍ਹਾਂ ਦੇ ਸਮੂੰਹ ਉਮੀਦਵਾਰਾਂ ਨੂੰ ਭਾਰੀ ਗਿਣਤੀ ਅੰਦਰ ਵੋਟ ਪਾਕੇ ਕਾਮਯਾਬ ਬਣਾਓ ਤਾਂ ਜੋ ਇਹ ਪਿੜ ਪੰਥ ਦੇ ਹੱਕ 'ਚ ਭੁਗਤੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਕਾਗਰਸ ਆਪ ਤੇ ਭਾਜਪਾ ਦਾ ਗਠਜੋੜ ਤੋੜਨਾ ਚਾਹੁੰਦਾ : ਜਥੇਦਾਰ ਕਰਨੈਲ ਸਿੰਘ ਪੀਰ ਮੁਹੰਮਦ





**ਮੱਖੂ, 27 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ ਕਰਨੈਲ ਸਿੰਘ ਪੀਰਮੁਹੰਮਦ ਵੱਲੋ ਪਿਛਲੇ ਕਈ ਦਿਨਾ ਤੋ ਸਾਬਕਾ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਮੈਂਬਰ ਪਾਰਲੀਮੈਂਟ ਲਈ ਹਲਕਾ ਬਠਿੰਡਾ ਦੇ ਵੱਖ-ਵੱਖ ਪਿੰਡਾਂ ਵਿੱਚ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ਅੱਜ ਹਲਕਾ ਮੌੜ ਦੇ ਪਿੰਡ ਪੀਰਕੋਟ ਵਿਖੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਹਲਕਾ ਇੰਚਾਰਜ ਮੋੜ ਸ੍ ਜਨਮੇਜਾ ਸਿੰਘ ਸੇਖੋਂ ਨਾਲ ਮੀਟਿੰਗ ਕੀਤੀ ਤੇ ਹਲਕਾ ਬਠਿੰਡਾ ਅੰਦਰ ਚੱਲ ਰਹੇ ਚੋਣ ਪ੍ਰਚਾਰ ਵਿੱਚ ਹੋਰ ਸਰਗਰਮ ਭੂਮਿਕਾ ਨਿਭਾਉਣ ਲਈ ਰਣਨੀਤੀ ਬਣਾਈ । ਸ਼੍ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਸ੍ ਬਲਵਿੰਦਰ ਸਿੰਘ ਭੂੰਦੜ ਵੱਲੋ ਹਲਕਾ ਸਰਦੂਲਗੜ੍ਹ ਦੇ ਤਕਰੀਬਨ ਅੱਠ ਪਿੰਡਾ ਵਿੱਚ ਪ੍ਰਚਾਰ ਲਈ ਪਾਰਟੀ ਦੇ ਜਨਰਲ ਸਕੱਤਰ ਅਤੇ ਬੁਲਾਰੇ ਜਥੇਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਆਪਣੀ ਪਾਰਟੀ ਦੀ ਲੋਕ ਸਭਾ ਹਲਕਾ ਬਠਿੰਡਾ ਤੋਂ ਉਮੀਦਵਾਰ ਬੀਬਾ ਹਰਸਿਮਰਤ ਕੌਰ ਬਾਦਲ ਸਾਬਕਾ ਕੇਂਦਰੀ ਮੰਤਰੀ ਦੇ ਹੱਕ ਵਿੱਚ ਹਲਕੇ ਦੇ ਵੱਖ-ਵੱਖ ਪਿੰਡ ਕੋਟ ਧਰਮੁ, ਨੰਗਲ ਕਲਾਂ, ਨੰਗਲ ਖੁਰਦ, ਸੰਘਾ, ਖਰਾਂਗਣਾ, ਝੰਡਾ ਕਲਾਂ, ਮੌਜੀਆ ਵਿੱਚ ਲਗਾਤਾਰ ਚੋਣ ਪ੍ਰਚਾਰ ਮੁਹਿੰਮ ਸੁਰੂ ਕੀਤੀ ਹੋਈ ਹੈ । ਇੱਥੇ ਦੱਸਣਯੋਗ ਹੈ ਕਿ ਇਸ ਜਨ ਸਭਾਵਾਂ ਵਿੱਚ ਲੋਕਾਂ ਦਾ ਹੁੰਗਾਰਾ ਬਹੁਤ ਸਕਾਰਾਤਮਕ ਅਤੇ ਉਤਸ਼ਾਹਜਨਕ ਹੈ । ਇਸ ਮੌਕੇ ਜਥੇਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਪੰਜਾਬ ਦੇ ਹਿੱਤਾਂ ਦੀ ਨੁਮਾਇੰਦਗੀ ਕਰਨ ਵਾਲੀ ਖ਼ੇਤਰੀ ਪਾਰਟੀ ਵਜੋਂ ਸ਼੍ਰੋਮਣੀ ਅਕਾਲੀ ਦਲ ਦੀ ਵੱਖਰੀ ਪਛਾਣ ਅਤੇ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀ ਆਲੋਚਨਾ ਕਰਦੇ ਹੋਏ, ਉਨ੍ਹਾਂ ਨੂੰ ਇੱਕੋ ਸਿੱਕੇ ਦੇ ਦੋ ਪਹਿਲੂਆਂ ਨਾਲ ਤੁਲਨਾ ਕੀਤੀ ਅਤੇ ਨਾਲ ਹੀ ਭਾਜਪਾ ਨੂੰ ਪੰਜਾਬ ਵਿਰੋਧੀ ਕਰਾਰ ਦਿੱਤਾ। ਉਨ੍ਹਾਂ ਦ੍ਰਿੜਤਾ ਨਾਲ ਕਿਹਾ ਕਿ ਦਿੱਲੀ ਤੋਂ ਰਿਮੋਟ ਕੰਟਰੋਲ ਵਾਲੀਆਂ ਪਾਰਟੀਆਂ ਕਦੇ ਵੀ ਸੂਬੇ ਦੇ ਹਿੱਤਾਂ ਦੀ ਪੂਰਤੀ ਨਹੀਂ ਕਰ ਸਕਦੀਆਂ। ਜਥੇਥਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਸ਼੍ਰੋਮਣੀ ਅਕਾਲੀ ਦਲ ਦੀ ਪੰਜਾਬ ਦੀ ਭਲਾਈ ਅਤੇ ਤਰੱਕੀ ਲਈ ਵਚਨਬੱਧਤਾ ਨੂੰ ਉਜਾਗਰ ਕੀਤਾ ਅਤੇ ਇਲਾਕੇ ਦੇ ਲੋਕਾਂ ਨਾਲ ਪਾਰਟੀ ਦੇ ਡੂੰਘੇ ਸਬੰਧਾਂ ਬਾਰੇ ਚਾਨਣਾ ਪਾਇਆ। ਪਾਰਟੀ ਦੇ ਇੱਕ ਤਜ਼ਰਬੇਕਾਰ ਆਗੂ ਅਤੇ ਜਨਰਲ ਸਕੱਤਰ ਵਜੋਂ, ਉਨ੍ਹਾਂ ਪੰਜਾਬ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਅਤੇ ਸੂਬੇ ਦੇ ਅਧਿਕਾਰਾਂ ਦੀ ਵਕਾਲਤ ਕਰਨ ਲਈ ਅਕਾਲੀ ਦਲ ਦੇ ਸਮਰਪਣ ਦੀ ਦ੍ਰਿੜਤਾ ਨਾਲ ਪੁਸ਼ਟੀ ਕੀਤੀ। ਉਹਨਾ ਨਾਲ ਇਸ ਸਮੇ ਸੀਨੀਅਰ ਯੂਥ ਆਗੂ ਗੁਰਲਾਲ ਸਿੰਘ ਭੰਗੂ , ਭਾਈ ਭਵਨਦੀਪ ਸਿੰਘ, ਰਜਿੰਦਰ ਸਿੰਘ , ਗੁਰਦੀਪ ਸਿੰਘ ਚੱਕ , ਜਗਜੀਤ ਸਿੰਘ ਜੱਗੀ ਚੋਹਲਾ ਗਗਨਦੀਪ ਸਿੰਘ ਰਿਆੜ, ਬੂਟਾ ਸਿੰਘ ਭੁੱਲਰ, ਹਰਦਿੱਤ ਸਿੰਘ , ਜਗਿੰਦਰ ਸਿੰਘ ਜੋਗੀ, ਵਰਦੀਪ ਸਿੰਘ ਔਲਖ ਹਰਜਿੰਦਰ ਸਿੰਘ ਸੰਘਾ , ਸਮੇਤ ਅਨੇਕਾ ਸੀਨੀਅਰ ਵਰਕਰ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਵਰ੍ਹੇਗੰਢ ਮੁਬਾਰਕ







ਪੱਤਰਕਾਰ ਰੇਸ਼ਮ ਸਿੰਘ ਦਾਦੂ ਅਤੇ ਰਾਜਪ੍ਰੀਤ ਕੌਰ ਨੇ ਆਪਣੇ ਵਿਆਹ ਦੀ 22ਵੀਂ ਵਰ੍ਹੇਗੰਢ ਮਨਾਈ। ਅਦਾਰਾ ਆਵਾਜ਼ਿ ਕੌਮ ਵਲੋਂ ਜੋੜੀ ਨੂੰ ਲੱਖ-ਲੱਖ ਵਧਾਈਆਂ।

ਆਵਾਜ਼ਿ ਕੌਮ AWAZE QAUM International Newspaper & WEB TV



2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ

# ਜ਼ਿਲ੍ਹਾ ਤਰਨਤਾਰਨ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ

## ਪਿੰਡ ਕਲਸੀਆਂ ਕਲਾ, ਅਲਗੋਂ ਖੁਰਦ,ਵਾਂ ਬਾਬਾ ਤਾਰਾ ਸਿੰਘ, ਭਾਈ ਲੱਧੂ ਅਤੇ ਹੋਰ ਨਗਰਾਂ ਵਿੱਚ ਸੰਗਤਾਂ ਨੂੰ ਮਿਲ ਕੇ 2 ਜੂਨ ਨੂੰ ਪਿੰਡ ਰੋਡੇ ਪਹੁੰਚਣ ਲਈ ਬੇਨਤੀ ਕੀਤੀ ਅਤੇ ਸੱਦਾ ਪੱਤਰ ਦਿੱਤੇ ਗਏ
















ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 20ਵੀ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ 2 ਜੂਨ ਐਤਵਾਰ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਿਲਾ ਮੋਗਾ ਵਿਖੇ ਬਹੁਤ ਉਚ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜ਼ਿਲ੍ਹਾ ਤਰਨਤਾਰਨ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਸਾਹਿਬਾਨਾਂ ਵੱਲੋਂ ਜੰਗੀ ਪੱਧਰ ਤੇ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ।ਜਥੇਬੰਦੀ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ, ਜਥੇਦਾਰ ਵਜੀਰ ਸਿੰਘ ਜੀ ਵਾਂ ਬਾਬਾ ਤਾਰਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਧਾਰਮਿਕ ਵਿੰਗ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਵੱਲੋਂ ਪਿੰਡ ਕਲਸੀਆਂ ਕਲਾ, ਅਲਗੋਂ ਖੁਰਦ,ਵਾਂ ਬਾਬਾ ਤਾਰਾ ਸਿੰਘ, ਭਾਈ ਲੱਧੂ ਅਤੇ ਹੋਰ ਨਗਰਾਂ ਵਿੱਚ ਸੰਗਤਾਂ ਨੂੰ ਮਿਲ ਕੇ 2 ਜੂਨ ਨੂੰ ਪਿੰਡ ਰੋਡੇ ਪਹੁੰਚਣ ਲਈ ਬੇਨਤੀ ਕੀਤੀ ਅਤੇ ਸੱਦਾ ਪੱਤਰ ਦਿੱਤੇ ਗਏ। ਪਿੰਡਾਂ ਦੀਆਂ ਸੰਗਤਾਂ ਨੇ ਵਿਸ਼ਵਾਸ ਦਵਾਇਆ ਕਿ ਵੱਧ ਤੋਂ ਵੱਧ ਸੰਗਤਾਂ 2 ਜੂਨ ਨੂੰ ਪਿੰਡ ਰੋਡੇ ਪਹੁੰਚਣਗੀਆਂ।ਇਸ ਮੌਕੇ ਬਾਬਾ ਹਰਜਿੰਦਰ ਸਿੰਘ ਜੀ ਮੁੱਖ ਗ੍ਰੰਥੀ ਵਾਂ ਬਾਬਾ ਤਾਰਾ ਸਿੰਘ, ਭਾਈ ਜੁਗਰਾਜ ਸਿੰਘ ਜੀ ਵਾਂ , ਬਾਬਾ ਹਰਜਿੰਦਰ ਸਿੰਘ ਜੀ ਮੁੱਖ ਸੇਵਾਦਾਰ ਬਾਬਾ ਸਿਧਾਣਾ ਜੀ ਵਾਂ, ਸ੍ਰ ਇੰਦਰਜੀਤ ਸਿੰਘ ਕਲਸੀਆਂ ITI ਵਾਲੇ, ਸ੍ਰ ਪਿੰਦਰ ਸਿੰਘ ਵਾਂ, ਬਾਬਾ ਰਣਜੀਤ ਸਿੰਘ ਜੀ ਭਾਈ ਲੱਧੂ, ਬਾਬਾ ਹਰਦੇਵ ਸਿੰਘ ਇਕਾਈ ਪ੍ਰਧਾਨ ਭੈਣੀ ਮੱਸਾ ਸਿੰਘ, ਸ੍ਰ ਗੁਰਸੇਵਕ ਸਿੰਘ ਲੱਧੂ, ਬਾਬਾ ਸਤਨਾਮ ਸਿੰਘ ਜੀ ਅਲਗੋਂ ਖੁਰਦ, ਸ੍ਰ ਗੁਰਵੰਤ ਸਿੰਘ ਜੀ ਗੱਬਰ ਅਲਗੋਂ, ਸ੍ਰ ਗੁਰਬਖਸ਼ ਸਿੰਘ ਅਤੇ ਹੋਰ ਸਮੂਹ ਪਤਵੰਤੇ ਹਾਜਰ ਸਨ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਤਾਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਮਨਾਉਣ ਲਈ ਇੰਟਰਨੈਸ਼ਨਲ ਪੰਥਕ ਦਲ ਵੱਲੋਂ

# ਸੰਤ ਬਾਬਾ ਸੁੱਚਾ ਸਿੰਘ ਜੀ ਨਾਨਕਸਰ ਠਾਠ ਨੂੰ ਸੱਦਾ ਪੱਤਰ ਦਿੱਤਾ ਗਿਆ



ਵੀਹਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਮਨਾਏ ਜਾ ਰਹੇ ਜਨਮ ਦਿਹਾੜੇ ਸਬੰਧੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਜ਼ੋਰਦਾਰ ਤਿਆਰੀਆਂ ਅਤੇ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸੇ ਮੁਹਿੰਮ ਤਹਿਤ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਆਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਦੀ ਅਗਵਾਈ ਹੇਠ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਧਾਰਮਿਕ ਸਥਾਨਾਂ ਦੇ ਮੁਖੀ ਸੰਤ ਮਹਾਂਪੁਰਖ ਅਤੇ ਸੰਗਤਾਂ ਨੂੰ ਉਤਸ਼ਾਹਿਤ ਕਰਨ ਲਈ ਡੋਰ ਟੂ ਡੋਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਚੱਲ ਰਿਹਾ ਹੈ। ਇਸ ਮੁਹਿੰਮ ਤਹਿਤ ਅੱਜ ਬਾਬਾ ਸਤਨਾਮ ਸਿੰਘ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਅਤੇ ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਆਗੂਆਂ ਜਿਨ੍ਹਾਂ ਵਿੱਚ ਜ਼ਿਲ੍ਹਾ ਪ੍ਰਧਾਨ ਭਾਈ ਮਲਕੀਤ ਸਿੰਘ ਸ਼ਾਮ ਸਿੰਘ ਵਾਲਾ, ਭਾਈ ਜੋਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ, ਅਤੇ ਭਾਈ ਇੰਦਰਜੀਤ ਸਿੰਘ ਸ਼ਾਮ ਸਿੰਘ ਵਾਲਾ ਦੇ ਸਮੇਤ ਪਿੰਡ ਛਾਂਗਾ ਖੁਰਦ ਦੇ ਗੁਰਦੁਆਰਾ ਨਾਨਕਸਰ ਠਾਠ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁੱਚਾ ਸਿੰਘ ਜੀ ਨੂੰ ਮਿਲ ਕੇ 2 ਜੂਨ ਨੂੰ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਬੇਨਤੀ ਕੀਤੀ ਗਈ ਅਤੇ ਸੱਦਾ ਪੱਤਰ ਦਿੱਤਾ ਗਿਆ। ਵੱਲੀਆਂ ਨੇ ਦੱਸਿਆ ਕਿ ਭਾਰੀ ਗਰਮੀ ਦੇ ਬਾਵਜੂਦ ਵੀ ਸੰਤਾਂ ਦਾ ਜਨਮ ਦਿਹਾੜਾ ਮਨਾਉਣ ਲਈ ਸੰਤ ਮਹਾਂਪੁਰਖਾਂ ਅਤੇ ਸੰਗਤਾਂ ਵੱਲੋਂ ਬਹੁਤ ਵੱਡਾ ਹੁੰਗਾਰਾ ਮਿਲ ਰਿਹਾ ਹੈ ਅਤੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

ਇਸ ਵਾਰ ਮਜੀਠੇ ਦਾ ਕਿਲ੍ਹਾ ਫਤਾਹ ਹੋਵੇਗਾ- ਸੰਧੂ ਸਮੁੰਦਰੀ

# ਸੰਧੂ ਸਮੁੰਦਰੀ ਨੇ ਖੁੱਲ੍ਹੀ ਜੀਪ ਵਿੱਚ ਸਵਾਰ ਹੋਕੇ ਮਜੀਠਾ 'ਚ ਰੋਡ ਸ਼ੋ ਕੀਤਾ

**ਮਜੀਠਾ/ ਅੰਮ੍ਰਿਤਸਰ 27 ਮਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਮਜੀਠਾ ਵਿਖੇ ਆਪਣੇ ਸਮਰਥਕਾਂ ਨਾਲ ਰੋਡ ਸ਼ੋ ਕਰਦਿਆਂ ਕਿਹਾ ਕਿ ਇਸ ਵਾਰ ਮਜੀਠੇ ਦਾ ਕਿਲ੍ਹਾ ਫਤਾਹ ਹੋਵੇਗਾ। ਵਿਕਾਸ ਦਾ ਮੁੱਦਾ ਮਜੀਠਾ ਦੇ ਲੋਕਾਂ ਦੇ ਦਿਲਾਂ ਨੂੰ ਟੱਚ ਕਰ ਰਿਹਾ ਹੈ। ਮਜੀਠੇ 'ਚ ਵੀ ਭਾਜਪਾ ਦੇ ਸਮਰਥਨ 'ਚ ਹਨੇਰੀ ਚੱਲਣੀ ਸ਼ੁਰੂ ਹੋ ਗਈ ਹੈ। ਲੋਕਾਂ ਨੇ ਭਾਜਪਾ ਨੂੰ ਜ਼ਿੰਮੇਵਾਰੀ ਸੌਂਪਣ ਦਾ ਮਨ ਬਣਾ ਲਿਆ ਹੈ। ਇਸ ਮੌਕੇ ਸੰਧੂ ਸਮੁੰਦਰੀ ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਨਾਲ ਖੁੱਲ੍ਹੀ ਜੀਪ ਵਿੱਚ ਸਵਾਰ ਨਜ਼ਰ ਆਏ।




ਇਸ ਰੋਡ ਸ਼ੋ ਵਿੱਚ ਭਾਰੀ ਕਾਰਾਂ, ਜੀਪਾਂ ਅਤੇ ਅਣਗਿਣਤ ਮੋਟਰਸਾਈਕਲਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਅਤਿ ਦੀ ਗਰਮੀ ਦੇ ਬਾਵਜੂਦ ਲੋਕਾਂ ਨੇ ਸੰਧੂ ਸਮੁੰਦਰੀ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਸੰਧੂ ਸਮੁੰਦਰੀ ਨੇ ਸਾਰਿਆਂ ਦੀਆਂ ਸ਼ੁਭ ਕਾਮਨਾਵਾਂ ਨੂੰ ਪ੍ਰਵਾਨ ਕਰਦਿਆਂ ਲੋਕਾਂ ਨੂੰ ਇਸ ਵਾਰ ਮਜੀਠਾ ਅਤੇ ਅੰਮ੍ਰਿਤਸਰ ਦੇ ਵਿਕਾਸ ਨੂੰ ਮੁੱਖ ਰੱਖਦੇ ਆਪਣੇ ਲਈ ਸਹੀ ਨੁਮਾਇੰਦਾ ਚੁਣਨ ਦੀ ਅਪੀਲ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਧੂ ਸਮੁੰਦਰੀ ਨੇ ਕਿਹਾ ਕਿ ਲੋਕ ਅੱਗੇ ਵਲ ਖ਼ਾਸ ਤੌਰ 'ਤੇ ਇੱਥੋਂ ਦੇ ਵਿਕਾਸ ਦੀ ਆਸ ਰੱਖਦੇ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਵਿੱਚ ਵਿਕਾਸ ਲਿਆਂਦਾ ਹੈ, ਇਹ ਵਿਕਾਸ ਅੰਮ੍ਰਿਤਸਰ ਤੇ ਮਜੀਠੇ ਵਿੱਚ ਵੀ ਲਿਆਉਣਾ ਹੈ। ਇੱਥੋਂ ਦੀ ਕਾਨੂੰਨੀ ਵਿਵਸਥਾ ਮਾੜੀ ਹੈ ਅਤੇ ਨਸ਼ਾ ਵੱਧ ਰਿਹਾ ਹੈ। ਸੰਧੂ ਸਮੁੰਦਰੀ ਡਰੱਗਜ਼ ਦੇ ਖਿਲਾਫ ਜੰਗ ਅਤੇ ਕਾਨੂੰਨ ਵਿਵਸਥਾ ਪ੍ਰਤੀ ਸਖ਼ਤ ਨਜ਼ਰ ਆਏ। ਉਨ੍ਹਾਂ ਡਰੱਗ ਰੀਹੈਬਲੀਟੇਸ਼ਨ ਹਸਪਤਾਲ ਦੀ ਸਥਾਪਨਾ ਕਰਨ ਅਤੇ ਯੂ ਐਸ ਤੋਂ ਪਾਏਦਾਰ ਨਸ਼ਾ ਛੁਡਾਊ ਦਵਾਈਆਂ ਮੁਫ਼ਤ ਮੁਹੱਈਆ ਕਰਨ, ਅੰਮ੍ਰਿਤਸਰ ਵਿੱਚ ਨਾਰਕੋਟਿਕਸ ਕੰਟਰੋਲ ਬਿਊਰੋ ਦੇ ਦਫ਼ਤਰ ਰਾਹੀਂ ਨਸ਼ੀਲੇ ਪਦਾਰਥਾਂ ਦੀ ਰੋਕਥਾਮ ਲਈ ਠੋਸ ਕਦਮ ਚੁੱਕਣ ਅਤੇ ਚੌਕਸੀ ਲਈ ਵਿਕਸਤ ਤਕਨੀਕਾਂ ਦੀ ਵਰਤੋਂ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਡੀ ਖੇਤੀ ਅਤੇ ਉਦਯੋਗ ਨੂੰ ਚੁਨੌਤੀਆਂ ਹਨ। ਸੀਵਰੇਜ ਅਤੇ ਪਾਣੀ ਦੀਆਂ ਸਮੱਸਿਆਵਾਂ ਹਨ। ਜਿਸ ਨੂੰ 10 ਸਾਲ ਪਹਿਲਾਂ ਖ਼ਤਮ ਕਰ ਦੇਣਾ ਚਾਹੀਦਾ ਸੀ। ਅੱਜ ਸੱਤ ਸਾਲ ਤੋਂ ਸਾਂਸਦ ਰਹੇ ਗੁਰਜੀਤ ਔਜਲਾ ਤੋਂ ਪੁੱਛਿਆ ਜਾਣਾ ਚਾਹੀਦਾ ਹੈ ਕਿ ਉਨ੍ਹਾਂ ਨੇ ਝੂਠੇ ਇਸ਼ਿਤਹਾਰ ਛਾਪਣ ਤੋਂ ਇਲਾਵਾ ਅੰਮ੍ਰਿਤਸਰ ਦੇ ਵਿਕਾਸ ਲਈ ਕੀ ਕੀਤਾ ਹੈ ? ਛੇ ਸਾਲਾਂ ਵਿੱਚ ਇੰਦੌਰ ਕਿੱਥੇ ਪਹੁੰਚ ਗਿਆ ਹੈ ? ਇਸੇ ਤਰ੍ਹਾਂ ਆਪ ਸਰਕਾਰ ਨੂੰ ਦੋ ਸਾਲ ਹੋ ਗਏ ਹਨ, ਤੁਸੀਂ ਜਾ ਕੇ ਪੁੱਛੋ ਕਿ ਲੋਕਾਂ ਦੀ ਹਾਲਤ ਸੁਧਰੀ ਹੈ ਜਾਂ ਵਿਗੜ ਗਈ ਹੈ। ਪ੍ਰਧਾਨ ਮੰਤਰੀ ਮੋਦੀ ਦੀਆਂ ਕਈ ਯੋਜਨਾਵਾਂ ਕਿਉਂ ਨਹੀਂ ਪਹੁੰਚੇ ਹਨ। ਅਮਰੀਕੀ ਯੂਨੀਵਰਸਿਟੀਆਂ ਵਾਂਗ ਉਹ ਸਿੱਖਿਆ ਸਾਡੇ ਇੱਥੇ ਵੀ ਪਹੁੰਚ ਜਾਣੀ ਚਾਹੀਦੀ ਸੀ। ਤਾਂ ਜੋ ਸਾਡੇ ਬੱਚਿਆਂ ਖ਼ਾਸ ਕਰਕੇ ਅੰਮ੍ਰਿਤਸਰ ਵਾਸੀਆਂ ਨੂੰ ਕਿਸੇ ਮਜਬੂਰੀ ਵਿੱਚ ਬਾਹਰ ਨਾ ਜਾਣਾ ਪਵੇ। ਪੂੰਜੀ ਨਿਵੇਸ਼ ਹੋਣਾ ਚਾਹੀਦਾ ਹੈ। ਗੁਜਰਾਤ ਵਿੱਚ ਸੈਮੀਕੰਡਕਟਰ ਫ਼ੈਕਟਰੀਆਂ ਬਣਾਈਆਂ ਜਾਣੀਆਂ ਹਨ। ਭਾਰਤ ਵਿੱਚ ਸਭ ਤੋਂ ਵੱਡੀ ਸੋਲਰ ਫ਼ੈਕਟਰੀ ਬਣਾਈ ਜਾ ਰਹੀ ਹੈ। ਇੱਥੇ ਬੱਚਿਆਂ ਨੂੰ ਸਿਖਲਾਈ ਦਿੱਤੀ ਜਾ ਸਕਦੀ ਹੈ। ਜੇਕਰ ਅੰਮ੍ਰਿਤਸਰ ਦੇ ਬੱਚੇ ਬਾਹਰ ਜਾਂਦੇ ਹਨ ਤਾਂ ਮਾਪਿਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਅਮਰੀਕਾ ਦੀਆਂ ਪ੍ਰਮੁੱਖ ਕੰਪਨੀਆਂ ਸਾਡੇ ਬੱਚਿਆਂ ਨੂੰ ਸਟਾਰਟਅੱਪ ਸ਼ੁਰੂ ਕਰਨ ਵਿੱਚ ਮਦਦ ਕਰਨ ਲਈ ਤਿਆਰ ਹਨ। ਅਮਰੀਕੀ ਪ੍ਰਵਾਸੀ ਭਾਈਚਾਰੇ ਨੇ ਅੰਮ੍ਰਿਤਸਰ ਲਈ 100 ਮਿਲੀਅਨ ਡਾਲਰ ਯਾਨੀ 850 ਕਰੋੜ ਰੁਪਏ ਇਕੱਠੇ ਕਰਕੇ ਅੰਮ੍ਰਿਤਸਰ 'ਚ ਔਰਤਾਂ ਅਤੇ ਨੌਜਵਾਨਾਂ ਦੇ ਸਟਾਰਟਅੱਪ ਸ਼ੁਰੂ ਕਰਨ ਲਈ ਭੇਜੇ ਹਨ। ਜੋ ਹੁਣ ਅੰਮ੍ਰਿਤਸਰ ਨੂੰ ਨਸ਼ਾ ਮੁਕਤ ਬਣਾਉਣ ਲਈ ਐਨ ਆਰ ਆਈ ਭਾਈਚਾਰਾ ਸਾਨੂੰ ਉਹੀ ਦਵਾਈਆਂ ਦੇਣ ਲਈ ਤਿਆਰ ਹੈ ਜੋ ਅਮਰੀਕਾ ਵਰਤ ਰਿਹਾ ਹੈ। ਉਹ ਤਕਨਾਲੋਜੀ ਅਤੇ ਪੈਸੇ ਦੀ ਮਦਦ ਨਾਲ ਅੰਮ੍ਰਿਤਸਰ ਦੀ ਗੰਦਗੀ ਨੂੰ ਸਾਫ਼ ਕਰਨ ਵਿੱਚ ਮਦਦ ਕਰਨਗੇ। ਅਜਿਹਾ ਕੁਝ ਮਜੀਠੇ ਵਿਚ ਵੀ ਕੀਤਾ ਜਾਵੇਗਾ। ਅੰਮ੍ਰਿਤਸਰ ਹਲਕੇ ਲਈ ਆਪਣੇ ਵਿਜ਼ਨ ਬਾਰੇ ਉਨ੍ਹਾਂ ਕਿਹਾ ਕਿ ਪਿਛਲੇ ਦੋ ਮਹੀਨਿਆਂ ਦੇ ਚੋਣ ਪ੍ਰਚਾਰ ਦੌਰਾਨ ਮੈਂ ਅੰਮ੍ਰਿਤਸਰ ਅਤੇ ਦਿਹਾਤੀ ਇਲਾਕੇ ਦੇ ਵੱਖ-ਵੱਖ ਮੁੱਦਿਆਂ ਨੂੰ ਸਮਝਿਆ ਹੈ। ਇਹ ਮੈਂ ਆਪਣੀ ਜ਼ਿੰਮੇਵਾਰੀ ਸਮਝਦਾ ਹਾਂ ਕਿ ਮੈਂ ਅੰਮ੍ਰਿਤਸਰ ਦੇ ਮੁੱਦਿਆਂ ਨੂੰ ਹੱਲ ਕਰਵਾਉਣ ਲਈ ਕੇਂਦਰ ਸਰਕਾਰ ਅਤੇ ਅੰਮ੍ਰਿਤਸਰ ਵਿਚਕਾਰ ਸਿੱਧਾ ਸੰਪਰਕ ਬਣਾਇਆ ਜਾਵੇ। ਸੰਧੂ ਸਮੁੰਦਰੀ ਨੇ ਕਿਹਾ ਕਿ ਅੰਮ੍ਰਿਤਸਰ ਦੇ ਸਰਵਪੱਖੀ ਵਿਕਾਸ ਲਈ ਮੋਦੀ ਸਰਕਾਰ ਤੋਂ ਸਪੈਸ਼ਲ ਪੈਕੇਜ ਲਿਆਂਦਾ ਜਾਵੇਗਾ। ਸੰਧੂ ਸਮੁੰਦਰੀ ਨੇ ਵਿਸ਼ਵ ਪੱਧਰੀ ਟਿਕਾਊ ਖੇਤੀ ਤਕਨੀਕਾਂ ਲਈ ਕੇਂਦਰ ਸਥਾਪਤ ਕਰਨ, ਖੇਤੀਬਾੜੀ ਸਹਿਕਾਰਤਾ ਸਭਾਵਾਂ ਦੇ ਸਹਿਯੋਗ ਨਾਲ ਅੰਮ੍ਰਿਤਸਰ ਵਿੱਚ ਲੂਲੂ ਦੁਆਰਾ ਇੱਕ ਲੌਜਿਸਟਿਕਸ ਅਤੇ ਫੂਡ ਪ੍ਰੋਸੈਸਿੰਗ ਕੇਂਦਰ ਸਥਾਪਤ ਕਰਨ ਤੋਂ ਇਲਾਵਾ ਫਲ਼ ਅਤੇ ਸਬਜ਼ੀਆਂ ਦੇ ਨਿਰਯਾਤ ਲਈ ਕਾਰਗੋ ਸਹੂਲਤਾਂ ਦੀ 100% ਵਰਤੋਂ, ਵੇਰਕਾ ਵਰਗੀਆਂ ਸਹਿਕਾਰੀ ਸੰਸਥਾਵਾਂ ਨੂੰ ਇੱਕ ਗਲੋਬਲ ਬ੍ਰਾਂਡ ਅਤੇ ਵਧੇਰੇ ਵੇਰਕਾ ਕੇਂਦਰ ਖੋਲ੍ਹਣ, ਐੱਮ ਐਸ ਪੀ ਅਤੇ ਕਿਸਾਨਾਂ ਦੀ ਸੁਰੱਖਿਆ ਲਈ ਫ਼ਸਲ ਬੀਮਾ ਨੀਤੀ, ਵਿਸ਼ਵ ਪੱਧਰੀ ਵੈਟਰਨਰੀ ਹਸਪਤਾਲ, ਵੱਲਾ ਸਬਜ਼ੀ ਮੰਡੀ, ਭਗਤਾਂ ਵਾਲਾ ਦਾਣਾ ਮੰਡੀ ਦਾ ਵਿਕਾਸ, ਖੇਤੀ-ਉਦਯੋਗ ਅਤੇ ਛੋਟੇ ਕਾਰੋਬਾਰਾਂ ਲਈ ਸਟਾਰਟਅੱਪ ਨੂੰ ਉਤਸ਼ਾਹਿਤ ਕਰਨ, ਦਲਿਤ ਸਮਾਜ ਦੇ ਉਥਾਨ ਲਈ ਕੰਮ ਕਰਨ, ਸੀਨੀਅਰ ਨਾਗਰਿਕਾਂ ਨੂੰ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ, ਅੰਮ੍ਰਿਤਸਰ ਵਿੱਚ ਮਾਈਕਰੋ, ਸਮਾਲ ਐਂਡ ਮੀਡੀਅਮ ਇੰਟਰਪ੍ਰਾਈਜਿਜ਼ ਹੈਲਪ ਡੈਸਕ ਸਥਾਪਤ ਕਰਨ ਦੀ ਗਲ ਕਹੀ। ਉਨ੍ਹਾਂ ਕਿਹਾ ਕਿ ਵਿਕਾਸ ਲਈ ਭਾਜਪਾ ਨੂੰ ਚੁਣ ਕੇ ਭੇਜਦੇ ਹੋ ਤਾਂ ਉਹ ਇਹ ਸਭ ਕੰਮ ਲੋਕਾਂ ਦੇ ਸਹਿਯੋਗ ਨਾਲ ਸਿਰੇ ਚੜ੍ਹਾਉਣਗੇ।

# ਚੋਣ ਰਿਹਰਸਲ ਵਿੱਚ ਸ਼ਾਮਿਲ ਨਾ ਹੋਣ ਵਾਲੇ 64 ਕਰਮਚਾਰੀਆਂ ਵਿਰੁੱਧ ਕਾਰਵਾਈ ਸ਼ੁਰੂ ਕੀਤੀ



ਜੰਡਿਆਲਾ ਗੁਰੂ, 27 ਮਈ ( ਕੁਲਵੰਤ ਸਿੰਘ ਵਿਰਦੀ) -ਸਹਾਇਕ ਚੋਣ ਅਧਿਕਾਰੀ ਜੰਡਿਆਲਾ ਗੁਰੂ ਸ੍ਰੀਮਤੀ ਗੁਰਸਿਮਰਨ ਕੌਰ ਨੇ ਖਡੂਰ ਸਾਹਿਬ ਲੋਕ ਸਭਾ ਹਲਕੇ ਦੀ ਚੋਣ ਡਿਊਟੀ ਤੋਂ ਗੈਰਹਾਜ਼ਰ ਰਹਿਣ ਵਾਲੇ ਵੱਖ ਵੱਖ ਵਿਭਾਗਾਂ ਦੇ 64 ਕਰਮਚਾਰੀਆਂ ਵਿਰੁੱਧ ਪੁਲਿਸ ਨੂੰ ਪੱਤਰ ਲਿਖ ਕੇ ਇੰਨਾ ਕਰਮਚਾਰੀਆਂ ਵਿਰੁੱਧ ਐਫਆਈਆਰ ਦਰਜ ਕਰਨ ਦੀ ਸਿਫਰਾਸ਼ ਕੀਤੀ ਹੈ। ਉਣਾਂ ਨੇ ਦੱਸਿਆ ਕਿ ਸਰਕਾਰ ਦੇ ਵੱਖ-ਵੱਖ ਵਿਭਾਗਾਂ ਜਿੰਨਾ ਦੀ ਡਿਊਟੀ ਅੱਜ ਵੋਟਾਂ ਦੀ ਰਿਹਰਸਲ ਲਈ ਲਗਾਈ ਗਈ ਸੀ, ਉਹ ਇਸ ਰਿਹਰਸਲ ਵਿੱਚ ਸ਼ਾਮਿਲ ਨਹੀਂ ਹੋਏ ਅਤੇ ਨਾ ਹੀ ਆਪਣੀ ਗੈਰ ਹਾਜ਼ਰੀ ਦਾ ਕੋਈ ਸਪਸ਼ਟੀਕਰਨ ਦਿੱਤਾ ਹੈ। ਸੋ ਇੰਨਾ ਦੀ ਡਿਊਟੀ ਪ੍ਰਤੀ ਕੁਤਾਹੀ ਦਾ ਗੰਭੀਰ ਨੋਟਿਸ ਲੈਂਦਿਆ ਇੰਨਾ ਕਰਮਚਾਰੀਆਂ ਵਿਰੁੱਧ ਲੋਕ ਪ੍ਰਤੀਨਿਧਤਾ ਐਕਟ 1951 ਅਧੀਨ ਕਾਰਵਾਈ ਕਰਨ ਲਈ ਲਿਖਿਆ ਹੈ। ਉਨਾਂ ਕਿਹਾ ਕਿ ਅੱਜ ਦੀ ਚੋਣ ਰਿਹਰਸਲ ਵਿੱਚ ਬਹੁਤ ਜ਼ਰੂਰੀ ਸਿਖਲਾਈ ਕਰਮਚਾਰੀਆਂ ਨੂੰ ਦਿੱਤੀ ਗਈ ਹੈ, ਜੋ ਕਿ ਵੋਟਾਂ ਸੁਚਾਰੂ ਰੂਪ ਨਾਲ ਨੇਪਰੇ ਚਾੜਨ ਲਈ ਜ਼ਰੂਰੀ ਸੀ ਪਰ ਇੰਨਾ ਕਰਮਚਾਰੀਆਂ ਦੀ ਗੈਰ ਹਾਜ਼ਰੀ ਨੇ ਚੋਣਾਂ ਦੀ ਤਿਆਰੀ ਵਿਚ ਰੁਕਾਵਟ ਮਹਿਸੂਸ ਕਰਵਾਈ ਹੈ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

# ਘਨੌਰੀ ਪਿੰਡ ਦੇ ਆਪ ਆਗੂਆਂ ਨੇ ਘਰ ਘਰ ਜਾ ਕੇ ਮੀਤ ਹੇਅਰ ਦੇ ਹੱਕ ਵਿੱਚ ਕੀਤਾ ਡੋਰ ਟੂ ਡੋਰ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਦੇ ਹੱਕ ਵਿੱਚ ਪਿੰਡ ਘਨੌਰੀ ਕਲਾਂ ਵਿਖੇ ਡੋਰ ਟੂ ਡੋਰ ਕਰਦਿਆਂ ਆਪ ਆਗੂ ਗੁਰਮੇਲ ਸਿੰਘ ਘਨੌਰੀ ਕਲਾਂ, ਕੇਵਲ ਸਿੰਘ ਘਨੌਰੀ, ਮਾਸਟਰ ਕੁਲਵੰਤ ਸਿੰਘ ਘਨੌਰੀ, ਜੁਗਰਾਜ ਸਿੰਘ ਘਨੌਰ, ਚਰਨਜੀਤ ਸਿੰਘ ਕਾਲੋ, ਨੱਥਾ ਸਿੰਘ, ਗੁਰਤੇਜ ਸਿੰਘ ਅਮਰਜੀਤ ਸਿੰਘ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ , ਪ੍ਰੋਫੈਸਰ ਓਕਾਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਪੰਜਾਬ , ਅੰਮ੍ਰਿਤ ਬਰਾੜ ਦਫਤਰ ਇੰਚਾਰਜ ,ਅਮੀਰ ਸਿੰਘ, ਚੇਅਰਮੈਨ ਸਤਿੰਦਰ ਸਿੰਘ ਚੱਠਾ ਦੀ ਅਗਵਾਈ ਹੇਠ ਘਨੌਰੀ ਵਿਖੇ ਘਰ ਘਰ ਜਾ ਕੇ ਗੁਰਮੀਤ ਸਿੰਘ ਮੀਤ ਹੇਅਰ ਦੇ ਹੱਕ ਵਿੱਚ ਪ੍ਰਚਾਰ ਕੀਤਾ ਗਿਆ । ਆਗੂਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੀਆਂ ਲੋਕ ਭਲਾਈ ਸਕੀਮਾਂ ਦੇ ਕਾਰਨ ਸੰਗਰੂਰ ਲੋਕ ਸਭਾ ਹਲਕੇ ਦੇ ਲੋਕ ਇਸ ਵਾਰ ਗੁਰਮੀਤ ਸਿੰਘ ਮੀਤ ਹੇਅਰ ਦੇ ਹੱਕ ਵਿੱਚ 1 ਜੂਨ ਨੂੰ ਵੋਟਾਂ ਪਾ ਕੇ ਵੱਡੇ ਮਾਰਜਨ ਨਾਲ ਜਤਾ ਕੇ ਕਾਮਯਾਬ ਬਣਾਉਣਗੇ।

# ਪੰਜਾਬ ਦੀ ਮਾਨ ਸਰਕਾਰ ਨੇ ਪੰਜਾਬੀਆਂ ਨਾਲ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ: ਸੁਖਪਾਲ ਸਿੰਘ ਖਹਿਰਾ



ਧੂਰੀ ( ਰਣਜੀਤ ਸਿੰਘ ਪੇਧਨੀ ) ਵਾਰਡ ਨੰ 20 ਦੇ ਐਮ ਸੀ ਰੁਪਿੰਦਰ ਸਿੰਘ ਗੋਰਾ ਦੀ ਅਗਵਾਈ ਹੇਠ ਇਕ ਵੱਡਾ ਇਕੱਠ ਕੀਤਾ ਗਿਆ । ਜਿਸ ਵਿੱਚ ਕਾਗਰਸ ਪਾਰਟੀ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਉਹਨਾਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਪਾਲ ਸਿੰਘ ਖਹਿਰਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬੀਆਂ ਨਾਲ ਕੀਤਾ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ। ਭੈਣਾ ਨੂੰ ਇਕ ਹਜਾਰ, ਪੰਚੀ ਸੋ ਪੈਨਸ਼ਨ, ਘਰ ਘਰ ਆਟਾ ਪਹੁੰਚਦਾ ਕਰਨਾ, ਸਸਤਾ ਰੇਤਾ ਕਿਥੇ ਆ,ਅਸਲੇ ਵਾਲੇ ਗੀਤ ਬੰਦ ਹੋ ਗਏ, ਨੀਹ ਪੱਥਰਾਂ ਤੇ ਮਿਸਤਰੀਆਂ ਦੇ ਨਾਮ, ਵੀ,ਆਈ,ਪੀ ਕਲਚਰ ਖਤਮ ਹੋ ਗਿਆ, ਇਹ ਕੰਮ ਸਰਕਾਰ ਨੇ ਤਾ ਕੀ ਕਰਨੇ ਸੀ ਮੁੱਖ ਮੰਤਰੀ ਨੇ ਤਾ ਸੂਗਰ ਮਿੱਲ ਹੀ ਬੰਦ ਕਰਵਾ ਦਿੱਤੀ । ਸੋ ਭਰਾਵੋਂ ਆਉਣ ਵਾਲੀ ਇਕ ਜੂਨ ਨੂੰ ਤੁਹਾਡੇ ਸਹਿਯੋਗ ਦੀ ਲੋੜ ਹੈ ਵੱਧ ਤੋਂ ਵੱਧ ਵੋਟਾਂ ਪਾ ਕੇ ਕਾਮਯਾਬ ਬਣਾਓ ।ਇਸ ਮੌਕੇ ਉਹਨਾਂ ਦੇ ਨਾਲ ਭੁਲਿੰਦਰ ਸਿੰਘ ਸੇਖੋਂ , ਚੇਅਰਮੈਨ ਜਗਤਾਰ ਸਿੰਘ ਤਾਰਾ ਬੇਨੜਾ, ਗੁਰਪਿਆਰ ਧੂਰਾ, ਗੁਰਬਖਸ਼ ਸਿੰਘ ਗੁੱਡੂ, ਹਰਪ੍ਰੀਤ ਸਿੰਘ ਧੀਮਾਨ, ਚਮਕੌਰ ਸਿੰਘ ਕੁੰਬੜਵਾਲ, ਸੋਨੀ ਬਾਗਰੂ, ਰਾਜੀਵ ਚੌਧਰੀ, ਹੰਸ ਰਾਜ ਗੁਪਤਾ, ਜਰਨੈਲ ਸਿੰਘ , ਸਰਪੰਚ ਮਿੱਠੂ ਲੱਡਾ, ਸਰਪੰਚ ਹਰਦੀਪ ਸਿੰਘ ਦੌਲਤਪੁਰ, ਸਰਪੰਚ ਲਛਮਣ ਸਿੰਘ ਹਾਜਰ ਸਨ।

ਸੰਤਾਂ ਦਾ ਜਨਮ ਦਿਹਾੜਾ ਮਨਾਉਣ ਸਬੰਧੀ

# ਸੰਗਤਾਂ ਵਿੱਚ ਭਾਰੀ ਉਤਸ਼ਾਹ : ਬਾਬਾ ਸਤਨਾਮ ਸਿੰਘ ਵੱਲੀਆਂ





**ਵੀਹਵੀਂ ਸਦੀ** ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਮਨਾਏ ਜਾ ਰਹੇ ਜਨਮ ਦਿਹਾੜੇ ਸਬੰਧੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਜ਼ੋਰਦਾਰ ਤਿਆਰੀਆਂ ਅਤੇ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸੇ ਮੁਹਿੰਮ ਤਹਿਤ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਆਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਦੀ ਅਗਵਾਈ ਹੇਠ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਧਾਰਮਿਕ ਸਥਾਨਾਂ ਦੇ ਮੁਖੀ ਸੰਤ ਮਹਾਂਪੁਰਖ ਅਤੇ ਸੰਗਤਾਂ ਨੂੰ ਉਤਸ਼ਾਹਿਤ ਕਰਨ ਲਈ ਡੋਰ ਟੂ ਡੋਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਚੱਲ ਰਿਹਾ ਹੈ। ਇਸ ਮੁਹਿੰਮ ਤਹਿਤ ਅੱਜ ਬਾਬਾ ਸਤਨਾਮ ਸਿੰਘ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਅਤੇ ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਆਗੂਆਂ ਜਿਨ੍ਹਾਂ ਵਿੱਚ ਜ਼ਿਲ੍ਹਾ ਪ੍ਰਧਾਨ ਭਾਈ ਮਲਕੀਤ ਸਿੰਘ ਸ਼ਾਮ ਸਿੰਘ ਵਾਲਾ, ਭਾਈ ਜੋਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ, ਅਤੇ ਭਾਈ ਇੰਦਰਜੀਤ ਸਿੰਘ ਸ਼ਾਮ ਸਿੰਘ ਵਾਲਾ ਦੇ ਸਮੇਤ ਗੁਰਦੁਆਰਾ ਨਿਹੰਗ ਸਿੰਘਾਂ ਵਾਲਾ ਮੋੜ ਦੇ ਮੁੱਖ ਸੇਵਾਦਾਰ ਬਾਬਾ ਗੁਰਮੀਤ ਸਿੰਘ ਜੀ ਨੂੰ ਮਿਲਣ ਉਪਰੰਤ ਪੰਥਕ ਵੀਚਾਰਾਂ ਕੀਤੀਆਂ ਗਈਆਂ ਅਤੇ ਉਨ੍ਹਾਂ ਨੂੰ ਸੱਦਾ ਪੱਤਰ ਦਿੱਤਾ ਗਿਆ। ਇਸ ਤੋਂ ਇਲਾਵਾ ਆਗੂਆਂ ਵੱਲੋਂ ਨਵੇਂ ਬਾਰੇ ਕੇ ਵਿਖੇ ਪਹੁੰਚ ਕੇ ਗੁਰਦੁਆਰਾ ਸ਼ਹੀਦ ਬਾਬਾ ਬੀਰ ਸਿੰਘ ਜੀ ਦੇ ਮੁੱਖ ਸੇਵਾਦਾਰ ਭਾਈ ਬੋਹੜ ਸਿੰਘ ਜੀ ਨੂੰ ਮਿਲ ਕੇ 2 ਜੂਨ ਨੂੰ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਬੇਨਤੀ ਕੀਤੀ ਗਈ ਅਤੇ ਸੱਦਾ ਪੱਤਰ ਦਿੱਤਾ ਗਿਆ। ਬਾਬਾ ਸਤਨਾਮ ਸਿੰਘ ਵੱਲੀਆਂ ਵੱਲੀਆਂ ਨੇ ਦੱਸਿਆ ਕਿ ਭਾਰੀ ਗਰਮੀ ਦੇ ਬਾਵਜੂਦ ਵੀ ਸੰਤਾਂ ਦਾ ਜਨਮ ਦਿਹਾੜਾ ਮਨਾਉਣ ਲਈ ਸੰਤ ਮਹਾਂਪੁਰਖਾਂ ਅਤੇ ਸੰਗਤਾਂ ਵੱਲੋਂ ਬਹੁਤ ਵੱਡਾ ਹੁੰਗਾਰਾ ਮਿਲ ਰਿਹਾ ਹੈ ਅਤੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਨੇ ਪੰਥਕ ਉਮੀਦਵਾਰ ਈਮਾਨ ਸਿੰਘ ਮਾਨ ਦੇ ਹੱਕ ਵਿੱਚ ਕਰਵਾਇਆ ਵੱਡਾ ਇਕੱਠ

# ਸ੍ਰੀ ਅੰਮ੍ਰਿਤਸਰ ਦੀ ਪਵਿੱਤਰਤਾ ਤੇ ਸੁੰਦਰਤਾ ਲਈ ਵਿਸ਼ੇਸ਼ ਕਾਰਜ ਕੀਤੇ ਜਾਣਗੇ



**ਅੰਮ੍ਰਿਤਸਰ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੀਤੇ ਕੱਲ੍ਹ ਸ੍ਰੀ ਅੰਮ੍ਰਿਤਸਰ ਦੇ ਝਬਾਲ ਰੋਡ ਤੇ ਸਥਿਤ ਗੁਰਬਖਸ਼ ਨਗਰ ਵਿਖੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਦੇ ਘਰ ਦੇ ਬਾਹਰ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਵਲੋਂ ਵੱਡਾ ਇਕੱਠ ਕੀਤਾ ਗਿਆ, ਜਿੱਥੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਅਤੇ ਲੋਕ ਸਭਾ ਹਲਕਾ ਸ੍ਰੀ ਅੰਮ੍ਰਿਤਸਰ ਤੋਂ ਪੰਥਕ ਉਮੀਦਵਾਰ ਸ. ਇਮਾਨ ਸਿੰਘ ਮਾਨ ਵਿਸ਼ੇਸ਼ ਤੌਰ ਤੇ ਆਪਣੇ ਸਾਥੀਆਂ ਸਮੇਤ ਪੁੱਜੇ। ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਨੌਜਵਾਨਾਂ ਅਤੇ ਇਲਾਕਾ ਨਿਵਾਸੀਆਂ ਨੇ ਬੜੀ ਗਰਮ ਜੋਸ਼ੀ ਦੇ ਨਾਲ ਸਰਦਾਰ ਇਮਾਨ ਸਿੰਘ ਮਾਨ ਦਾ ਸਵਾਗਤ ਕੀਤਾ। ਫਿਰ ਵੱਡੇ ਇਕੱਠ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਸਰਦਾਰ ਇਮਾਨ ਸਿੰਘ ਮਾਨ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ, ਸ. ਬਲਵਿੰਦਰ ਸਿੰਘ ਕਾਲਾ, ਬੀਬੀ ਰਸ਼ਿਪੰਦਰ ਕੌਰ ਗਿੱਲ ਇਸਤਰੀ ਵਿੰਗ ਜ਼ਿਲ੍ਹਾ ਪ੍ਰਧਾਨ ਅਤੇ ਵਾਰਸ ਪੰਜਾਬ ਦੇ ਆਗੂ ਭਾਈ ਹਰਮਨਦੀਪ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕੀਤਾ। ਸਰਦਾਰ ਇਮਾਨ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸੁੰਦਰਤਾ ਤੇ ਪਵਿੱਤਰਤਾ ਵੱਲ ਵਿਸ਼ੇਸ਼ ਧਿਆਨ ਰੱਖਿਆ ਜਾਵੇਗਾ, ਇਹ ਸਾਡੇ ਗੁਰੂ ਸਾਹਿਬਾਨਾਂ ਵੱਲੋਂ ਵਸਾਈ ਹੋਈ ਨਗਰੀ ਹੈ, ਇੱਥੇ ਮਹਾਨ ਇਤਿਹਾਸ ਰਚਿਆ ਗਿਆ ਹੈ, ਪਰ ਸਿਆਸਤਦਾਨਾ ਨੇ ਗੁਰੂ ਕੀ ਨਗਰੀ ਵੱਲ ਕਦੇ ਵੀ ਵਿਸ਼ੇਸ਼ ਧਿਆਨ ਨਹੀਂ ਦਿੱਤਾ। ਉਹਨਾਂ ਇਹ ਵੀ ਕਿਹਾ ਕਿ ਪਾਕਿਸਤਾਨ ਦੇ ਬਾਰਡਰ ਖੋਲਣੇ ਚਾਹੀਦੇ ਹਨ ਤਾਂ ਜੋ ਉਹਨਾਂ ਨਾਲ ਵਪਾਰ ਦਾ ਰਾਹ ਖੁੱਲ ਸਕੇ ਅਤੇ ਕਿਸਾਨਾਂ ਨੂੰ ਵੱਡੀ ਰਾਹਤ ਮਿਲ ਸਕੇ ਤੇ ਆਰਥਿਕ ਪੱਖੋਂ ਪੰਜਾਬ ਮਜਬੂਤ ਹੋ ਸਕੇ। ਉਹਨਾਂ ਕਿਹਾ ਕਿ ਪੰਥ ਅਤੇ ਪੰਜਾਬ ਉੱਤੇ ਚਾਰੇ ਪਾਸਿਓਂ ਹਮਲੇ ਹੋ ਰਹੇ ਹਨ। ਈਮਾਨ ਸਿੰਘ ਮਾਨ ਨੇ ਮੋਦੀ ਅਤੇ ਭਾਜਪਾ ਉੱਤੇ ਖਾਸ ਤੌਰ ਤੇ ਨਿਸ਼ਾਨੇ ਲਗਾਏ, ਉਹਨਾਂ ਕਿਹਾ ਕਿ ਭਾਜਪਾ ਪੰਜਾਬ ਨੂੰ ਤਬਾਹ ਕਰਨਾ ਚਾਹੁੰਦੀ ਹੈ, ਉਹਨਾਂ ਇਹ ਵੀ ਕਿਹਾ ਕਿ ਜਿਸ ਕਾਂਗਰਸ ਨੇ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕੀਤਾ ਹੋਵੇ ਉਹ ਕਾਂਗਰਸੀ ਕਦੇ ਵੀ ਪਾਰਲੀਮੈਂਟ ਵਿੱਚ ਸਿੱਖਾਂ ਨਾਲ ਇਨਸਾਫ ਦੀ ਗੱਲ ਨਹੀਂ ਕਰ ਸਕਦੇ, ਇਸੇ ਤਰ੍ਹਾਂ ਬਰਗਾੜੀ ਅਤੇ ਬਹਿਬਲ ਕਾਂਡ ਬਾਦਲਕਿਆਂ ਨੇ ਕਰਵਾਇਆ ਸੀ ਜਿਸ ਵਿੱਚ ਉਹ ਦੋਸ਼ੀ ਹਨ। ਇਮਾਨ ਸਿੰਘ ਮਾਨ ਨੇ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਘੇਰਿਆ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਭਾਜਪਾ, ਬਾਦਲ, ਕਾਂਗਰਸ, ਝਾੜੂ ਪਾਰਟੀ ਨੂੰ ਨਕਾਰ ਕੇ ਪੰਥਕ ਉਮੀਦਵਾਰਾਂ ਨੂੰ ਜਤਾਇਆ ਜਾਵੇ, ਸਾਰੀਆਂ ਪਾਰਟੀਆਂ ਪੰਥ ਅਤੇ ਪੰਜਾਬ ਵਾਸੀਆਂ ਨੂੰ ਕੁੱਟਦੀਆਂ, ਲੁੱਟਦੀਆਂ ਹਨ, ਹੁਣ ਪੰਜਾਬ ਵਿੱਚ ਪੰਥਕ ਉਭਾਰ ਅਤੇ ਪੰਥਕ ਸ਼ਕਤੀ ਦੀ ਲੋੜ ਹੈ ਤਾਂ ਜੋ ਪੰਜਾਬ ਨੂੰ ਦੁਸ਼ਮਣ ਤਾਕਤਾਂ ਤੋਂ ਬਚਾਇਆ ਜਾ ਸਕੇ। ਉਨਾ ਕਿਹਾ ਕਿ ਚੋਣ ਨਿਸ਼ਾਨ ਬਾਲਟੀ ਨੂੰ ਵੋਟਾਂ ਪਾ ਕੇ ਮਾਨ ਦਲ ਦੇ ਉਮੀਦਵਾਰਾਂ ਨੂੰ ਕਾਮਯਾਬ ਕੀਤਾ ਜਾਵੇ। ਸਰਦਾਰ ਅੰਗਦ ਸਿੰਘ ਨੇ ਕਿਹਾ ਕਿ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਦੇ ਵਿਕਾਸ ਨੂੰ ਸਿਆਸਤਦਾਨਾਂ ਨੇ ਹਮੇਸ਼ਾ ਅਣਗੌਲਿਆਂ ਕੀਤਾ, ਪੰਥਕ ਸਖਸ਼ੀਅਤਾਂ ਦਾ ਸਿਆਸੀ ਸ਼ਕਤੀਕਰਨ ਬਹੁਤ ਜਰੂਰੀ ਹੈ, ਇਸ ਕਰਕੇ ਪੰਥਕ ਉਮੀਦਵਾਰਾਂ ਨੂੰ ਜਤਾਇਆ ਜਾਵੇ। ਬੀਬੀ ਰਸ਼ਿਪੰਦਰ ਕੌਰ ਗਿੱਲ ਨੇ ਕਿਹਾ ਕਿ ਜਿਸ ਕਾਂਗਰਸ ਨੇ ਪੰਥ ਅਤੇ ਪੰਜਾਬ ਤੇ ਕਹਿਰ ਕੀਤਾ ਉਸ ਦਾ ਹੁਣ ਤੱਕ ਖਾਤਮਾ ਹੋ ਜਾਣਾ ਚਾਹੀਦਾ ਸੀ। ਭਾਈ ਭੁਪਿੰਦਰ ਸਿੰਘ 6 ਜੂਨ ਨੇ ਭਾਜਪਾ ਅਤੇ ਝਾੜੂ ਪਾਰਟੀ ਦੀਆਂ ਕਈ ਪੋਲਾਂ ਖੋਲੀਆਂ ਅਤੇ ਸਭ ਜਥੇਬੰਦੀਆਂ ਤੇ ਸੰਗਤਾਂ ਦਾ ਧੰਨਵਾਦ ਕੀਤਾ। ਯੋਧੇ ਵੀਰ ਗਤਕਾ ਅਖਾੜਾ ਦੇ ਭਾਈ ਪਾਰਸ ਸਿੰਘ ਖਾਲਸਾ ਨੇ ਵੀ ਜੋਸ਼ੀਲੀ ਤਕਰੀਰ ਕੀਤੀ। ਸਮਾਪਤੀ ਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਸਰਦਾਰ ਇਮਾਨ ਸਿੰਘ ਮਾਨ ਦਾ ਸ਼ਾਨਦਾਰ ਸਨਮਾਨ ਕੀਤਾ ਗਿਆ। ਈਮਾਨ ਸਿੰਘ ਮਾਨ ਨੇ ਭਾਈ ਭੁਪਿੰਦਰ ਸਿੰਘ 6 ਜੂਨ ਨੂੰ ਸਿਰੋਪਾ ਪਾ ਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਿੱਚ ਵੀ ਸ਼ਾਮਿਲ ਕੀਤਾ। ਇਸ ਮੌਕੇ ਸ. ਬਲਬੀਰ ਸਿੰਘ, ਗਗਨਦੀਪ ਸਿੰਘ ਸੁਲਤਾਨਵਿੰਡ, ਮਨਪ੍ਰੀਤ ਸਿੰਘ ਮੰਨਾ, ਸੁਖਵਿੰਦਰ ਸਿੰਘ ਨਿਜਾਮਪੁਰ, ਜਸਕਰਨ ਸਿੰਘ ਪੰਡੋਰੀ, ਮਨਿੰਦਰ ਸਿੰਘ, ਮਾਸਟਰ ਅਮਰਨਾਥ, ਅਰੁਨ ਧਵਨ, ਮਾਸਟਰ ਕਾਂਸ਼ੀ ਰਾਮ, ਵਿਸ਼ਵਨਾਥ, ਕਸਤੂਰੀ ਲਾਲ, ਸੋਹਨ ਸਿੰਘ, ਰਜਿੰਦਰ ਸਿੰਘ ਕਾਲਾ, ਜੀਤ ਸਿੰਘ, ਗੁਰਮੀਤ ਸਿੰਘ ਸੂਰਜ , ਜਸਵਿੰਦਰ ਸਿੰਘ ਬਹੋੜੂ, ਰਵੀ ਸਿੰਘ, ਇੰਜੀਨੀਅਰ ਮਨਿੰਦਰ ਸਿੰਘ, ਹਰਪਾਲ ਸਿੰਘ ਬਹੋੜੂ, ਦਿਲਬਾਗ ਸਿੰਘ, ਸਰਦਾਰ ਹਰਭਜਨ ਸਿੰਘ, ਵਰਿੰਦਰ ਸਿੰਘ ਡਾਕਟਰ ਦਵਿੰਦਰ ਸਿੰਘ, ਗੁਰਵਿੰਦਰ ਸਿੰਘ, ਕਾਕਾ ਰਾਜੂ, ਸੋਨੂੰ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖਾਂ ਦੀ ਦੁਸ਼ਮਣ ਕਾਂਗਰਸ ਤੋਂ ਇਕ ਜੂਨ ਨੂੰ ਹਿਸਾਬ ਲੈਣ ਦਾ ਅਸਲ ਮੌਕਾ

☛ 4 ਜੂਨ ਨੂੰ ਚਾਹੇ ਕੋਈ ਵੀ ਪਾਰਟੀ ਜਿੱਤੇ ਪਰ ਖ਼ੁਸ਼ੀਆਂ ਨਾ ਮਨਾਈਆਂ ਜਾਣ-: ਗੁਰਜੰਟ ਸਿੰਘ ਖਾਲਸਾ ☚

ਇਸ ਦਿਨ ਦੀਆਂ ਖੁਸ਼ੀਆਂ ਤਾਂ ਇੰਦਰਾ ਗਾਂਧੀ ਤੇ ਉਸ ਦੀ ਕਾਂਗਰਸ ਨੇ 1984 ਵਿਚ ਹੀ ਮਨਾ ਲਈਆਂ ਸਨ



ਜੂਨ ਮਹੀਨਾ ਸਿੱਖ ਜਗਤ ਲਈ ਬਹੁਤ ਦਰਦਨਾਕ ਤੇ ਹੌਲਨਾਕ ਰਿਹਾ ਹੈ ਪੰਜਾਬ ਵਿਚ ਇਕ ਜੂਨ ਨੂੰ ਵੋਟਾਂ ਪੈਣੀਆਂ ਹਨ। ਪੰਜਾਬੀਆਂ, ਪੰਥ, ਬੁੱਧੀਜੀਵੀਆਂ ਅਤੇ ਹੋਰ ਚਿੰਤਾਂਵਾਨ ਲੋਕਾਂ ਅੱਗੇ ਬਹੁਤ ਹੀ ਗੰਭੀਰ ਪ੍ਰਸ਼ਨ ਖੜਾ ਹੋ ਗਿਆ ਹੈ ਕਿ ਜੇ ਇਸ ਦਿਨ ਕਾਂਗਰਸ ਨੂੰ ਜ਼ਿਆਦਾ ਵੋਟਾਂ ਪੈ ਗਈਆਂ ਤਾਂ ਪੰਜਾਬੀਆਂ ਦੀ ਮਾਨਸਿਕਤਾ ਦਾ ਦੀਵਾਲਾ ਨਿਕਲ ਜਾਵੇਗਾ। ਦੋ ਸਾਲ ਪਹਿਲਾਂ ਬੀਜੇਪੀ ਦੀ ਸਰਕਾਰ ਨੇ ਕਿਸਾਨ ਅੰਦੋਲਨ ਵਿਚ 700 ਤੋਂ ਜ਼ਿਆਦਾ ਕਿਸਾਨ ਸ਼ਹੀਦ ਕਰ ਦਿਤੇ ਸਨ, ਉਸ ਦੇ ਵਿਰੋਧ ਵਿਚ ਕਿਸਾਨਾਂ ਨੇ ਪੰਜਾਬ ਵਿਚ ਬੀਜੇਪੀ ਨੂੰ ਚੋਣ ਪ੍ਰਚਾਰ ਨਹੀਂ ਕਰਨ ਦਿਤਾ। ਬੀਜੇਪੀ ਦੇ ਲੀਡਰ ਪਿੰਡਾਂ ਵਿਚ ਨਹੀਂ ਜਾ ਸਕੇ। 34 ਸਾਲ ਪਹਿਲਾਂ ਕਾਂਗਰਸ ਦੀ ਸਰਕਾਰ ਨੇ ਹਜ਼ਾਰਾਂ ਦੀ ਗਿਣਤੀ ਵਿਚ ਸਿੱਖਾਂ ਦਾ ਕਤਲ ਕੀਤਾ। ਸਿੱਖਾਂ ਦੇ ਸਭ ਤੋਂ ਪਵਿੱਤਰ ਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਉਤੇ ਟੈਂਕਾਂ ਤੋਪਾਂ ਨਾਲ ਹਮਲਾ ਕੀਤਾ ਪਰ ਸਿੱਖ ਕਾਂਗਰਸ ਨੂੰ ਪਿੰਡਾਂ ਅਤੇ ਸ਼ਹਿਰਾਂ ਵਿਚ ਦਾਖ਼ਲ ਹੋਣ ਤੋਂ ਰੋਕ ਨਾ ਸਕੇ। ਇਹ ਅਪਣੇ ਆਪ ਵਿਚ ਇਕ ਨਿਵੇਕਲੀ ਜਿਹੜੀ ਕਹਾਣੀ ਬਣ ਜਾਂਦੀ ਹੈ ਕਿ ਜਿਸ ਜਮਾਤ ਨੇ ਸਿੱਖਾਂ ਨੂੰ ਮਾਰਿਆ ਹੋਵੇ, ਉਸੇ ਜਮਾਤ ਦੀ ਸਿੱਖਾਂ ਨੇ ਉਸ ਤੋਂ ਬਾਅਦ ਤਿੰਨ ਬਾਰ ਸਰਕਾਰ ਬਣਾ ਦਿਤੀ। ਜਾਂ ਤਾਂ ਸਿੱਖ ਇੰਦਰਾ ਗਾਂਧੀ ਤੇ ਰਾਜੀਵ ਗਾਂਧੀ ਦੇ ਸਿੱਖੀ ਅਤੇ ਸਿੱਖੀ ਦੇ ਚਿੰਨ੍ਹਾਂ ਦਾ ਖੁਰਾਖੋਜ ਮਿਟਾਉਣ ਵਾਲੇ ਫ਼ੈਸਲੇ ਨੂੰ ਸਹੀ ਮੰਨਦੇ ਹਨ ਜਾਂ ਫਿਰ ਉਹ ਕਾਂਗਰਸ ਨੂੰ ਪਿਆਰ ਹੀ ਏਨਾ ਕਰਦੇ ਹਨ ਕਿ ਉਹ ਹਜ਼ਾਰਾਂ ਸਿੱਖਾਂ ਦੀਆਂ ਜਾਨਾਂ ਲੈਣ ਦੀ ਘਟਨਾ ਨੂੰ ਜ਼ਿਆਦਾ ਗੰਭੀਰਤਾ ਨਾਲ ਨਹੀਂ ਮੰਨਦੇ। ਦੂਜੇ ਪਾਸੇ ਬਾਬਰੀ ਮਸਜਿਦ ਵਿਚ ਮੂਰਤੀਆਂ ਰਖਵਾਉਣ ਸਮੇਂ ਵੀ ਕਾਂਗਰਸ ਦੀ ਸਰਕਾਰ ਸੀ ਅਤੇ ਜਦ ਬਾਬਰੀ ਮਸਜਿਦ ਨੂੰ ਸ਼ਹੀਦ ਕੀਤਾ ਗਿਆ, ਉਦੋਂ ਵੀ ਕੇਂਦਰ ਵਿਚ ਕਾਂਗਰਸ ਦੀ ਹੀ ਸਰਕਾਰ ਸੀ। ਮੁਸਲਮਾਨ ਇਹ ਤਾਂ ਮੰਨਦੇ ਹਨ ਕਿ ਬਾਬਰੀ ਮਸਜਿਦ ਨੂੰ ਢਹਿ ਢੇਰੀ ਕਰਾਉਣ ਵਿਚ ਕਾਂਗਰਸ ਦਾ ਹੱਥ ਸੀ ਪਰ ਇਸ ਦੇ ਬਾਵਜੂਦ ਮੁਸਲਮਾਨ ਕਾਂਗਰਸ ਨੂੰ ਅੱਖਾਂ ਬੰਦ ਕਰਕੇ ਵੋਟ ਵੀ ਦੇ ਦਿੰਦੇ ਹਨ। ਹੁਣ ਕਿਉਂਕਿ ਵੋਟਾਂ ਇਕ ਜੂਨ ਨੂੰ ਪੈਣੀਆ ਹਨ, ਇਸ ਲਈ ਦੋਹਾਂ ਫ਼ਿਰਕਿਆਂ ਨੂੰ ਸੋਚ ਸਮਝ ਲੈਣਾ ਚਾਹੀਦਾ ਹੈ ਕਿ ਉਨ੍ਹਾਂ ਨੇ ਕਰਨਾ ਕੀ ਹੈ ? ਸਿੱਖਾਂ ਅਤੇ ਮੁਸਲਮਾਨਾਂ ਕੋਲ ਮੌਕਾ ਹੈ ਕਿ ਉਹ ਇਕ ਜੂਨ ਨੂੰ ਇਕਜੁਟਤਾ ਨਾਲ ਕਾਂਗਰਸ ਦਾ ਵਿਰੋਧ ਕਰਨ ਅਤੇ ਉਸ ਨੂੰ ਦੱਸਣ ਕਿ ਉਸ ਨੇ 1984 ਅਤੇ 1992 ਵਿਚ ਜੋ ਕੀਤਾ ਅਤੇ ਕਰਵਾਇਆ, ਉਸ ਨੂੰ ਸਿੱਖ ਅਤੇ ਮੁਸਲਿਮ ਕਦੇ ਭੁਲਾ ਨਹੀਂ ਸਕਣਗੇ। ਉਨ੍ਹਾਂ ਸਿੱਖਾਂ ਨੇ ਸ਼ਾਇਦ 1984 ਦੇ ਹਾਲਾਤ ਨੂੰ ਗਹੁ ਨਾਲ ਨਹੀਂ ਪੜ੍ਹਿਆ ਜਾਂ ਵਾਚਿਆ ਜਿਹੜੇ ਅੱਜ ਵੀ ਪੰਜਾਬ ਵਿਚ ਕਾਂਗਰਸ ਦਾ ਝੰਡਾ ਚੁੱਕੀ ਫਿਰਦੇ ਹਨ ਅਤੇ ਕਾਂਗਰਸ ਨੂੰ ਸਿੱਖਾਂ ਦੀ ਹਮਦਰਦ ਦੱਸ ਰਹੇ ਹਨ। ਕਾਂਗਰਸ ਦਾ ਪ੍ਰਧਾਨ ਰਾਜ ਵੜਿੰਗ, ਵਿਰੋਧੀ ਧਿਰ ਦਾ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਚਰਨਜੀਤ ਸਿੰਘ ਚੰਨੀ ਵਰਗੇ ਕਾਂਗਰਸ ਦੇ ਝੋਲੀ ਚੁੱਕ ਨੇ ਸਾਧਾਰਣ ਜਨਤਾ ਨੂੰ ਕਾਂਗਰਸ ਦੇ ਕਲਿਆਣਕਾਰੀ ਹੋਣ ਬਾਰੇ ਚਾਨ੍ਹਣਾ ਪਾਉਂਦੇ ਹਨ। ਕਾਂਗਰਸ ਕਿੰਨੀ ਕੁ ਕਲਿਆਣਕਾਰੀ ਹੈ ? ਇਹ ਦਿੱਲੀ ਅਤੇ ਕਾਨਪੁਰ ਵਿਚ ਰਹਿੰਦੇ ਉਨ੍ਹਾਂ ਸਿੱਖਾਂ ਨੂੰ ਪੁੱਛੋ ਜਿਹੜੇ ਉਸ ਸਮੇਂ ਤਸ਼ੱਦਦ ਦਾ ਸ਼ਿਕਾਰ ਹੋਏ। ਜਿਹੜੇ ਪੁਲਿਸ ਵਾਲੇ ਉਸ ਸਮੇਂ ਸਿੱਖਾਂ ਨੂੰ ਕੋਹ ਕੋਹ ਕੇ ਮਾਰਨ ਵਾਲੀਆਂ ਭੂਤਰੀਆਂ ਭੀੜਾਂ ਦੀ ਮਦਦ ਕਰ ਰਹੇ ਹਨ, ਉਹ ਪੁਲਿਸ ਵਾਲੇ ਅੱਜ ਕਾਂਗਰਸ ਦੇ ਏਜੰਟ ਬਣੇ ਹੋਏ ਹਨ ਅਤੇ ਸਿੱਖਾਂ ਨੂੰ ਵਰਗਲਾ ਰਹੇ ਹਨ। ਕਾਂਗਰਸ ਨੇ ਸਿੱਖਾਂ ਅਤੇ ਮੁਸਲਮਾਨਾਂ ਨੂੰ ਧਾਰਮਕ ਚੋਟ ਦਿਤੀ ਹੈ, ਵੋਟਰ ਹੁਣ ਕਾਂਗਰਸ ਨੂੰ ਵੋਟ ਦੀ ਚੋਟ ਦੇਣ ਤਾਕਿ ਭਵਿੱਖ ਵਿਚ ਸਿਆਸੀ ਪਾਰਟੀਆਂ ਨੂੰ ਮਨੁੱਖਤਾ ਦਾ ਘਾਣ ਕਰਨ ਤੋਂ ਰੱਖਿਆ ਜਾ ਸਕੇ। ਚਾਰ ਜੂਨ ਨੂੰ ਨਤੀਜੇ ਚਾਹੇ ਕੁੱਝ ਵੀ ਆਉਣ ਪਰ ਸੂਬੇ ਵਿਚ ਖ਼ੁਸ਼ੀਆਂ ਨਾ ਮਨਾਈਆਂ ਜਾਣ। ਸੂਬਾ ਵਾਸੀਆਂ ਨੂੰ ਢੋਲ ਢਮੱਕੇ ਵਜਾਉਣ ਅਤੇ ਭੰਗੜੇ ਪਾਉਣ ਤੋਂ ਪਿੱਛੇ ਹਟ ਜਾਣਾ ਚਾਹੀਦਾ ਹੈ। ਜੂਨ ਮਹੀਨਾ ਸਿੱਖਾਂ ਲਈ ਬਹੁਤ ਹੀ ਦਰਦਨਾਕ ਮੰਜ਼ਰ ਵਜੋਂ ਅੱਖਾਂ ਸਾਹਮਣੇ ਆਉਂਦਾ ਹੈ। ਇਸ ਲਈ ਸਿੱਖਾਂ ਦੇ ਗ਼ਮ ਵਿਚ ਸ਼ਰੀਕ ਹੁੰਦਿਆਂ ਜੂਨ ਦੇ ਪਹਿਲੇ ਹਫ਼ਤੇ ਨੂੰ ਕਾਲੇ ਹਫ਼ਤੇ ਵਜੋਂ ਮਨਾਇਆ ਜਾਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਹਰਜਿੰਦਰ ਸਿੰਘ ਜੀ ਵਾਂ ਬਾਬਾ ਤਾਰਾ ਸਿੰਘ ਦੇ ਮੁੱਖ ਗ੍ਰੰਥੀ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਪਹੁੰਚੇ



**ਅਲਗੋਂ ਕੋਠੀ, (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਗੁਰਦੁਆਰਾ ਵਾਂ ਬਾਬਾ ਤਾਰਾ ਸਿੰਘ ਜੀ ਦੇ ਮੁੱਖ ਗ੍ਰੰਥੀ ਸਤਿਕਾਰਯੋਗ ਬਾਬਾ ਹਰਜਿੰਦਰ ਸਿੰਘ ਜੀ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਪਹੁੰਚੇ।2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੇ ਸੰਬੰਧ ਵਿੱਚ ਕੁਝ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਦੱਸਿਆ ਕਿ ਵਾਂ ਬਾਬਾ ਤਾਰਾ ਸਿੰਘ ਜੀ ਤੋਂ ਤਿੰਨ ਬੱਸਾਂ ਸੰਗਤਾਂ ਦੀਆਂ 2 ਜੂਨ ਨੂੰ ਪਿੰਡ ਰੋਡੇ ਰਵਾਨਾ ਹੋਣਗੀਆਂ। ਗ੍ਰਹਿ ਵਿਖੇ ਪਹੁੰਚਣ ਤੇ ਬਾਬਾ ਹਰਜਿੰਦਰ ਸਿੰਘ ਜੀ ਦਾ ਬਾਬਾ ਸੱਜਣ ਸਿੰਘ ਜੀ ਵੱਲੋਂ ਸਿਰਪਾਉ ਦੇ ਕੇ ਸਨਮਾਨ ਕੀਤਾ ਗਿਆ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ।ਇਸ ਮੌਕੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਸ੍ਰ ਗੁਰਬਖਸ਼ ਸਿੰਘ,ਬੀਬੀ ਪਰਮਜੀਤ ਕੌਰ,ਬੀਬੀ ਜਸ਼ਨਪ੍ਰੀਤ ਕੌਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦੁਰ ਗੱਤਕਾ ਅਖਾੜਾ ਡੱਬਵਾਲੀ ਵੱਲੋਂ

# ਬੱਚਿਆਂ ਦੇ ਗੱਤਕਾ ਕੰਪੀਟੀਸ਼ਨ ਕਰਵਾਏ ਗਏ

## ਮੁੱਖ ਮਹਿਮਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਬਾਬਾ ਗੁਰਪਾਲ ਸਿੰਘ ਚੋਰਮਾਰ ਵਾਲੇ ਵਿਸ਼ੇਸ਼ ਤੌਰ ਤੇ ਪੁੱਜੇ















ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦੁਰ ਗੱਤਕਾ ਅਖਾੜਾ ਡੱਬਵਾਲੀ ਵੱਲੋਂ ਅੱਜ ਪਿੰਡ ਡੱਬਵਾਲੀ ਸਿਰਸਾ ਵਿਖੇ ਬੱਚਿਆਂ ਦੇ ਗੱਤਕਾ ਕੰਪੀਟੀਸ਼ਨ ਕਰਵਾਏ ਗਏ ਇਸ ਸਮੇਂ ਮੁੱਖ ਮਹਿਮਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਬਾਬਾ ਗੁਰਪਾਲ ਸਿੰਘ ਚੋਰਮਾਰ ਵਾਲੇ ਵਿਸ਼ੇਸ਼ ਤੌਰ ਤੇ ਪੁੱਜੇ ਬੱਚਿਆਂ ਦਾ ਇਨਾਮ ਵੰਡ ਸਮਾਰੋਹ ਕੀਤਾ ਬਾਪੂ ਮਹਿੰਦਰ ਸਿੰਘ ਡੱਬਵਾਲੀ,ਬਾਬਾ ਬਲਵਿੰਦਰ ਸਿੰਘ ਡੱਬਵਾਲੀ ਵੀ ਇਸ ਸਮੇਂ ਹਾਜ਼ਰ ਸਨ,ਜਥੇਦਾਰ ਦਾਦੂਵਾਲ ਜੀ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 51000 ਰੁਪਏ ਦੀ ਹੌਸਲਾ ਅਫਜ਼ਾਈ ਕੀਤੀ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243